ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਨਸ਼ੇ ਵਿਰੁੱਧ ਲੜਾਈ ਸਿਆਸੀ ਨਹੀਂ, ਨੌਜਵਾਨਾਂ ਦਾ ਭਵਿੱਖ ਬਚਾਉਣ ਦੀ ਮੁਹਿੰਮ ਹੈ : ਸੀਐਮ ਸੈਣੀ **03**

ਸਾਲ 1, ਅੰਕ 357 Ph (Mohali Office) : 0160-2990739; (M) : +91-98156-16078 ਮੰਗਲਵਾਰ, 22 ਸਤੰਬਰ 2026 (6 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

5 ਤਰਜੀਹਾਂ, ਇੱਕ ਮਿਸ਼ਨ: ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਸੀਐਮ ਮਾਨ ਦੀ 'ਬਿਗ 5' ਮੁਹਿੰਮ

'ਯੁੱਧ ਨਸ਼ਿਆਂ ਵਿਰੁੱਧ': ਭਗਵੰਤ ਮਾਨ ਸਰਕਾਰ ਵੱਲੋਂ ਨਸ਼ਿਆਂ ਦੀ ਸਪਲਾਈ 'ਤੇ ਰੋਕ ਲਗਾ ਕੇ ਰੋਕਥਾਮ, ਰਿਪੋਰਟਿੰਗ ਅਤੇ ਇਲਾਜ 'ਤੇ ਜ਼ੋਰ

ਦੇਸ਼ ਪ੍ਰਦੇਸ਼ **ਚੰਡੀਗੜ੍ਹ, 21 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ)** : ਸੀਐਮ ਮਾਨ ਦੀ ਅਗਵਾਈ ਹੇਠ, ਪੰਜਾਬ ਵਿੱਚ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੁਣ ਸਿਰਫ਼ ਰਵਾਇਤੀ ਪੁਲਿਸ ਕਾਰਵਾਈ ਤੱਕ ਸੀਮਤ ਨਹੀਂ ਰਹੀ, ਸਗੋਂ ਨਸ਼ਿਆਂ ਖ਼ਿਲਾਫ਼ ਪੰਜ-ਸੂਤਰੀ ਵਿਆਪਕ ਰਣਨੀਤੀ ਵਜੋਂ ਅੱਗੇ ਵੱਧ ਰਹੀ ਹੈ। ਇਸ ਤਹਿਤ ਪੁਲਿਸ, ਅਧਿਆਪਕ, ਭਾਈਚਾਰਕ ਵਲੰਟੀਅਰ, ਨੌਜਵਾਨ ਅਤੇ ਸਿਹਤ ਕਰਮਚਾਰੀ ਮਿਲ ਕੇ ਨਸ਼ਿਆਂ ਦੀ ਸਪਲਾਈ ਦੇ ਨੈੱਟਵਰਕ 'ਤੇ ਕਾਰਵਾਈ ਕਰਨ, ਨਸ਼ਿਆਂ ਦੀ ਰੋਕਥਾਮ ਕਰਨ, ਰਿਪੋਰਟਿੰਗ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਨਸ਼ਿਆਂ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣ ਲਈ ਕੰਮ ਕਰ ਰਹੇ ਹਨ।

ਸੁਨੇਹਾ ਸਪੱਸ਼ਟ ਹੈ: ਪੰਜਾਬ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਥਾਣਿਆਂ ਤੋਂ ਨਹੀਂ ਲੜੇਗਾ। ਇਹ ਲੜਾਈ ਹੁਣ ਪਿੰਡਾਂ, ਸਕੂਲਾਂ, ਕਾਲਜਾਂ, ਭਾਈਚਾਰਿਆਂ ਅਤੇ ਸਿਹਤ ਕੇਂਦਰਾਂ ਤੱਕ ਪਹੁੰਚ ਰਹੀ ਹੈ। ਜਿੱਥੇ ਪੁਲਿਸ ਨਸ਼ਿਆਂ ਦੀ ਸਪਲਾਈ ਦੇ ਨੈੱਟਵਰਕ ਨੂੰ ਤੋੜਨ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਨ ਵਿੱਚ ਜੁਟੀ ਹੋਈ ਹੈ, ਉੱਥੇ ਭਾਈਚਾਰਕ ਨੁਮਾਇੰਦੇ ਜ਼ਮੀਨੀ ਪੱਧਰ 'ਤੇ ਨਿਗਰਾਨੀ ਨੂੰ ਮਜ਼ਬੂਤ ਕਰ ਰਹੇ ਹਨ। ਇਸ ਪਹਿਲ ਦਾ ਉਦੇਸ਼ ਨਸ਼ੇ ਵੇਚਣਾ ਮੁਸ਼ਕਲ ਬਣਾਉਣਾ, ਨਸ਼ਾ ਤਸਕਰੀ ਦੀ ਸੂਚਨਾ ਦੇਣਾ ਆਸਾਨ ਬਣਾਉਣਾ ਹੈ। ਇਹ ਪੰਜ-ਸੂਤਰੀ ਰਣਨੀਤੀ ਇਨਫੋਰਸਮੈਂਟ ਅਤੇ ਰੋਕਥਾਮ ਦੇ ਨਾਲ-ਨਾਲ ਮੁੜ ਵਸੇਬੇ ਨੂੰ ਵੀ ਬਰਾਬਰ ਮਹੱਤਵ ਦਿੰਦੀ ਹੈ ਅਤੇ ਇਹ ਦਰਸਾਉਂਦੀ ਹੈ ਕਿ ਨਸ਼ਿਆਂ ਖ਼ਿਲਾਫ਼ ਲਗਾਤਾਰ ਜੰਗ ਲਈ ਸਮਾਜ ਦੇ ਹਰ ਪੱਧਰ ਦੀ ਭਾਗੀਦਾਰੀ ਜ਼ਰੂਰੀ ਹੈ ('ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਪੁਲਿਸ ਦੀ ਅਹਿਮ ਭੂਮਿਕਾ ਹੈ। ਇਸ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ, ਇਨ੍ਹਾਂ ਵਿੱਚ 3918 ਕਿਲੋਗ੍ਰਾਮ ਹੈਰੋਇਨ,991 ਕਿਲੋਗ੍ਰਾਮ ਅਫ਼ੀਮ, 47 ਟਨ ਭੁੱਕੀ, 1416 ਕਿਲੋਗ੍ਰਾਮ ਗਾਂਜਾ ਅਤੇ 65 ਲੱਖ ਗੋਲੀਆਂ ਤੇ ਕੈਪਸੂਲ ਸ਼ਾਮਲ ਹਨ।

ਇਸ ਸਮੇਂ ਦੌਰਾਨ, ਪੰਜਾਬ ਪੁਲਿਸ ਵੱਲੋਂ 79,293 ਜਨਤਕ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਰਾਹੀਂ ਨਸ਼ਿਆਂ ਖ਼ ਿਲਾਫ਼ ਮੁਹਿੰਮ ਨੂੰ ਸਿੱਧੇ ਤੌਰ 'ਤੇ ਭਾਈਚਾਰਿਆਂ ਤੱਕ ਪਹੁੰਚਾਇਆ ਗਿਆ ਅਤੇ ਨਸ਼ਿਆਂ ਖ਼ ਿਲਾਫ਼ ਲੜਾਈ ਵਿੱਚ ਆਮ ਲੋਕਾਂ ਦੀ ਭਾਗੀਦਾਰੀ ਨੂੰ ਮਜ਼ਬੂਤ ਕੀਤਾ ਗਿਆ।

'ਬਿਗ 5' ਦਾ ਦੂਜਾ ਥੰਮ੍ਹ ਰੋਕਥਾਮ 'ਤੇ ਕੇਂਦਰਿਤ ਹੈ, ਕਿਉਂਕਿ ਨਸ਼ਿਆਂ ਖ਼ਿਲਾਫ਼ ਲੜਾਈ ਉਸ ਸਮੇਂ ਸ਼ੁਰੂ ਨਹੀਂ ਹੋ ਸਕਦੀ ਜਦੋਂ ਕੋਈ ਨੌਜਵਾਨ ਪਹਿਲਾਂ ਹੀ ਨਸ਼ਿਆਂ ਦੀ ਲਤ ਦਾ ਸ਼ਿਕਾਰ ਹੋ ਚੁੱਕਾ ਹੋਵੇ।

ਇਸ ਪਹਿਲ ਤਹਿਤ ਸਕੂਲਾਂ ਅਤੇ ਕਾਲਜਾਂ ਦੇ ਪ੍ਰੋਗਰਾਮਾਂ

ਬਾਕੀ ਸਫ਼ਾ 7 'ਤੇ

ਬਠਿੰਡਾ 'ਚ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਕੇਂਦਰੀ ਮੰਤਰੀ ਸ਼ਿਵਰਾਜ ਚੌਹਾਨ ਨੇ ਆਪ 'ਤੇ ਪੰਜਾਬ ਨੂੰ ਨਸ਼ੇ ਦੇ ਮੱਕੜ ਜਾਲ 'ਚ ਧਕੱਣ ਦਾ ਲਾਇਆ ਦੋਸ਼

ਦੇਸ਼ ਪ੍ਰਦੇਸ਼

ਬਠਿੰਡਾ, 21 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਭਾਜਪਾ ਨੇ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਆਮ ਆਦਮੀ ਪਾਰਟੀ (ਆਪ) ਸਰਕਾਰ ਵਿਰੁੱਧ ਆਪਣਾ ਸਿਆਸੀ ਹਮਲਾ ਤੇਜ਼ ਕਰ ਦਿੱਤਾ ਹੈ। ਸੋਮਵਾਰ ਨੂੰ ਬਠਿੰਡਾ ਦੇ ਤਲਵੰਡੀ ਸਾਬੋ ਤੋਂ ਭਾਜਪਾ ਦੀ 'ਨਸ਼ਾ-ਮੁਕਤ ਪੰਜਾਬ ਯਾਤਰਾ' ਦੇ ਚੌਥੇ ਪੜਾਅ ਦੀ ਸ਼ੁਰੂਆਤ ਕਰਦਿਆਂ, ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ 'ਆਪ' ਸਰਕਾਰ 'ਤੇ ਗੰਭੀਰ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣਾ ਭਾਜਪਾ ਦਾ ਸੰਕਲਪ ਹੈ ਅਤੇ ਜੇਕਰ ਪਾਰਟੀ ਸੱਤਾ ਵਿੱਚ ਆਉਂਦੀ ਹੈ, ਤਾਂ ਨਸ਼ਿਆਂ ਦੇ ਪੂਰੇ ਨੈੱਟਵਰਕ ਨੂੰ ਛੇ ਮਹੀਨਿਆਂ ਦੇ ਅੰਦਰ-ਅੰਦਰ ਖਤਮ ਕਰ ਦਿੱਤਾ ਜਾਵੇਗਾ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਸੰਦੇਸ਼ ਲੈ ਕੇ ਪੰਜਾਬ ਆਏ ਹਨ। ਉਨ੍ਹਾਂ ਕਿਹਾ ਕਿ

- **ਸੱਤਾ 'ਚ ਆਉਣ 'ਤੇ ਨਸ਼ਿਆਂ ਦੇ ਨੈੱਟਵਰਕ ਨੂੰ ਜੜੋਂ ਖਤਮ ਕਰਨ ਦਾ ਕੇਂਦਰੀ ਮੰਤਰੀ ਨੇ ਭਰੋਸਾ ਦਿੱਤਾ**

ਭਾਜਪਾ ਸਰਕਾਰ ਬਣਨ ਦੇ ਛੇ ਮਹੀਨਿਆਂ ਦੇ ਅੰਦਰ-ਅੰਦਰ ਨਸ਼ਿਆਂ ਦੀ ਸਪਲਾਈ ਚੇਨ, ਨੈੱਟਵਰਕ ਅਤੇ ਨਸ਼ਾ ਤਸਕਰਾਂ ਦੀ ਜਾਇਦਾਦ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਪੰਜਾਬ ਵਿੱਚ 'ਆਪ' ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਨ ਲਈ ਤਿੰਨ ਮਹੀਨਿਆਂ ਦੀ ਸਮਾਂ-ਸੀਮਾ ਤੈਅ ਕੀਤੀ ਗਈ ਸੀ, ਪਰ ਉਹ ਸਮਾਂ-ਸੀਮਾ ਵਾਰ-ਵਾਰ ਲੰਘ ਗਈ।ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਚੌਹਾਨ ਨੇ ਕਿਹਾ, 'ਰੌਸ਼ਨੀ ਦੀ ਇੱਕ ਕਿਰਨ ਹਨੇਰੇ 'ਤੇ ਭਾਰੀ ਪਵੇਗੀ; ਰਾਤ ਤੁਹਾਡੀ ਹੈ, ਪਰ ਸਵੇਰ ਸਾਡੀ ਹੋਵੇਗੀ।' ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦੇ ਆਪਣੇ ਸੰਕਲਪ ਤੋਂ ਪਿੱਛੇ ਨਹੀਂ ਹਟੇਗੀ। ਇਸ ਯਾਤਰਾ ਦੌਰਾਨ ਪੰਜਾਬ ਭਾਜਪਾ ਪ੍ਰਧਾਨ

ਬਾਕੀ ਸਫ਼ਾ 7 'ਤੇ

ਈਰਾਨ ਦਾ ਹੋਰਮੁਜ਼ ਖੋਲ੍ਹਣ ਤੇ ਅਮਰੀਕਾ ਨਾਲ ਗੱਲਬਾਤ ਤੋਂ ਇਨਕਾਰ

ਅਮਰੀਕੀ ਫੌਜ ਵੱਲੋਂ 109 ਜਹਾਜ਼ਾਂ ਦੇ ਰੂਟ ਤਬਦੀਲ

ਦੇਸ਼ ਪ੍ਰਦੇਸ਼



ਤਹਰਾਨ / ਵਾਸ਼ਿੰਗਟਨ, 21 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਈਰਾਨ ਅਤੇ ਅਮਰੀਕਾ ਵਿਚਕਾਰ ਵਧਦੇ ਤਣਾਅ ਦਰਮਿਆਨ ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਘੇਰ ਗਾਲਿਬਾਫ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਅਮਰੀਕਾ ਤਹਿਰਾਨ ਦੀਆਂ ਸ਼ਰਤਾਂ ਪੂਰੀਆਂ ਨਹੀਂ ਕਰਦਾ, ਉਦੋਂ ਤੱਕ ਹੋਰਮੁਜ਼ ਜਲਡਮਰੂ ਨੂੰ ਦੁਬਾਰਾ ਖੋਲ੍ਹਣ ਜਾਂ ਪਿਛਲੇ ਗੱਲਬਾਤ ਦੇ ਢਾਂਚੇ 'ਤੇ ਵਾਪਸ ਜਾਣ ਦੀ ਕੋਈ ਸੰਭਾਵਨਾ ਨਹੀਂ ਹੈ। ਈਰਾਨ ਨੇ ਕਤਰ ਦੀ ਵਿਚੋਲਗੀ ਰਾਹੀਂ ਆਪਣੀਆਂ ਮੰਗਾਂ — ਸਾਰੇ ਮੋਰਚਿਆਂ 'ਤੇ ਦੁਸ਼ਮਣੀ ਦਾ ਅੰਤ, ਜ਼ਬਤ (ਫ੍ਰੀਜ਼) ਕੀਤੇ ਫੰਡਾਂ ਦੀ ਰਿਹਾਈ ਅਤੇ ਸਮੁੰਦਰੀ ਨਾਕਾਬੰਦੀ ਦਾ ਖਾਤਮਾ — ਅਮਰੀਕਾ ਤੱਕ ਪਹੁੰਚਾ ਦਿੱਤੀਆਂ ਹਨ। ਈਰਾਨ ਦੀ ਕੇਂਦਰੀ ਫੌਜੀ ਕਮਾਂਡ (ਖਾਤਮ ਅਲ-ਅੰਬੀਆ) ਨੇ ਚੇਤਾਵਨੀ ਦਿੱਤੀ ਹੈ ਕਿ ਕਿਸੇ ਵੀ ਨਵੀਂ ਅਮਰੀਕੀ ਫੌਜੀ ਕਾਰਵਾਈ ਦਾ ਜਵਾਬ ਖੇਤਰ ਵਿੱਚ ਅਮਰੀਕੀ ਠਿਕਾਣਿਆਂ 'ਤੇ 'ਨਿਰੰਤਰ, ਪ੍ਰਭਾਵਸ਼ਾਲੀ ਅਤੇ ਦਰਦਨਾਕ' ਹਮਲਿਆਂ ਨਾਲ ਦਿੱਤਾ ਜਾਵੇਗਾ। ਨਾਲ ਹੀ, ਅਮਰੀਕਾ ਦੀ ਮਦਦ ਕਰਨ ਵਾਲੇ ਖੇਤਰੀ ਦੇਸ਼ਾਂ ਨੂੰ ਵੀ ਇਸ ਕਾਰਵਾਈ ਵਿੱਚ ਭਾਗੀਦਾਰ ਮੰਨਿਆ ਜਾਵੇਗਾ। ਦੂਜੇ ਪਾਸੇ, ਯੂ.ਐੱਸ. ਸੈਂਟਰਲ ਕਮਾਂਡ ਨੇ ਦੱਸਿਆ ਕਿ 14 ਜੁਲਾਈ ਤੋਂ ਈਰਾਨੀ ਬੰਦਰਗਾਹਾਂ 'ਤੇ ਲਗਾਈ ਗਈ ਜਲ ਸੈਨਾ ਦੀ ਨਾਕਾਬੰਦੀ ਦੇ ਹਿੱਸੇ ਵਜੋਂ 20 ਸਤੰਬਰ ਤੱਕ 109 ਵਪਾਰਕ ਜਹਾਜ਼ਾਂ ਨੂੰ ਮੁੜ ਨਿਰਦੇਸ਼ਤ ਕੀਤਾ ਗਿਆ ਹੈ। ਇਸ ਦੌਰਾਨ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨੂੰ ਗੰਭੀਰ ਨਤੀਜੇ ਭੁਗਤਣ ਦੀ ਚੇਤਾਵਨੀ ਦੇਣ ਦੇ ਨਾਲ-ਨਾਲ ਨਿਊਯਾਰਕ 'ਚ ਸੰਯੁਕਤ ਰਾਸ਼ਟਰ ਮਹਾਸਭਾ ਦੌਰਾਨ ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨਾਲ ਗੱਲਬਾਤ ਦੀ ਸੰਭਾਵਨਾ ਦੇ ਸੰਕੇਤ ਵੀ ਦਿੱਤੇ ਹਨ।

ਰਾਜ ਸਰਕਾਰ ਦੀ ਨਾਕਾਮੀ ਨੇ ਪੰਜਾਬ ਨੂੰ ਨਸ਼ੇ ਦੀ ਅੱਗ 'ਚ ਧੱਕਣ ਦਾ ਕੰਮ ਕੀਤਾ

ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਬਰਦਾਸ਼ਤ ਨਹੀਂ, ਭਾਜਪਾ ਸਰਕਾਰ ਆਈ ਤਾਂ ਨਸ਼ੇ 'ਤੇ ਹੋਵੇਗੀ ਫ਼ੈਸਲਾਕੁਨ ਕਾਰਵਾਈ : ਨਾਇਬ ਸੈਣੀ

ਦੇਸ਼ ਪ੍ਰਦੇਸ਼ **ਚੰਡੀਗੜ੍ਹ, 21 ਸਤੰਬਰ (ਰਾਜੇਂਦਰ ਸਿੰਘ ਜਾਦੌਂ)** : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਜਨਤਾ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ 'ਤੇ ਘੇਰਦਿਆਂ ਕਿਹਾ ਕਿ 'ਆਪ' ਪਾਰਟੀ ਨੇ ਪੰਜਾਬ ਦੀ ਜਨਤਾ ਨਾਲ ਨਸ਼ਾ ਖ਼ਤਮ ਕਰਨ, ਨੌਜਵਾਨਾਂ ਨੂੰ ਰੁਜ਼ਗਾਰ ਦੇਣ, ਕਿਸਾਨਾਂ ਦੀ ਫ਼ਸਲ ਖ਼ਰੀਦਣ ਅਤੇ ਔਰਤਾਂ ਨੂੰ ਆਰਥਿਕ ਸਹਾਇਤਾ ਦੇਣ ਦੇ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ 5 ਸਾਲ ਹੋਣ ਦੇ ਬਾਵਜੂਦ ਇਨ੍ਹਾਂ ਨੇ ਵਾਅਦੇ ਪੂਰੇ ਨਹੀਂ ਕੀਤੇ। 'ਆਪ' ਪਾਰਟੀ ਨੇ ਔਰਤਾਂ, ਕਿਸਾਨਾਂ ਅਤੇ ਗ਼ਰੀਬਾਂ ਨਾਲ ਧੋਖਾ ਕੀਤਾ ਹੈ, ਇਹ ਧੋਖੇਬਾਜ਼ ਸਰਕਾਰ ਹੈ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਵੱਡੇ-ਵੱਡੇ ਵਾਦੇ ਕੀਤੇ ਸਨ ਕਿ ਨਸ਼ੇ ਨੂੰ ਖ਼ਤਮ ਕਰਾਂਗੇ, ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਕੰਮ ਕਰਾਂਗੇ ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਵਾਂਗੇ। ਪਰ ਬਹੁਤ ਦੁੱਖ ਦੀ ਗੱਲ ਹੈ ਕਿ ਇਹ ਸਿਰਫ਼ ਵੋਟਾਂ ਲੈਣ ਲਈ ਕਹੀਆਂ ਗਈਆਂ ਗੱਲਾਂ ਸਨ। ਅੱਜ ਪੰਜਾਬ ਦੀ ਜਨਤਾ ਦੱਸੇ ਕਿ ਪੰਜਾਬ ਵਿੱਚ ਨਸ਼ਾ ਵਧਿਆ ਹੈ ਜਾਂ ਘਟਿਆ ਹੈ। ਅਸਲੀਅਤ ਇਹ ਹੈ ਕਿ ਪੰਜਾਬ ਵਿੱਚ ਚਾਰ ਗੁਣਾ ਨਸ਼ਾ ਵਧ ਗਿਆ ਹੈ ਅਤੇ ਚਾਰ ਗੁਣਾ ਪੰਜਾਬ 'ਤੇ ਕਰਜ਼ਾ ਵਧ ਗਿਆ ਹੈ, ਇਹ ਸੋਚਣ ਵਾਲੀ ਗੱਲ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਹ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਦੇਖ ਰਹੇ ਸਨ, ਜਿਸ ਵਿੱਚ ਭਗਵੰਤ ਮਾਨ ਕਹਿ ਰਹੇ ਸਨ ਕਿ ਪਹਿਲਾਂ ਕੁਝ ਲੋਕ ਕਹਿਦੇ ਸਨ ਕਿ ਇਨ੍ਹਾਂ ਨੂੰ ਕੰਮ ਦਾ ਤਜਰਬਾ ਨਹੀਂ ਹੈ, ਪਰ ਹੁਣ ਸਾਨੂੰ ਤਜਰਬਾ ਹੋ ਗਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਭਗਵੰਤ ਮਾਨ 'ਤੇ ਤੰਜ ਕੱਸਦਿਆਂ ਕਿਹਾ ਕਿ ਮਾਨ ਸਾਹਿਬ, ਤੁਹਾਨੂੰ ਨਸ਼ਾ ਵਧਾਉਣ, ਨੌਜਵਾਨਾਂ ਨੂੰ ਨਸ਼ੇ ਵਿੱਚ ਫਸਾਉਣ, ਸੂਬੇ ਵਿੱਚ ਭ੍ਰਿਸ਼ਟਾਚਾਰ ਵਧਾਉਣ, ਪੈਸਾ ਕਿਵੇਂ ਲੁੱਟਣਾ ਹੈ, ਕਿੱਥੋਂ ਲੁੱਟਣਾ ਹੈ ਅਤੇ ਫਿਰੌਤੀਆਂ ਦਾ ਪੈਸਾ ਕੌਣ ਮੰਗਦਾ ਹੈ, ਇਸ ਗੱਲ ਦਾ ਤਜਰਬਾ 'ਆਪ' ਪਾਰਟੀ ਦੀ ਸਰਕਾਰ ਨੂੰ ਹੋ ਗਿਆ ਹੈ।

ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਂਗਰਸ ਨੇ ਵੀ ਇਹ ਕਿਹਾ ਸੀ ਕਿ ਨਸ਼ੇ ਨੂੰ ਖ਼ਤਮ ਕਰਾਂਗੇ, ਭ੍ਰਿਸ਼ਟਾਚਾਰ ਨੂੰ ਖ਼ਤਮ ਕਰਾਂਗੇ ਅਤੇ ਰੁਜ਼ਗਾਰ ਦੇਵਾਂਗੇ, ਪਰ ਕਾਂਗਰਸ ਰਾਜ ਵਿੱਚ ਵੀ ਪੰਜਾਬ ਵਿੱਚ ਨਸ਼ਾ ਵਧਿਆ ਅਤੇ ਨੌਕਰੀਆਂ ਵੀ ਨਹੀਂ ਲੱਗੀਆਂ। ਕਾਂਗਰਸ ਨੇ ਜੋ ਗੱਲਾਂ ਕਹੀਆਂ ਸਨ, ਉਨ੍ਹਾਂ ਨੂੰ ਕਦੇ ਪੂਰਾ ਨਹੀਂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਭਗਵੰਤ ਮਾਨ ਨੇ ਤਾਰੀਖ਼ਾਂ ਉੱਤੇ ਤਾਰੀਖ਼ਾਂ ਦਿੱਤੀਆਂ ਕਿ ਅਸੀਂ ਨਸ਼ਾ ਖ਼ਤਮ ਕਰ ਦੇਵਾਂਗੇ, ਪਰ ਕੁਝ ਨਹੀਂ ਕੀਤਾ। ਹੁਣ ਇੱਕ ਨਵਾਂ ਡਰਾਮਾ ਖੜ੍ਹਾ ਕਰਕੇ ਕਹਿਣ ਲੱਗੇ ਹਨ ਕਿ 'ਯੁੱਧ ਨਸ਼ੇ ਵਿਰੁੱਧ'। ਇਹ ਪੰਜਾਬ ਦੇ ਲੋਕਾਂ ਦੇ ਪੈਸੇ ਟੀ.ਵੀ. 'ਤੇ ਇਸ਼ਤਿਹਾਰ ਦੇ ਕੇ ਨਸ਼ਾ ਖ਼ਤਮ ਕਰਨਾ ਚਾਹੁੰਦੇ ਹਨ, ਪਰ ਜ਼ਮੀਨੀ ਪੱਧਰ 'ਤੇ ਨਸ਼ੇ ਨੂੰ ਵਧਾਉਣ ਦਾ ਕੰਮ ਕਰ ਰਹੇ ਹਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਵਿੱਚ ਐਕਸਾਈਜ਼ ਇੰਸਪੈਕਟਰ ਭਰਤੀ ਪ੍ਰਕਿਰਿਆ ਨੂੰ ਲੈ ਕੇ ਉੱਠ ਰਹੇ ਸਵਾਲਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਵਿਧਾਇਕਾਂ ਅਤੇ ਮੰਤਰੀਆਂ ਦੇ ਆਲੇ-ਦੁਆਲੇ ਘੁੰਮਣ ਵਾਲਿਆਂ ਅਤੇ ਉਨ੍ਹਾਂ ਦੇ

ਬਾਕੀ ਸਫ਼ਾ 7 'ਤੇ

ਸ਼੍ਰੋਮਣੀ ਕਮੇਟੀ 'ਚ ਨਿਖਾਰ ਵਿਰੁੱਧ ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਬੁਲਾਈ 25 ਸਤੰਬਰ ਨੂੰ ਵਿਸ਼ੇਸ਼ ਮੀਟਿੰਗ

ਦੇਸ਼ ਪ੍ਰਦੇਸ਼

ਅੰਮ੍ਰਿਤਸਰ, 21 ਸਤੰਬਰ (ਮੋਹਕਮ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਐਲਾਨ ਕੀਤਾ ਗਿਆ ਕਿ ਸ਼੍ਰੋਮਣੀ ਕਮੇਟੀ ਵਿਚ ਆਏ ਨਿਘਾਰ ਮਾਮਲੇ ਤੇ ਵਿਚਾਰ ਕਰਨ ਲਈ ਤੇ ਭਵਿਖ ਦੀ ਨੀਤੀ ਤਹਿ ਕਰਨ ਲਈ 25 ਸਤੰਬਰ ਨੂੰ ਸਿੱ

ਕੈਦੀਆਂ ਦੀਆਂ ਸਹੂਲਤਾਂ ਤੇ ਖਾਣੇ ਦੀ ਗੁਣਵੱਤਾ ਹੋਰ ਬਿਹਤਰ ਬਣਾਉਣ ਦੇ ਨਿਰਦੇਸ਼

ਲੁਧਿਆਣਾ, 21 ਸਤੰਬਰ (ਝੱਜ ਊਮੇਦਪੁਰ): ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (ਐਨ.ਐਚ.ਆਰ.ਸੀ.) ਦੇ ਸਪੈਸ਼ਲ ਮਾਨੀਟਰ ਸ੍ਰੀ ਬਾਲ ਕ੍ਰਿਸ਼ਨ ਗੋਇਲ ਵੱਲੋਂ ਆਪਣੇ ਨਿਰਧਾਰਿਤ ਟੂਰ ਪ੍ਰੋਗਰਾਮ ਤਹਿਤ ਲੁਧਿਆਣਾ ਦੀ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਜੇਲ੍ਹਾਂ ਵਿੱਚ ਬੰਦੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲੈਦਿਆਂ ਜੇਲ੍ਹ ਪ੍ਰਸ਼ਾਸਨ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਸ਼ਮੀ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਦੌਰੇ ਦੌਰਾਨ ਸਪੈਸ਼ਲ ਮਾਨੀਟਰ ਬਾਲ ਕ੍ਰਿਸ਼ਨ ਗੋਇਲ ਨੇ ਤਿੰਨਾਂ ਜੇਲ੍ਹਾਂ ਦੇ ਸੁਪਰਡੈਂਟਾਂ ਨਾਲ ਮੀਟਿੰਗ ਕਰਕੇ ਬੰਦੀਆਂ ਦੀਆਂ ਸਹੂਲਤਾਂ, ਖਾਣ-ਪੀਣ ਦੀ ਵਿਵਸਥਾ ਅਤੇ ਹੋਰ ਬੁਨਿਆਦੀ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਜੇਲ੍ਹਾਂ ਵਿੱਚ ਲੋੜੀਂਦੇ ਛੋਟੇ-ਮੋਟੇ ਸੁਧਾਰ ਤੁਰੰਤ ਕੀਤੇ ਜਾਣ ਅਤੇ ਬੰਦੀਆਂ ਨੂੰ ਦਿੱਤੇ ਜਾਣ ਵਾਲੇ ਖਾਣੇ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਇਆ ਜਾਵੇ। ਉਨ੍ਹਾਂ ਸੁਝਾਅ ਦਿੱਤਾ ਕਿ ਜੇਲ੍ਹਾਂ ਵਿੱਚ ਹਰ ਮਹੀਨੇ ਸ਼ਿਕਾਇਤ ਰਜਿਸਟਰ ਉਪਲਬਧ ਕਰਵਾਇਆ ਜਾਵੇ, ਜਿਸ ਵਿੱਚ ਬੰਦੀ ਆਪਣੀਆਂ ਸ਼ਿਕਾਇਤਾਂ ਅਤੇ ਦਰਪੇਸ਼ ਮੁਸ਼ਕਲਾਂ ਦਰਜ ਕਰ ਸਕਣ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਰਾਹੀਂ ਬੰਦੀਆਂ ਦੀਆਂ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਦਾ ਹੱਲ ਕੀਤਾ ਜਾ ਸਕਦਾ ਹੈ। ਇਸ ਤੋਂ ਬਾਅਦ ਸ੍ਰੀ ਬਾਲ ਕ੍ਰਿਸ਼ਨ ਗੋਇਲ ਵੱਲੋਂ ਦੋਰਾਹਾ ਸਥਿਤ ਬਾਲ ਘਰ ਦਾ ਦੌਰਾ ਕਰਕੇ ਬੱਚਿਆਂ ਨਾਲ ਗੱਲਬਾਤ ਅਤੇ ਕੌਂਸਲਿੰਗ ਕੀਤੀ ਗਈ। ਉਨ੍ਹਾਂ ਹੈਵਨਲੀ ਪੈਲੇਸ, ਦੋਰਾਹਾ ਵਿਖੇ ਸਥਿਤ ਬਿਰਧ ਆਸ਼ਰਮ ਦਾ ਵੀ ਦੌਰਾ ਕੀਤਾ ਅਤੇ ਉੱਥੇ ਰਹਿ ਰਹੇ ਬਜ਼ੁਰਗਾਂ ਦੀ ਸਾਰ ਲਈ। ਉਨ੍ਹਾਂ ਸਬਾਨਕ ਸਟਾਫ ਨਾਲ ਗੱਲਬਾਤ ਕਰਦਿਆਂ ਬਿਰਧ ਆਸ਼ਰਮ ਵਿੱਚ ਖਾਣ-ਪੀਣ ਸਮੇਤ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਵੀ ਜਾਇਜ਼ਾ ਲਿਆ।

ਨਸ਼ਾ ਮੁਕਤ ਪੰਜਾਬ ਯਾਤਰਾ 25 ਸਤੰਬਰ ਨੂੰ ਮੋਗਾ ਜ਼ਿਲ੍ਹੇ 'ਚ ਹੋਵੇਗੀ ਦਾਖ਼ਲ: ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ

ਮੋਗਾ, 21 ਸਤੰਬਰ (ਜੁਗਰਾਜ ਸੰਘਾ): ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਨਸ਼ਾ ਮੁਕਤ ਪੰਜਾਬ ਯਾਤਰਾ ਤਹਿਤ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਸੂਬੇ ਭਰ ਵਿੱਚ ਜਨ-ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਹ ਯਾਤਰਾ 25 ਸਤੰਬਰ ਨੂੰ ਪੰਜਗਰਾਈਂ ਕਲਾਂ ਤੋਂ ਜ਼ਿਲ੍ਹਾ ਮੋਗਾ ਵਿੱਚ ਦਾਖ਼ਲ ਹੋਵੇਗੀ ਅਤੇ 25 ਤੋਂ 27 ਸਤੰਬਰ ਤੱਕ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚੋਂ ਹੁੰਦੀ ਹੋਈ ਚਾਰੇ ਵਿਧਾਨ ਸਭਾ ਹਲਕਿਆਂ ਵਿੱਚ ਜਾਵੇਗੀ। ਰਾਜ ਪੱਧਰ 'ਤੇ ਇਹ ਮੁਹਿੰਮ ਨਸ਼ਿਆਂ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨ ਅਤੇ ਇਸ ਮੁੱਦੇ ਨੂੰ ਸਮਾਜਿਕ ਜਾਗਰੂਕਤਾ ਨਾਲ ਜੋੜਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਜਪਾ ਪ੍ਰਧਾਨ ਡਾ. ਹਰਜੋਤ ਕਮਲ ਨੇ ਕਿਹਾ ਕਿ ਨਸ਼ਾ ਪੰਜਾਬ ਦੇ ਭਵਿੱਖ ਅਤੇ ਨੌਜਵਾਨ ਪੀੜ੍ਹੀ ਨਾਲ ਜੁੜਿਆ ਇੱਕ ਗੰਭੀਰ ਸਮਾਜਿਕ ਮੁੱਦਾ ਹੈ। ਇਸ ਲਈ ਨਸ਼ਿਆਂ ਵਿਰੁੱਧ ਸਮਾਜ ਦੇ ਹਰ ਵਰਗ ਨੂੰ ਆਪਣਾ ਸਹਿਯੋਗ ਦੇਣਾ ਚਾਹੀਦਾ ਹੈ। ਡਾ. ਹਰਜੋਤ ਕਮਲ ਨੇ ਕਿਹਾ ਕਿ ਭਾਜਪਾ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਇੱਕ ਵਿਸਥਾਰਤ ਰੋਡਮੈਪ ਤਿਆਰ ਹੈ, ਜਿਸ ਤਹਿਤ ਪਹਿਲੇ ਪੜਾਅ ਵਿੱਚ ਜਨ-ਜਾਗਰੂਕਤਾ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਡਾ. ਹਰਜੋਤ ਕਮਲ ਨੇ ਮੋਗਾ ਜ਼ਿਲ੍ਹੇ ਦੀਆਂ ਸਾਰੀਆਂ ਧਾਰਮਿਕ, ਸਮਾਜਿਕ, ਗੈਰ-ਸਰਕਾਰੀ ਸੰਸਥਾਵਾਂ, ਨੌਜਵਾਨ ਜਥੇਬੰਦੀਆਂ ਅਤੇ ਨਸ਼ਿਆਂ ਵਿਰੁੱਧ ਕੰਮ ਕਰ ਰਹੇ ਸੂਝਵਾਨ ਨਾਗਰਿਕਾਂ ਨੂੰ ਇਸ ਮੁਹਿੰਮ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। ਡਾ. ਹਰਜੋਤ ਕਮਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਾਲੀ ਕਿਸੇ ਵੀ ਮੁਹਿੰਮ ਵਿੱਚ ਰੁਕਾਵਟ ਪਾਉਣ ਵਾਲਿਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਦੀਆਂ ਮਾਵਾਂ, ਭੈਣਾਂ ਅਤੇ ਔਰਤਾਂ ਦੀ ਹਾਲਤ ਦੇਖੋ ਜਿਨ੍ਹਾਂ ਦੇ ਪਰਿਵਾਰਕ ਮੈਂਬਰ ਨਸ਼ੇ ਦੀ ਭੇਂਟ ਚੜ੍ਹ ਗਏ ਹਨ, ਉਨ੍ਹਾਂ ਦਾ ਦਰਦ ਅੱਖਰਾਂ ਵਿੱਚ ਬਿਆਨ ਕਰਨਾ ਮੁਸ਼ਕਿਲ ਹੈ। ਅੰਤ ਵਿੱਚ ਉਨ੍ਹਾਂ ਮੋਗਾ ਜ਼ਿਲ੍ਹੇ ਦੇ ਸਮੂਹ ਵਸਨੀਕਾਂ ਨੂੰ ਨਸ਼ਾ ਮੁਕਤ ਪੰਜਾਬ ਦੀ ਇਸ ਮੁਹਿੰਮ ਵਿੱਚ ਆਪਣਾ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਜਿਹੜਾ ਵੀ ਵਿਅਕਤੀ ਜਾਂ ਸੰਸਥਾ ਇਸ ਮੁਹਿੰਮ ਵਿੱਚ ਯੋਗਦਾਨ ਪਾਉਣਾ ਚਾਹੁੰਦੀ ਹੈ, ਉਹ ਜ਼ਿਲ੍ਹਾ ਭਾਜਪਾ ਦਫ਼ਤਰ, ਦੁੰਨੇਕੇ, ਮੋਗਾ ਵਿਖੇ ਸੰਪਰਕ ਕਰ ਸਕਦੀ ਹੈ।

8 ਕਨਾਲ ਜ਼ਮੀਨ ਦੇ ਮਾਮਲੇ 'ਚ ਧੋਖਾਧੜੀ ਦਾ ਮਾਮਲਾ ਦਰਜ

ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਆਦੇਸ਼): ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ 8 ਕਨਾਲ ਜ਼ਮੀਨ ਦੇ ਮਾਮਲੇ ਵਿੱਚ ਧੋਖਾਧੜੀ ਕਰਨ ਦੇ ਦੋਸ਼ ਹੇਠ ਇੱਕ ਵਿਅਕਤੀ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਹੈ। ਪੁਲਿਸ ਰਿਪੋਰਟ ਅਨੁਸਾਰ ਇਹ ਮਾਮਲਾ ਰਿਪੋਰਟ ਨੰਬਰ 104, 116/ਪੀ.ਸੀ./ਰੀਡਰ/ਡੀ.ਐਸ.ਪੀ.(ਸ) ਮਿਤੀ 10 ਸਤੰਬਰ 2026 ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤ ਅਨੁਸਾਰ ਸੁਰਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਸੋਥਾ ਨੇ ਗੁਰਸੇਵਕ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਸੋਥਾ ਨਾਲ ਸਬੰਧਤ 8 ਕਨਾਲ ਜ਼ਮੀਨ ਦੇ ਮਾਮਲੇ ਵਿੱਚ ਧੋਖਾ ਕਰਨ ਦਾ ਦੋਸ਼ ਲਗਾਇਆ ਹੈ। ਪੁਲਿਸ ਵੱਲੋਂ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਉਕਤ ਮਾਮਲੇ ਸਬੰਧੀ ਬੀਐਨਐਸ ਦੀ ਧਾਰਾ 318 (4) ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਮਾਮਲੇ ਦੀ ਜਾਂਚ ਜਾਰੀ ਹੈ।

ਸ੍ਰੀ ਬਾਲਾ ਜੀ ਕੀਰਤਨ ਮੰਡਲ ਦਾ 25ਵਾਂ ਜਾਗਰਨ ਸੰਪੰਨ

ਮੌੜ ਮੰਡੀ, 21 ਸਤੰਬਰ (ਸੰਦੀਪ ਕੁਮਾਰ): ਸ੍ਰੀ ਬਾਲਾ ਜੀ ਕੀਰਤਨ ਮੰਡਲ ਵੱਲੋਂ ਸ੍ਰੀ ਬਾਲਾ ਜੀ ਮਹਾਰਾਜ ਦੇ 25ਵੇਂ ਵਿਸ਼ਾਲ ਜਾਗਰਨ ਦਾ ਆਯੋਜਨ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਇੰਚਾਰਜ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੈਬਨਿਟ ਮੰਤਰੀ ਸਰਦਾਰ ਜਨਮੇਜਾ ਸਿੰਘ ਸੇਖੋਂ ਨੇ ਸ਼ਿਰਕਤ ਕੀਤੀ ਅਤੇ ਬਾਲਾ ਜੀ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਜਾਗਰਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਮੱਥਾ ਟੇਕਿਆ। ਹਰਿਆਣਾ ਤੋਂ ਪਹੁੰਚੇ ਪ੍ਰਸਿੱਧ ਕਲਾਕਾਰ ਪਰਵਿੰਦਰ ਪਾਲਕ ਨੇ ਆਪਣੀ ਭਾਵਪੂਰਨ ਪੇਸ਼ਕਾਰੀ ਨਾਲ ਸਮਾਗਮ ਵਿੱਚ ਰੰਗ ਬੰਨ੍ਹ ?ਆ। ਇਸ ਤੋਂ ਇਲਾਵਾ ਸ਼ੁਭਮ ਸ਼ਰਮਾ, ਪਵਨ ਸ਼ਰਮਾ ਸਮੇਤ ਹੋਰ ਕਲਾਕਾਰਾਂ ਨੇ ਬਾਲਾ ਜੀ ਮਹਾਰਾਜ ਦੇ ਭਜਨਾਂ ਰਾਹੀਂ ਸੰਗਤਾਂ ਨੂੰ ਭਗਤੀ ਰੰਗ ਵਿੱਚ ਰੰਗ ਦਿੱਤਾ। ਇਸ ਉਪਰੰਤ ਸਰਦਾਰ ਜਨਮੇਜਾ ਸਿੰਘ ਸੇਖੋਂ ਨੇ ਕੌਂਸਲਰ ਲਖਬੀਰ ਲਖੀ, ਬਿੱਟੂ ਮੋੜ ਕਲਾਂ , ਸਾਬਕਾ ਨਗਰ ਕੌਂਸਲਰ ਪ੍ਰਧਾਨ ਵਿਜੇ, ਸੁਰਿੰਦਰ ਛਿੰਦਾ ਅਤੇ ਹੋਰ ਮੈਂਬਰਾਂ ਨਾਲ ਮਿਲ ਕੇ ਬਾਲਾ ਜੀ ਮਹਾਰਾਜ ਦੀ ਪੂਜਾ-ਅਰਚਨਾ ਕੀਤੀ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਜੀਤ ਬੱਲੋ, ਨਗਰ ਕੌਂਸਲਰ ਪਰਵਿੰਦਰ ਪਾਲ, ਰਣਜੀਤ ਸਿੰਘ ਮਠਾੜੂ, ਰਣਵੀਰ ਸ਼ਰਮਾ ਅਤੇ ਹਰਜਿੰਦਰ ਸੋਨੀ, ਵਪਾਰ ਮੰਡਲ ਚੇਅਰਮੈਨ ਰੋਹਿਤ ਕੁਮਾਰ ਸਮੇਤ ਹੋਰ ਪਤਵੰਤੇ ਸੱਜਣਾਂ ਨੇ ਵੀ ਹਾਜ਼ਰੀ ਭਰੀ ਅਤੇ ਬਾਲਾ ਜੀ ਮਹਾਰਾਜ ਦੀ ਪੂਜਾ-ਅਰਚਨਾ ਕੀਤੀ

ਡੀ.ਸੀ. ਮਲੇਰਕੋਟਲਾ ਦੀ ਪੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਨੰਗਲ, ਚੀਮਾ

ਮਲੇਰਕੋਟਲਾ, 21 ਸਤੰਬਰ (ਮੁਨਸ਼ੀ ਫ਼ਾਰੂਕ): ਡਿਪਟੀ ਕਮਿਸ਼ਨਰ ਮਾਲੇਰਕੋਟਲਾ ਸ੍ਰੀ ਵਿਰਾਜ ਸ਼ਿਆਮਕਰਨ ਤਿੜਕੇ ਵੱਲੋਂ ਡੀ.ਸੀ. ਦਫ਼ਤਰ ਦੇ ਕਰਮਚਾਰੀਆਂ ਨੂੰ ਆਪਣੇ ਦਫ਼ਤਰ ਵਿੱਚ ਬੁਲਾ ਕੇ ਗਾਲ੍ਹਾਂ ਕੱਢ ਕੇ ਬੇ-ਇੱਜ਼ਤ ਕੀਤਾ, ਜਿਸ ਨਾਲ ਪੜ੍ਹੇ-ਲਿਖੇ ਕਰਮਚਾਰੀਆਂ ਨੂੰ ਮਾਨਸਿਕ ਪ੍ਰੇਸ਼ਾਨੀ ਹੋਈ ਹੈ। ਜਿਹੜੇ ਕਰਮਚਾਰੀਆਂ ਵੱਲੋਂ ਇਸ ਗੱਲ ਦਾ ਬੁਰਾ ਮੰਨਦੇ ਹੋਏ ਵਿਰੋਧ ਕੀਤਾ ਜਾਂਦਾ ਹੈ, ਉਹਨਾਂ ਕਰਮਚਾਰੀਆਂ ਨੂੰ ਬਿਨ੍ਹਾਂ ਕਿਸੇ ਵਜ ?ਾ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਅਤੇ ਸੂਬਾ ਜਨਰਲ ਸਕੱਤਰ ਨਰਿੰਦਰ ਸਿੰਘ ਚੀਮਾ ਨੇ ਕਿਹਾ ਕਿ ਇਹ ਗੱਲਾਂ ਜੱਥੇਬੰਦੀ ਦੇ ਧਿਆਨ ਵਿੱਚ ਅਉਣ ਤੇ ਉਕਤ ਅਧਿਕਾਰੀ ਨੂੰ ਮਹੀਨਾ ਜੁਲਾਈ-2026 ਵਿੱਚ ਮਿਲ ਕੇ ਸਾਰੀ ਗੱਲਬਾਤ ਕੀਤੀ, ਜਿਸ ਤੇ ਸਬੰਧਤ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਅੱਗੇ ਤੋਂ ਕਿਸੇ ਕਰਮਚਾਰੀ ਨਾਲ ਬਦਸਲੂਕੀ ਨਹੀਂ ਕੀਤੀ ਜਾਵੇਗੀ, ਪਰ ਇਸ ਦੇ ਬਾਵਜੂਦ ਰੰਜਿਸ਼ ਤਹਿਤ ਕਰਮਚਾਰੀਆਂ ਦਾ ਨਿੱਜੀ ਰਿਕਾਰਡ ਖਰਾਬ ਕਰਕੇ ਭਵਿੱਖ ਖਰਾਬ ਕਰਨ ਦੀ ਨੀਤੀ ਅਪਣਾਈ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਚੰਗੇ ਅਧਿਕਾਰੀ ਦਾ ਕੰਮ ਚੰਗਾ ਪ੍ਰਸ਼ਾਸਨ ਦੇਣਾ ਹੁੰਦਾ ਨਾ ਕਿ ਆਪਣੇ ਹੀ ਕਰਮਚਾਰੀਆਂ ਤੇ ਅਹੁਦੇ ਦੀ ਧੌਂਸ ਦਿਖਾ ਕੇ ਜ਼ਲੀਲ ਕਰਨਾ। ਆਗੂਆਂ ਨੇ ਇਹ ਵੀ ਕਿਹਾ ਡੀ.ਸੀ. ਮਲੇਰਕੋਟਲਾ ਦਾ ਆਪਣੇ ਹੀ ਸਟਾਫ ਨਾਲ ਅਜਿਹਾ ਗਲਤ ਰਵੱਈਆ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਰੋਸ ਵਜੋਂ ਡੀ.ਸੀ. ਦਫ਼ਤਰ ਮਲੇਰਕੋਟਲਾ ਅਤੇ ਇਸ ਅਧੀਨ ਪੈਂਦੀਆਂ ਸਬ ਡਵੀਜਨਾਂ ਮਲੇਰਕੋਟਲਾ, ਅਮਰਗੜ੍ਹ ਅਤੇ ਅਹਿਮਦਗੜ੍ਹ ਦੇ ਸਮੂਹ ਕਰਮਚਾਰੀ ਮਿਤੀ 25-09-2026 ਨੂੰ ਦਫ਼ਤਰੀ ਕੰਮ ਛੱਡ ਕੇ ਡੀ.ਸੀ. ਦੇ ਦਫ਼ਤਰ ਸਾਹਮਣੇ ਧਰਨਾ ਦੇਣਗੇ। ਮਸਲਾ ਹੱਲ ਨਾ ਹੋਣ ਦੀ ਸੂਰਤ ਵਿੱਚ ਹੜਤਾਲ ਅੱਗੇ ਵਧਾਉਣ ਜਾਂ ਹੋਰ ਐਕਸ਼ਨ ਦੇਣ ਦਾ ਐਲਾਨ ਜੱਥੇਬੰਦੀ ਵੱਲੋਂ ਉਸੇ ਧਰਨੇ ਵਿੱਚ ਕੀਤਾ ਜਾਵੇਗਾ।

ਇਨਸਾਫ਼ ਟੀਮ ਪੰਜਾਬ ਨੇ ਅਨਾਜ ਮੰਡੀ ਮੂਨਕ ਵਿਖੇ ਨਸ਼ਿਆਂ ਦੇ ਖਿਲਾਫ ਕੀਤੀ ਰੈਲੀ: ਜੱਗਾ

ਮੂਨਕ, 21 ਸਤੰਬਰ (ਪ੍ਰਤਾਪ ਸਿੰਘ ਖੁਰਾਣਾ): ਇਨਸਾਫ਼ ਟੀਮ ਪੰਜਾਬ ਵੱਲੋਂ ਨਸ਼ਿਆਂ ਦੀ ਸਮੱਸਿਆ ਖ ?ਲਾਫ਼ ਮੂਨਕ ਦੀ ਅਨਾਜ ਮੰਡੀ ਵਿਚ ਰੈਲੀ ਕੀਤੀ। ਇਸ ਮੌਕੇ ਇਨਸਾਫ਼ ਟੀਮ ਪੰਜਾਬ ਦੇ ਸੂਬਾ ਪ੍ਰਧਾਨ ਜਗਮੀਤ ਸਿੰਘ ਜੱਗਾ ਨੇ ਪੰਜਾਬ ਦੇ ਕਿਸਾਨਾਂ ਸਮੇਤ ਸਮਾਜ ਦੇ ਸਾਰੇ ਵਰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਮਾਂ ਨਸ਼ਿਆਂ ਖਿਲਾਫ ਇਕਜੁੱਟ ਹੋ ਕੇ ਲੜਾਈ ਲੜਨਾ ਦੀ ਸਾਥੋਂ ਮੰਗ ਕਰ ਰਿਹਾ ਹੈ ਇਸੇ ਸੰਦਰਭ ਵਿਚ ਇਨਸਾਫ਼ ਟੀਮ ਪੰਜਾਬ ਵੱਲੋਂ ਸੂਬੇ ਅੰਦਰ ਕਿਸਾਨਾਂ ਨੂੰ ਖਸਖਸ ਦੀ ਖੇਤੀ ਸਬੰਧੀ ਲਾਮਬੰਦ ਕਰਨ ਦੀ ਗੱਲ ਰੱਖੀ ਜਾ ਰਹੀ ਹੈ। ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਨੂੰ ਇਸ ਖੇਤੀ ਲਈ ਲਾਮਬੰਦ ਕਰਨ ਲਈ ਮੁਹਿੰਮ ਚਲਾਉਣ ਦੀ ਲੋੜ ਬਣ ਗਈ। ਉਨ੍ਹਾਂ ਦੱਸਿਆ ਕਿ ਇਨਸਾਫ਼ ਟੀਮ ਦੀ ਵੈੱਬਸਾਈਟ 'ਤੇ ਇਸ ਸਬੰਧੀ ਫਾਰਮ ਭਰਨ ਦੀ ਸਹੂਲਤ ਵੀ ਉਪਲਬਧ ਹੈ ਜਗਮੀਤ ਸਿੰਘ ਜੱਗਾ ਨੇ ਕਿਹਾ ਕਿ ਪੰਜਾਬ ਵਿੱਚ ਚਿੱਟੇ, ਸਮੈਕ ਅਤੇ ਹੋਰ ਮਾਰੂ ਨਸ਼ਿਆਂ ਦੀ ਸਮੱਸਿਆ ਨੂੰ ਰੋਕਣ ਲਈ ਸਮਾਜ ਦੇ ਹਰ ਵਰਗ ਨੂੰ ਵੱਧ-ਚੜ੍ਹ ਕੇ ਇਸ ਮੁਹਿੰਮ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਜਦੋਂ ਡਬਲਯੂਐਚਓ ਨੇ ਇਹ ਵੇਖਿਆ ਵੀ ਇਹ ਲੋਕ ਬਹੁਤ ਮਿਹਨਤੀ ਅਤੇ ਬੜੇ ਤਕੜੇ ਜੱਸਿਆਂ ਵਾਲੇ ਤੇ ਚੰਗੇ ਕੱਦ ਕਾਠ ਵਾਲੇ ਹਨ, ਜੇ ਇਹ ਕੁਦਰਤੀ ਚੀਜ਼ ਇਨ੍ਹਾਂ ਕੋਲ ਹੋਵੇਗੀ ਤਦ ਇਹਨਾਂ ਨੂੰ ਬਿਮਾਰੀਆਂ ਨਹੀਂ ਲੱਗਣੀਆਂ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਪੰਜਾਬ ਨਾਲ ਸ਼ੁਰੂ ਤੋਂ ਹੀ ਵਿਤਕਰੇਬਾਜੀ ਕਰਦੀ ਆ ਰਹੀ ਹੈ ਤਾਂਕਿ ਇਹ ਮਾਰਸ਼ਲ ਸੂਬਾ ਉਨ੍ਹਾਂ ਦਾ ਗੁਲਾਮ ਬਣਕੇ ਰਹੇ। ਇਸੇ ਕਰਕੇ ਜਿਥੇ ਭਾਰਤ ਦੇ ਵੱਡੀ ਗਿਣਤੀ ਦੇ ਰਾਜਾਂ ਵਿਚ ਖਸਖਸ ਦੀ ਕੇਤੀ ਨੂੰ ਖੁੱਲ ਦਿੱਤੀ ਹੋਈ ਹੈ ਉਥੇ ਇਸ ਫਸਲ ਤੇ ਪਾਬੰਦੀ ਲਾ ਕੇ ਪੰਜਾਬ ਦੀ ਮਸਲ ਖਰਾਬ ਕਰਨ ਲਈ ਇਥੋਂ ਦੇ ਲੋਕਾਂ ਨੂੰ ਰਿਵਾਤੀ ਨਸ਼ਿਆਂ ਤੋਂ ਮੋੜ ਕੇ ਸਿੰਥੈਟਿਕ ਅਤੇ ਗੈਰ ਨਸ਼ਿਆਂ ਦੀ ਦਨ ਦਨ ਵਿੱਚ ਤੱਕ ਰਹੀ ਹੈ। ਉਨ੍ਹਾਂ ਮੰਗ ਕੀਤੀ ਕੀਤੀ ਕਿ ਖਸਖਸ ਦੀ ਖੇਤੀ ਕਰਨ ਲਈ ਸਰਕਾਰ ਨਿਰਧਾਰਤ ਕਾਨੂੰਨੀ ਨਿਯਮਾਂ ਅਤੇ ਲਾਇਸੈਂਸ ਪ੍ਰਣਾਲੀ ਅਨੁਸਾਰ ਆਗਿਆ ਦੇਵੇ ਇਸ ਮੌਕੇ ਹਲਕਾ ਲਹਿਰਾਗਾਗਾ ਦੇ ਪ੍ਰਧਾਨ ਸਾਬਕਾ ਸਰਪ

ਨਸ਼ੇ ਵਿਰੁੱਧ ਲੜਾਈ ਸਿਆਸੀ ਨਹੀਂ, ਨੌਜਵਾਨਾਂ ਦਾ ਭਵਿੱਖ ਬਚਾਉਣ ਦੀ ਮੁਹਿੰਮ ਹੈ: ਸੀਐਮ ਸੈਣੀ

ਨਸ਼ਾ ਮੁਕਤੀ ਯਾਤਰਾ ਦੇ ਚੌਥੇ ਪੜਾਅ ਦੇ ਪ੍ਰੋਗਰਾਮ 'ਚ ਸੀਐਮ ਸੈਣੀ ਅਰਨੀਵਾਲਾ ਵਿਖੇ ਹੋਏ ਸ਼ਾਮਲ

ਚੰਡੀਗੜ੍ਹ, 21 ਸਤੰਬਰ (ਰਾਜੇਂਦਰ ਸਿੰਘ ਜਾਦੋਂ):- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੀ ਧਰਤੀ ਕਦੇ ਆਪਣੀ ਖੁਸ਼ਹਾਲੀ, ਜੀਵੰਤਤਾ ਅਤੇ ਮਿਹਨਤਕਸ਼ ਨੌਜਵਾਨਾਂ ਲਈ ਜਾਣੀ ਜਾਂਦੀ ਸੀ, ਪਰ ਅੱਜ ਨਸ਼ਾ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਦੇ ਸਾਹਮਣੇ ਇੱਕ ਵੱਡੀ ਚੁਣੌਤੀ ਬਣ ਗਿਆ ਹੈ। ਨਸ਼ੇ ਵਿਰੁੱਧ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੂੰ ਜਨ ਅੰਦੋਲਨ ਦਾ ਰੂਪ ਦੇਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ੇ ਵਿਰੁੱਧ ਇਹ ਲੜਾਈ ਕਿਸੇ ਸਿਆਸੀ ਪਾਰਟੀ ਦੀ ਨਹੀਂ, ਸਗੋਂ ਨੌਜਵਾਨਾਂ ਅਤੇ ਆਉਣ ਵਾਲੀ ਪੀੜ੍ਹੀ ਨੂੰ ਬਚਾਉਣ ਦੀ ਲੜਾਈ ਹੈ। ਮੁੱਖ ਮੰਤਰੀ ਸੋਮਵਾਰ ਨੂੰ ਅਰਨੀਵਾਲਾ (ਫ਼ਾਜ਼ਿਲਕਾ) ਵਿਖੇ ਨਸ਼ਾ ਮੁਕਤੀ ਯਾਤਰਾ ਦੇ ਚੌਥੇ ਪੜਾਅ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ ਅਤੇ ਹਾਜ਼ਰ ਲੋਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ 18 ਸਤੰਬਰ ਤੋਂ ਸ਼ੁਰੂ ਹੋਈ ਇਹ ਯਾਤਰਾ 30 ਸਤੰਬਰ ਤੱਕ ਚੱਲੇਗੀ ਅਤੇ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕਰਦਿਆਂ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਨੂੰ ਕਵਰ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਨਸ਼ੇ ਵਿਰੁੱਧ ਮਜ਼ਬੂਤੀ ਨਾਲ ਲੜ ਰਿਹਾ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਇਸ ਅਭਿਆਨ ਵਿੱਚ ਆਪਣੀ ਭਾਗੀਦਾਰੀ ਯਕੀਨੀ ਬਣਾਉਣੀ ਚਾਹੀਦੀ ਹੈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਛੇ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਸਰਕਾਰ ਦੇ ਕਾਰਜਕਾਲ ਦੇ ਆਖ਼ਰੀ ਪੜਾਅ ਵਿੱਚ ਵੀ ਸੂਬੇ ਵਿੱਚ ਨਸ਼ੇ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਵਾਅਦੇ ਵੀ ਕੀਤੇ ਗਏ ਸਨ, ਪਰ ਨੌਜਵਾਨਾਂ ਨੂੰ ਇਸ ਦਾ ਕੋਈ ਲਾਭ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਬਦਲਾਅ ਦਾ ਮਨ ਬਣਾ ਚੁੱਕੀ ਹੈ ਅਤੇ ਆਉਣ ਵਾਲਾ ਸਮਾਂ ਭਾਜਪਾ ਦਾ ਹੋਵੇਗਾ ਮੁੱਖ ਮੰਤਰੀ ਨੇ ਕਿਹਾ ਕਿ ਨਸ਼ੇ ਵਿਰੁੱਧ ਲੜਾਈ ਸਿਰਫ਼ ਕਾਨੂੰਨ-ਵਿਵਸਥਾ ਤੱਕ ਸੀਮਤ ਨਹੀਂ ਹੈ, ਸਗੋਂ ਇਸ ਲਈ ਇਲਾਜ, ਮੁੜ ਵਸੇਬਾ, ਖੇਡਾਂ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਵੀ ਨਾਲ ਲੈ ਕੇ ਚੱਲਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਐੱਮ.ਐੱਸ.ਪੀ. ਯਕੀਨੀ ਬਣਾਉਣ, ਕੁਦਰਤੀ ਆਫ਼ਤ ਸਮੇਂ ਆਰਥਿਕ ਸਹਾਇਤਾ ਦੇਣ ਅਤੇ ਫ਼ਸਲ ਦੀ ਖ਼ਰੀਦ ਦਾ ਸਮੇਂ ਸਿਰ ਭੁਗਤਾਨ ਕਰਨ ਦਾ ਕੰਮ ਕਰ ਰਹੀ ਹੈ। ਗਰੀਬ ਪਰਿਵਾਰਾਂ ਨੂੰ ਪ੍ਰਧਾਨ ਮੰਤਰੀ ਆਵਾਜ਼ ਯੋਜਨਾ ਦੇ ਮਾਧਿਅਮ ਨਾਲ ਪੱਕੇ ਮਕਾਨ ਉਪਲਬਧ ਕਰਵਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖ ਕੇ ਉਨ੍ਹਾਂ ਨੂੰ ਸਿੱਖਿਆ, ਰੁਜ਼ਗਾਰ, ਖੇਡਾਂ ਅਤੇ ਵਿਕਾਸ ਦੇ ਮੌਕੇ ਦੇਣਾ ਹੀ ਨਸ਼ਾ ਮੁਕਤ ਸਮਾਜ ਦੀ ਮਜ਼ਬੂਤ ਨੀਂਹ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਅਭਿਆਨ ਨੂੰ ਜਨ ਅੰਦੋਲਨ ਬਣਾਉਣ ਅਤੇ ਨਸ਼ੇ ਵਿਰੁੱਧ ਇਕੱਠੇ ਹੋ ਕੇ ਆਪਣੀ ਆਉਣ ਵਾਲੀ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਕਰਨ।

ਡੋਰ-ਟੂ-ਡੋਰ ਸੰਪਰਕ ਮੁਹਿੰਮ ਦੀ ਤਿਆਰੀ ਸਬੰਧੀ ਵਿਧਾਇਕ ਰੰਧਾਵਾ ਨੇ ਕੀਤੀ ਅਹਿਮ ਬੈਠਕ

- ਕੱਲ੍ਹ ਤੋਂ ਹਲਕਾ ਡੇਰਾਬੱਸੀ ਵਿੱਚ ਸ਼ੁਰੂ ਹੋਵੇਗੀ 'ਮਾਨ ਦੇ ਮੁਨਾਫ਼ੇ' ਮੁਹਿੰਮ, ਵਿਧਾਇਕ ਰੰਧਾਵਾ ਖੁਦ ਪਹੁੰਚਣਗੇ ਘਰ-ਘਰ

ਡੇਰਾਬੱਸੀ, 21 ਸਤੰਬਰ: (ਸੁਖਵਿੰਦਰ ਸੈਣੀ)-ਆਮ ਆਦਮੀ ਪਾਰਟੀ ਪੰਜਾਬ ਵੱਲੋਂ ਸ਼ੁਰੂ ਕੀਤੀ ਜਾ ਰਹੀ 'ਮਾਨ ਦੇ ਮੁਨਾਫ਼ੇ' ਡੋਰ-ਟੂ-ਡੋਰ ਸੰਪਰਕ ਮੁਹਿੰਮ ਨੂੰ ਹਲਕਾ ਡੇਰਾਬੱਸੀ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਅਹਿਮ ਬੈਠਕ ਕੀਤੀ ਗਈ। ਬੈਠਕ ਵਿੱਚ ਨਗਰ ਕੌਂਸਲਾਂ ਦੇ ਪ੍ਰਧਾਨ ਸਾਹਿਬਾਨ, ਐਮ.ਸੀਜ਼, ਵਾਰਡ ਇੰਚਾਰਜਾਂ, ਬਲਾਕ ਪ੍ਰਧਾਨਾਂ ਅਤੇ ਵੱਖ-ਵੱਖ ਵਿੰਗਾਂ ਦੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ।

ਬੈਠਕ ਦੌਰਾਨ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਮੁਹਿੰਮ ਦੀ ਸ਼ੁਰੂਆਤ 22 ਸਤੰਬਰ ਤੋਂ ਹਲਕਾ ਡੇਰਾਬੱਸੀ ਵਿੱਚ ਕੀਤੀ ਜਾਵੇਗੀ ਅਤੇ ਉਹ ਖੁਦ ਵੀ ਘਰ-ਘਰ ਪਹੁੰਚ ਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ। ਵਿਧਾਇਕ ਰੰਧਾਵਾ ਨੇ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨਾਲ ਸਿੱਧਾ ਸੰਪਰਕ ਕਾਇਮ ਕਰਨਾ, ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਭਲਾਈ ਦੇ ਕੰਮਾਂ ਅਤੇ ਯੋਜਨਾਵਾਂ ਬਾਰੇ ਜਾਣਕਾਰੀ ਦੇਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਤੇ ਸੁਝਾਵਾਂ ਨੂੰ ਸਿੱਧੇ ਤੌਰ 'ਤੇ ਜਾਣਨਾ ਹੈ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਲਗਾਤਾਰ ਸੰਪਰਕ ਹੀ ਕਿਸੇ ਵੀ ਜਨਤਕ ਨੁਮਾਇੰਦੇ ਅਤੇ ਪਾਰਟੀ ਸੰਗਠਨ ਦੀ ਕਾਰਗੁਜ਼ਾਰੀ ਨੂੰ ਲੋਕਾਂ ਨਾਲ ਜੋੜਦਾ ਹੈ ਉਨ੍ਹਾਂ ਪਾਰਟੀ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਮੁਹਿੰਮ ਦੌਰਾਨ ਲੋਕਾਂ ਨਾਲ ਪੂਰੇ ਸਤਿਕਾਰ ਅਤੇ ਨਿਮਰਤਾ ਨਾਲ ਸੰਪਰਕ ਕਰਨ ਅਤੇ ਉਨ੍ਹਾਂ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਸੁਣਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸੁਝਾਵਾਂ ਅਤੇ ਸਥਾਨਕ ਮੁੱਦਿਆਂ ਨੂੰ ਵੀ ਪਹਿਲ ਦੇ ਆਧਾਰ 'ਤੇ ਨੋਟ ਕੀਤਾ ਜਾਵੇ।

ਹਲਕਾ ਸ੍ਰੀ ਚਮਕੌਰ ਸਾਹਿਬ ਅਧੀਨ ਪੈਂਦੇ ਪਿੰਡ ਸਿੱਲ ਤੇ ਘੋਗਾ ਖੇੜੀ ਦੀਆਂ ਗ੍ਰਾਮ ਪੰਚਾਇਤਾਂ 'ਆਪ' ਵਿੱਚ ਸ਼ਾਮਿਲ

ਸ਼ਸ਼ੀ ਪਾਲ ਜੈਨ

ਖਰੜ 21 ਸਤੰਬਰ-ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਿਆ ਵਿਧਾਨ ਸਭਾ ਸ਼ ਼ੀ ਚਮਕੌਰ ਸਾਹਿਬ ਵਿੱਚ ਜਦੋਂ ਟਕਸਾਲੀ ਕਾਂਗਰਸੀ ਸਮਰਥਨ ਵਾਲੇ ਪਿੰਡ ਸਿੱਲ ਅਤੇ ਪਿੰਡ ਘੋਗਾ ਖੇੜੀ ਦੀਆਂ ਗ੍ਰਾਮ ਪੰਚਾਇਤਾਂ ਆਮ ਆਦਮੀ ਪਾਰਟੀ ਵਿੱਚ ਸਾਮਿਲ ਹੋ ਗਈਆਂ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਸਵੀਰ ਸਿੰਘ ਗੜ੍ਹੀ ਦੀ ਯੋਗ ਅਗਵਾਈ ਹੇਠ ਕਰਵਾਏ ਗਏ ਇੱਕ ਸਮਾਗਮ ਦੌਰਾਨ, ਦੋਵਾਂ ਪਿੰਡਾਂ ਦੀ ਪੰਚਾਇਤ ਅਤੇ ਸੈਂਕੜੇ ਪਿੰਡ ਵਾਸੀਆਂ ਨੇ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ 'ਆਪ' ਦਾ ਦਾਮਨ ਫੜਿਆ। ਇਸ ਵਿੱਚ ਪਿੰਡ ਘੋਗਾ ਖੇੜੀ ਦੀ ਸਰਪੰਚ ਪਰਵਿੰਦਰ ਕੌਰ, ਪੰਚ ਸੁਰਿੰਦਰ ਕੌਰ, ਪੰਚ ਰਜਿੰਦਰ ਸਿੰਘ, ਪੰਚ ਜਸਵੀਰ ਕੌਰ, ਪੰਚ ਕੁਲਵੀਰ ਸਿੰਘ ਅਤੇ ਪੰਚ ਸੁਖਜਿੰਦਰ ਕੌਰ ਸਾਮਲ ਹਨ। ਇਸੇ ਤਰਾਂ ਪਿੰਡ ਸਿੱਲ ਦੀ ਪੰਚਾਇਤ ਵੱਲੋਂ ਤਿੰਨ ਪੰਚ ਸਾਮਲ ਹੋਏ। ਪੰਜ ਪੰਚਾਂ ਦੀ ਇਸ ਪੰਚਾਇਤ ਵਿੱਚ ਕਾਂਗਰਸ ਦੇ ਸਰਪੰਚ ਦਾ ਕੋਰਮ ਪੂਰੀ ਤਰਾਂ ਨਾਲ ਖਤਮ ਹੋ ਗਿਆ ਹੈ, ਸਾਮਿਲ ਹੋਣ ਵਾਲਿਆਂ ਵਿੱਚ ਪੰਚ ਜੀਵਨਜੋਤ ਸਿੰਘ, ਪੰਚ ਜਗਦੀਪ ਸਿੰਘ, ਪੰਚ ਚਰਨਜੀਤ ਕੌਰ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਪ ਪਾਰਟੀ ਦੇ ਹਲਕਾ ਇੰਚਾਰਜ ਜਸਵੀਰ ਸਿੰਘ ਗੜ੍ਹੀ ਨੇ ਤਿੱਖਾ ਹਮਲਾ ਬੋਲਦਿਆਂ ਕਿਹਾ, "ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਕਾਂਗਰਸ ਨੂੰ ਪੂਰੀ ਤਰਾਂ ਨੇਸਤੋ-ਨਾਬੂਦ ਕਰ ਦਿਆਂਗੇ।" ਉਨਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ-ਵਿਰੋਧੀ ਨੀਤੀਆਂ ਅਤੇ ਭ ਿ?ਸਟਾਚਾਰ ਤੋਂ ਅੱਕ ਕੇ ਲੋਕ ਹੁਣ ਆਮ ਆਦਮੀ ਪਾਰਟੀ ਨਾਲ ਤੇਜੀ ਨਾਲ ਜੁੜ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਦਾ ਵਜੂਦ ਇਸ ਇਲਾਕੇ ਵਿੱਚੋਂ ਖਤਮ ਹੋ ਜਾਵੇਗਾ। ਹਲਕਾ ਇੰਚਾਰਜ ਜਸਵੀਰ ਸਿੰਘ ਗੜ੍ਹੀ ਨੇ ਪਾਰਟੀ ਵਿੱਚ ਸਾਮਿਲ ਹੋਣ ਵਾਲੇ ਸਮੂਹ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਦਾ ਜੀ ਆਇਆਂ ਨੂੰ ਆਖਦਿਆਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਉਨਾਂ ਵਿਸਵਾਸ ਦਿਵਾਇਆ ਕਿ ਪਾਰਟੀ ਵਿੱਚ ਆਉਣ ਵਾਲੇ ਹਰ ਵਰਕਰ ਅਤੇ ਆਗੂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੰਗਠਨ ਇੰਚਾਰਜ ਅਤੇ ਮਾਰਕੀਟ ਕਮੇਟੀ ਚੇਅਰਮੈਨ ਅਮਨਦੀਪ ਸਿੰਘ ਮਾਂਗਟ, ਬਲਾਕ ਸੰਮਤੀ ਮੈਂਬਰ ਅਤੇ ਵਾਈਸ ਚੇਅਰਮੈਨ ਬਲਾਕ ਸੰਮਤੀ ਖਰੜ ਨਿਰਪਾਲ ਸਿੰਘ ਮੰਡੇਰ, ਯੂਥ ਆਗੂ ਅਮਰਪਾਲ ਸਿੰਘ, ਸਰਪੰਚ ਦਲਬਾਰਾ ਸਿੰਘ ਗੜ੍ਹਾਂਗਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ-ਸਰਪੰਚ ਅਤੇ ਪਿੰਡ ਵਾਸੀ ਹਾਜਰ ਸਨ।

ਖੁੰਨੀ ਮਾਜਰਾ 'ਚ ਬਣੇਗਾ ਆਧੁਨਿਕ ਸਪੋਰਟਸ ਕੰਪਲੈਕਸ, 1.25 ਕਰੋੜ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ-ਪਰਮਿੰਦਰ ਸਿੰਘ ਗੋਲਡੀ

ਸ਼ਸ਼ੀ ਪਾਲ ਜੈਨ

ਖਰੜ 21 ਸਤੰਬਰ-ਹਲਕਾ ਖਰੜ ਦੇ ਇੰਚਾਰਜ ਅਤੇ ਚੇਅਰਮੈਨ, ਯੂਥ ਡਿਵੈਲਪਮੈਂਟ ਬੋਰਡ ਪੰਜਾਬ ਪਰਮਿੰਦਰ ਸਿੰਘ ਗੋਲਡੀ ਵੱਲੋਂ ਹਲਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਇਨਾਂ ਵਿਕਾਸ ਕਾਰਜਾਂ 'ਤੇ ਕੁੱਲ ਲਗਭਗ 1.25 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸ ਤਹਿਤ ਖਰੜ ਦੇ ਵਾਰਡ ਨੰਬਰ 14 ਵਿੱਚ ਗੁੱਗਾਮਾੜੀ ਰੋਡ 'ਤੇ ਪੇਵਰ ਟਾਈਲਾਂ ਦੀ ਰੀਲੇਇੰਗ ਲਈ 15.16 ਲੱਖ ਰੁਪਏ, ਜਦਕਿ ਵਾਰਡ ਨੰਬਰ 24 ਵਿੱਚ ਗੀਲੇਇੰਗ ਲਈ ਕੁੱਲ 33 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਵਾਰਡ ਨੰਬਰ 18 ਦੇ ਪਿੰਡ ਖੁੰਨੀ ਮਾਜਰਾ ਵਿਖੇ ਸਪੋਰਟਸ ਕੰਪਲੈਕਸ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਵੀ ਕੀਤੀ ਗਈ। ਇਸ ਪ੍ਰਾਜੈਕਟ 'ਤੇ ਲਗਭਗ 77 ਲੱਖ ਰੁਪਏ ਖਰਚ ਕੀਤੇ ਜਾਣਗੇ। ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨਾਂ ਲਈ ਬਿਹਤਰ ਖੇਡ ਸਹੂਲਤਾਂ ਯਕੀਨੀ ਬਣਾਉਣ ਲਈ ਮਾਨ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਖਰੜ ਦੇ ਪਿੰਡ ਖੁੰਨੀ ਮਾਜਰਾ ਵਿਖੇ ਬਣਨ ਵਾਲੇ ਸਪੋਰਟਸ ਕੰਪਲੈਕਸ ਵਿੱਚ ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਲਈ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਵਿੱਚ ਖੇਡ ਮੈਦਾਨ, ਓਪਨ ਜਿਮ, ਬਾਸਕਟਬਾਲ ਗਰਾਊਂਡ, ਰਨਿੰਗ ਅਤੇ ਜੌਗਿੰਗ ਟਰੈਕ, ਵੱਖ-ਵੱਖ ਕਿਸਮ ਦੇ ਓਪਨ ਸਿਟਿੰਗ ਏਰੀਆ, ਵੱਖਰੀ ਪਾਰਕਿੰਗ ਅਤੇ ਪਬਲਿਕ ਟਾਇਲਟ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਉਪਲਬਧ ਹੋਣਗੀਆਂ। ਗੋਲਡੀ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸਾਹਿਤ ਕਰਨਾ ਸਮੇਂ ਦੀ ਲੋੜ ਹੈ ਅਤੇ ਖੁੰਨੀ ਮਾਜਰਾ ਵਿਖੇ ਬਣਨ ਵਾਲਾ ਆਧੁਨਿਕ ਸਪੋਰਟਸ ਕੰਪਲੈਕਸ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਿੱਚ ਸਹਾਇਕ ਸਾਬਤ ਹੋਵੇਗਾ। ਉਨਾਂ ਕਿਹਾ ਕਿ ਹਲਕਾ ਖਰੜ ਦੇ ਸਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਲਗਾਤਾਰ ਤਰਜੀਹ ਦਿੱਤੀ ਜਾ ਰਹੀ ਹੈ। ਇਸ ਮੌਕੇ ਕਾਰਜ ਸਾਧਕ ਅਧਿਕਾਰੀ ਅਸ਼ੋਕ ਪਥਰੀਆ ਸਮੇਤ ਨਗਰ ਕੌਂਸਲ ਦਾ ਦਫਤਰੀ ਸਟਾਫ, ਬਲਾਕ ਸਮਿਤੀ ਦੇ ਚੇਅਰਮੈਨ ਰਘੁਬੀਰ ਸਿੰਘ ਮੋਦੀ, ਗੁਰਸਰਨ ਸਿੰਘ (ਸੰਗਠਨ ਇੰਚਾਰਜ), ਸੁਖਵਿੰਦਰ ਸਿੰਘ ਬਿੱਟੂ (ਚੇਅਰਮੈਨ ਮਾਰਕੀਟ ਕਮੇਟੀ ਖਰੜ), ਰਾਮ ਸਰੂਪ, ਜੁਝਾਰ ਸਿੰਘ (ਬਲਾਕ ਪ੍ਰਧਾਨ), ਮੋਹਨ ਸਿੰਘ, ਏ.ਐੱਮ.ਈ. ਜਤਿੰਦਰ ਸਿੰਘ, ਆਰਕੀਟੈਕਟ ਆਸੀਸ ਬਾਂਸਲ ਅਤੇ ਹਰਮਿਤ ਸਿੰਘ ਤੋਂ ਇਲਾਵਾ ਪਾਰਟੀ ਆਗੂ, ਵਲੰਟੀਅਰ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਰਹੇ।

ਕੇਂਦਰੀ ਪੰਜਾਬੀ ਲੇਖਕ ਸਭਾ ਨੇ ਚੰਦ ਫ਼ਤਿਹਪੁਰੀ ਦੇ ਵਿਛੋੜੇ ਨੂੰ ਪੰਜਾਬੀ ਪੱਤਰਕਾਰੀ ਲਈ ਵੱਡਾ ਘਾਟਾ ਦੱਸਿਆ

ਚੰਡੀਗੜ੍ਹ, 21 ਸਤੰਬਰ(ਦੇਸ਼ ਪ੍ਰਦੇਸ਼ ਬਿਊਰੋ):-:-ਉੱਘੇ ਪੱਤਰਕਾਰ, 'ਨਵਾਂ ਜ਼ਮਾਨਾ' ਦੇ ਸੰਪਾਦਕ ਅਤੇ ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੇ ਸੀਨੀਅਰ ਆਗੂ ਕਾਮਰੇਡ ਚੰਦ ਫ਼ਤਿਹਪੁਰੀ ਦੇ ਦੇਹਾਂਤ 'ਤੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ) ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ। ਕਾਮਰੇਡ ਚੰਦ ਫ਼ਤਿਹਪੁਰੀ ਨੇ ਲੰਮੇ ਸਮੇਂ ਤੱਕ ਪੰਜਾਬੀ ਪੱਤਰਕਾਰੀ ਦੇ ਖੇਤਰ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਈ। 'ਨਵਾਂ ਜ਼ਮਾਨਾ' ਨਾਲ ਉਨ੍ਹਾਂ ਦਾ ਲੰਮਾ ਅਤੇ ਗਹਿਰਾ ਸਬੰਧ ਰਿਹਾ ਅਤੇ ਸੰਪਾਦਕ ਵਜੋਂ ਉਨ੍ਹਾਂ ਨੇ ਅਖ਼ਬਾਰ ਦੀਆਂ ਜ਼ਿੰਮੇਵਾਰੀਆਂ ਬਾਖ਼ੂਬੀ ਨਿਭਾਈਆਂ। ਆਪਣੀ ਲੇਖਣੀ ਰਾਹੀਂ ਉਨ੍ਹਾਂ ਨੇ ਲੋਕਾਂ ਦੇ ਦੁੱਖ

ਸੰਪਾਦਕੀ

ਲੋਕਤੰਤਰ 'ਤੇ 'ਧਨਾਢ' ਪਰਛਾਵੇਂ

ਸੁਤੰਤਰਤਾਵਾਦੀ ਚਿੰਤਕ ਜੇਮਸ ਡੇਲ ਡੇਵਿਡਸਨ ਤੇ ਵਿਲੀਅਮ ਰੀਸ ਮੌਗ ਨੇ 1997 'ਚ ਆਪਣੀ ਕਿਤਾਬ 'ਪ੍ਰਭੂ ਸੱਤਾ ਸੰਪੰਨ ਵਿਅਕਤੀ' 'ਚ ਭਵਿੱਖਬਾਣੀ ਕੀਤੀ ਸੀ ਕਿ ਕੁਝ ਵਿਅਕਤੀ ਭਵਿੱਖ 'ਚ ਇੰਨੇ ਧਨਾਢ ਅਤੇ ਤਾਕਤਵਰ ਬਣ ਜਾਣਗੇ ਕਿ ਉਹ ਰਾਜ ਤੇ ਸਰਕਾਰਾਂ ਦੁਆਰਾ ਕੰਟਰੋਲ ਨਹੀਂ ਹੋ ਸਕਣਗੇ। ਰਾਜ ਤੇ ਸਰਕਾਰਾਂ ਕਾਰਪੋਰੇਸ਼ਨ ਤੇ ਗ੍ਰਾਹਕ ਬਣ ਕੇ ਰਹਿ ਜਾਣਗੇ। ਅਜਿਹੇ ਵਿਅਕਤੀ ਵੱਡੀਆਂ ਤਕਨੀਕੀ ਤੇ ਵਪਾਰਕ ਫਰਮਾਂ ਸਥਾਪਤ ਕਰਨਗੇ, ਜਿਨ੍ਹਾਂ ਦੀ ਆਮਦਨ ਅਕਸਰ ਦੇਸ਼ਾਂ ਦੀ ਕੁੱਲ ਜੀਡੀਪੀ ਨਾਲੋਂ ਵੱਧ ਹੋਵੇਗੀ। ਇਹਨਾਂ ਫਰਮਾਂ ਦੇ ਮੁੱਖ ਕਾਰਜਕਾਰੀ ਅਧਿਕਾਰੀ ਰਾਜਾਂ ਤੇ ਸਰਕਾਰਾਂ ਦੀਆਂ ਨੀਤੀਆਂ ਤੇ ਪ੍ਰਸ਼ਾਸਨ ਨੂੰ ਪ੍ਰਭਾਵਿਤ ਕਰਨਗੇ। ਉਹ ਸ਼ਾਸਨ ਪ੍ਰਬੰਧ ਨੂੰ ਚਲਾਉਣ ਲਈ ਨਵੀਆਂ ਤਕਨੀਕਾਂ ਇਜਾਦ ਕਰਨਗੇ। ਸਥਾਨਕ ਤੇ ਆਰਥਿਕ ਖੇਤਰ ਵੀ ਉਨ੍ਹਾਂ ਦੇ ਪ੍ਰਭਾਵ ਹੇਠ ਕੰਮ ਕਰਦੇ ਦਿਸਣਗੇ। ਹੋਰਨਾਂ ਤੋਂ ਇਲਾਵਾ ਇਸ ਵਿਸ਼ਵ ਦੇ ਸਭ ਤੋਂ ਤਾਕਤਵਰ ਲੋਕਤੰਤਰ ਕਹਾਉਂਦੇ ਅਮਰੀਕਾ, ਸਭ ਤੋਂ ਪੁਰਾਣਾ ਲੋਕਤੰਤਰ ਕਹਾਉਂਦੇ ਬਰਤਾਨੀਆ ਅਤੇ ਸਭ ਤੋਂ ਵੱਡਾ ਲੋਕਤੰਤਰ ਕਹਾਉਂਦੇ ਭਾਰਤ 'ਚ ਅਜਿਹੀਆਂ ਪ੍ਰਕਿਰਿਆ ਦੀ ਸ਼ੁਰੂਆਤ ਦਾ ਡੰਕਾ ਵੱਜਦਾ ਅਸੀਂ ਵੇਖ ਸਕਦੇ ਹਾਂ। ਐਸੇ ਵਰਤਾਰੇ ਦੇ ਟਰੇਲਰ ਅਸੀਂ ਅਮਰੀਕਾ, ਯੂਕੇ ਤੇ ਭਾਰਤ ਆਦਿ ਦੇਸ਼ਾਂ 'ਚ ਦੇਖ ਰਹੇ ਹਾਂ। ਅਮਰੀਕਾ ਅੰਦਰ ਐਲਨ ਮਸਕ ਵਿਸ਼ਵ ਦਾ ਪਹਿਲਾ ਟਰੇਲੀਅਨਪਤੀ ਧਨਾਢ ਬਣਿਆ ਹੈ। ਉਸ ਨੇ ਆਪਣੇ ਕੋਲ ਇੰਨਾ ਧਨ ਇਕੱਤਰ ਕਰ ਲਿਆ ਹੈ ਕਿ ਉਹ ਅਮਰੀਕਾ ਹੀ ਨਹੀਂ ਬਲਕਿ ਵਿਸ਼ਵ ਦੇ ਹੋਰ ਕਈ ਦੇਸ਼ਾਂ ਅੰਦਰ ਲੋਕਤੰਤਰ ਨੂੰ ਪ੍ਰਭਾਵਿਤ ਕਰਨ ਸਮਰੱਥ ਬਣ ਗਿਆ। ਉਸ ਨੇ ਅਮਰੀਕਾ ਦੀਆਂ ਸਨ 2024 ਦੀਆਂ ਰਾਸ਼ਟਰਪਤੀ ਚੋਣਾਂ 'ਚ ਅਜੋਕੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਚੋਣ ਮੁਹਿਮ 'ਚ 280 ਮਿਲੀਅਨ ਡਾਲਰ ਚੰਦੇ ਵਜੋਂ ਦਿੱਤੇ। ਇਵੇਂ ਹੀ ਵੱਖ-ਵੱਖ ਰਾਜਾਂ 'ਚ ਜਨਤਕ ਰਾਏ ਦੀ ਹਵਾ ਦਾ ਰੁਖ਼ ਬਦਲਣ ਧਨ ਦੀ ਬਰਸਾਤ ਕੀਤੀ। ਨਤੀਜੇ ਵਜੋਂ ਉਹ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਅਮਰੀਕੀ ਸ਼ਾਸਨ ਦਾ ਪ੍ਰਭਾਵਸ਼ਾਲੀ ਵਿਅਕਤੀ ਬਣ ਗਿਆ, ਜਿਸ ਦਾ ਰਾਸ਼ਟਰਪਤੀ ਤੇ ਸ਼ਾਸਨ 'ਤੇ ਸਿੱਧਾ ਪ੍ਰਭਾਵ ਦੇਖਿਆ ਜਾ ਰਿਹਾ ਹੈ। ਪਹਿਲਾਂ ਉਸ ਨੂੰ ਗੁਣਵੱਤਾ ਵਿਭਾਗ ਦਾ ਮੁਖੀ ਬਣਾਇਆ ਗਿਆ, ਜਿਸ 'ਚ ਉਸ ਨੇ ਤਾਨਾਸ਼ਾਹ ਤਰ੍ਹਾਂ ਹਜ਼ਾਰਾਂ ਸਰਕਾਰੀ ਅਹੁਦਿਆਂ ਦੀ ਛਾਂਟੀ ਕੀਤੀ। ਕਿਸੇ ਨੇ ਕੋਈ ਸਵਾਲ ਖੜ੍ਹਾ ਨਾ ਕੀਤਾ। ਹੁਣ ਉਹ ਰਾਜਨੀਤਿਕ ਕਾਰਵਾਈ ਕਮੇਟੀ ਦਾ ਮੁਖੀ ਹੈ, ਜਿਸ ਨੂੰ ਅਮਰੀਕੀ ਧਨਾਢਾ ਤੋਂ ਅਸੀਮਤ ਚੰਦਾ ਲੈਣ ਦੀ ਖੁੱਲ੍ਹ ਹੈ ਜੋ ਚੋਣਾਂ ਦਾ ਮੁਹਾਨਾ ਬਦਲਣ ਲਈ ਵੱਡਾ ਰੋਲ ਅਦਾ ਕਰਦੇ ਹਨ। ਅਮਰੀਕੀ ਮੱਧਕਾਲੀ ਚੋਣਾਂ ਲਈ ਇਹ ਕਮੇਟੀ 100 ਮਿਲੀਅਨ ਡਾਲਰ ਤੋਂ ਵੱਧ ਧੰਨ ਖਰਚ ਕਰ ਰਹੀ ਹੈ ਤਾਂ ਕਿ ਰਿਪਬਲੀਕਨਾ ਦੀ ਜਿੱਤ ਯਕੀਨੀ ਬਣਾਈ ਜਾ ਸਕੇ। ਐਲਨ ਮਸਕ ਅਮਰੀਕਾ ਅੰਦਰ ਤਾਨਾਸ਼ਾਹ ਸ਼ਕਤੀ ਦਾ ਮਾਲਕ ਬਣ ਚੁੱਕਾ ਹੈ, ਜਿਸ ਕੋਲ ਰਾਜ ਦੀਆਂ ਨੀਤੀਆਂ ਨਿਰਧਾਰਿਤ ਕਰਨ 'ਚ ਮਹੱਤਵਪੂਰਨ ਸਥਾਨ ਪ੍ਰਾਪਤ ਹੈ, ਜਿਸ ਲਈ ਉਹ ਕਿਸੇ ਅੱਗੇ ਜਵਾਬ ਦੇ ਨਹੀਂ। ਅਜਿਹਾ ਕਿਉਂ ਹੈ? ਉਸ ਕੋਲ ਗਲੋਬਲ ਸੈਟਲਾਈਟਸ, ਏਆਈ, ਸੋਸ਼ਲ ਮੀਡੀਆ, ਡਿਜੀਟਲ ਟੈਸਲਾ ਵਾਹਨ, ਸੰਗਠੀ ਟਿਕਾਣਿਆ ਦੀ ਨਿਸ਼ਾਨਦੇਹੀ ਆਦਿ ਦਾ ਏਕਾਧਿਕਾਰ ਪ੍ਰਾਪਤ ਹੋ ਚੁੱਕਾ ਹੈ। ਇਸ ਸਮੇਂ ਉਹ ਜੇਮਸ ਡੇਲ ਡੇਵਿਡਸਨ ਅਤੇ ਰੀਸ ਮੌਗ ਵੱਲੋਂ ਅਨੁਮਾਨਤ 'ਪ੍ਰਭੂ ਸੱਤਾ ਸੰਪੰਨ ਵਿਅਕਤੀ' ਬਣਨ ਕਰੀਬ ਪਹੁੰਚ ਚੁੱਕਾ ਹੈ। ਇਝ ਹੀ ਟਰੰਪ ਪ੍ਰਸ਼ਾਸਨ ਅੰਦਰ ਧਨਾਢ ਜੁੰਡਲੀ ਜਿਸ 'ਚ ਉਪ ਰਾਸ਼ਟਰਪਤੀ ਜੇਡੀ ਵਾਂਸ, ਖ਼ਰਬਪਤੀ ਸਕੱਤਰ ਹਾਵਰਡ ਲੁੱਟਨਿਕ, ਬਹੁ ਅਰਬਪਤੀ ਖ਼ਜ਼ਾਨਾ ਸਕੱਤਰ ਸਕਾਟ ਬੈਸੇਂਟ ਅਤੇ ਸੱਜੇ ਪੱਖੀ ਮੀਡੀਆ ਡਾਨ ਨੀਤੀਆਂ ਨਿਰਧਾਰਨ ਵਿਵਸਥਾ 'ਤੇ ਪੂਰੀ ਪਕੜ ਰੱਖਦੇ ਹਨ। ਵੈਸੇ ਤਾਂ ਸਭ ਰਾਸ਼ਟਰਾਂ ਦੇ ਲੋਕ ਅਕਸਰ ਕਹਿੰਦੇ ਵਿਖਾਈ ਦਿੰਦੇ ਹਨ ਕਿ ਉਹ ਖਰੀਦੇ ਨਹੀਂ ਜਾ ਸਕਦੇ।

ਦੀਵੇ ਦੀ ਲੌਅ ਤੇ ਸਾਡੀਆਂ ਸੱਭਿਆਚਾਰਕ ਸੰਵੇਦਨਾਵਾਂ

ਦੀਵਾ ਜਗਾਉਣਾ ਜਾਂ ਨਾ ਜਗਾਉਣਾ ਇੱਕ ਨਿੱਜੀ ਫੈਸਲਾ ਹੈ। ਕਿਸੇ ਧਾਰਮਿਕ ਪਰੰਪਰਾ ਦੀ ਪਾਲਣਾ ਕਰਨਾ, ਉਸ ਤੋਂ ਦੂਰੀ ਬਣਾ ਕੇ ਰੱਖਣਾ, ਜਾਂ ਉਸਨੂੰ ਆਪਣੇ ਤਰੀਕੇ ਨਾਲ ਨਿਭਾਉਣਾ—ਇਹ ਸਭ ਇੱਕ ਲੋਕਤੰਤਰੀ ਸਮਾਜ ਵਿੱਚ ਵਿਅਕਤੀਗਤ ਆਜ਼ਾਦੀ ਦੇ ਮਾਮਲੇ ਹਨ। ਹਾਲਾਂਕਿ, ਜਦੋਂ ਨਿੱਜੀ ਪਸੰਦ ਜਾਂ ਰਾਜਨੀਤਿਕ ਅਸਹਿਮਤੀ ਦਾ ਪ੍ਰਗਟਾਵਾ ਕਿਸੇ ਧਾਰਮਿਕ ਚਿੰਨ੍ਹ ਅਤੇ ਸੱਭਿਆਚਾਰਕ ਪਰੰਪਰਾ ਦੇ ਜਨਤਕ ਮਜ਼ਾਕ ਤੱਕ ਪਹੁੰਚ ਜਾਂਦਾ ਹੈ, ਤਾਂ ਮਾਮਲਾ ਸਿਰਫ਼ ਦੀਵੇ ਤੱਕ ਸੀਮਿਤ ਨਹੀਂ ਰਹਿੰਦਾ। ਫਿਰ ਸਵਾਲ ਇਹ ਉੱਠਦਾ ਹੈ: ਆਪਣੀ ਅਸਹਿਮਤੀ ਪ੍ਰਗਟ ਕਰਦੇ ਸਮੇਂ ਅਸੀਂ ਦੂਜਿਆਂ ਦੀ ਆਸਥਾ ਅਤੇ ਸੱਭਿਆਚਾਰਕ ਸੰਵੇਦਨਾਵਾਂ ਦਾ ਕਿੰਨਾ ਕੁ ਸਤਿਕਾਰ ਕਰਦੇ ਹਾਂ?

ਭਾਰਤੀ ਸੱਭਿਆਚਾਰ ਵਿੱਚ ਦੀਵੇ ਦਾ ਬਹੁਤ ਵੱਡਾ ਮਹੱਤਵ ਹੈ। ਦੀਵਾਲੀ ਦਾ ਅਸਲ ਤੱਤ ਹੀ ਰੌਸ਼ਨੀ, ਉਮੀਦ ਅਤੇ ਹਨੇਰੇ 'ਤੇ ਚਾਨਣ ਦੀ ਜਿੱਤ ਨਾਲ ਜੁੜਿਆ ਹੋਇਆ ਹੈ। ਘਰਾਂ, ਮੰਦਰਾਂ ਅਤੇ ਵੱਖ-ਵੱਖ ਸ਼ੁਭ ਮੌਕਿਆਂ 'ਤੇ ਦੀਵੇ ਜਗਾਉਣ ਦੀ ਪਰੰਪਰਾ ਪੀੜ੍ਹੀਆਂ ਤੋਂ ਚਲੀ ਆ ਰਹੀ ਹੈ। ਅੱਜ ਵੀ ਬਹੁਤ ਸਾਰੇ ਭਾਰਤੀ ਪਰਿਵਾਰਾਂ ਵਿੱਚ ਸ਼ਾਮ ਵੇਲੇ ਦੀਵਾ ਜਗਾਉਣ ਦਾ ਰਿਵਾਜ ਨਿਭਾਇਆ ਜਾਂਦਾ ਹੈ। ਇਸ ਲਈ, ਬਹੁਤਿਆਂ ਲਈ, ਦੀਵਾ ਸਿਰਫ਼ ਤੇਲ, ਵੱਟੀ ਅਤੇ ਮਿੱਟੀ ਤੋਂ ਬਣੀ ਕੋਈ ਵਸਤੂ ਨਹੀਂ ਹੈ; ਇਹ ਸ਼ਰਧਾ, ਸ਼ੁਭਤਾ, ਗਿਆਨ ਅਤੇ ਸਕਾਰਾਤਮਕ ਊਰਜਾ ਦਾ ਪ੍ਰਤੀਕ ਹੈ।

ਇਸ ਭਾਵਨਾ ਨੂੰ ਇੱਕ ਪ੍ਰਸਿੱਧ ਸੰਸਕ੍ਰਿਤ ਪ੍ਰਾਰਥਨਾ ਵਿੱਚ ਬਹੁਤ ਸੁੰਦਰ ਢੰਗ ਨਾਲ ਬਿਆਨ ਕੀਤਾ ਗਿਆ ਹੈ: 'ਦੀਪੋ ਜਯੋਤਿਹ ਪਰਮ ਬ੍ਰਹਮ, ਦੀਪੋ ਜਯੋਤਿਰਜਨਾਰਦਨਹ; ਦੀਪੋ ਹਰਤੁ ਮੇ ਪਾਪਮ, ਸੰਧਿਆਦੀਪ ਨਮੋਸਤੁਤੇ।' ਇੱਥੇ, ਦੀਵੇ ਦੀ ਲੌਅ ਨੂੰ ਪਰਮ-ਜਯੋਤੀ (ਸਰਵਉੱਚ ਪ੍ਰਕਾਸ਼) ਵਜੋਂ ਪੂਜਿਆ ਜਾਂਦਾ ਹੈ ਅਤੇ ਅਗਿਆਨਤਾ ਤੇ ਨਕਾਰਾਤਮਕਤਾ ਨੂੰ ਦੂਰ ਕਰਨ ਲਈ ਪ੍ਰਾਰਥਨਾ ਕੀਤੀ ਜਾਂਦੀ ਹੈ। ਇਹੀ ਕਾਰਨ ਹੈ ਕਿ ਇੱਕ ਸਨਾਤਨੀ ਪਰਿਵਾਰ ਵਿੱਚ, ਦੀਵਾ ਜਗਾਉਣਾ ਸਿਰਫ਼ ਘਰੇਲੂ ਕੰਮ-ਕਾਜ ਦਾ ਹਿੱਸਾ ਨਹੀਂ, ਸਗੋਂ ਧਾਰਮਿਕ ਅਤੇ ਸੱਭਿਆਚਾਰਕ ਆਸਥਾ ਵਿੱਚ ਡੂੰਘਾਈ ਨਾਲ ਜੁੜਿਆ ਇੱਕ ਰੀਤੀ-ਰਿਵਾਜ ਹੈ।

ਇਸ ਲਈ, ਜਿੱਥੇ ਦੀਵਾ ਜਗਾਉਣ ਦੇ ਕੰਮ ਨੂੰ ਕਿਸੇ 'ਤੇ ਥੋਪਿਆ ਨਹੀਂ ਜਾਣਾ ਚਾਹੀਦਾ, ਉੱਥੇ ਹੀ ਜੋ ਲੋਕ ਦੀਵਾ ਜਗਾਉਂਦੇ ਹਨ, ਉਨ੍ਹਾਂ ਦੀ ਆਸਥਾ ਦਾ ਮਜ਼ਾਕ ਉਡਾਉਣਾ ਵੀ ਓਨਾ ਹੀ ਅਣਉਚਿਤ ਹੈ। ਵਿਅਕਤੀਗਤ ਆਜ਼ਾਦੀ ਦਾ ਅਰਥ ਸਿਰਫ਼ ਆਪਣੇ ਲਈ ਚੋਣ ਕਰਨ ਦੀ ਆਜ਼ਾਦੀ ਹੀ ਨਹੀਂ, ਸਗੋਂ ਦੂਜਿਆਂ ਦੀਆਂ ਚੋਣਾਂ ਅਤੇ ਵਿਸ਼ਵਾਸਾਂ ਦਾ ਸਤਿਕਾਰ ਕਰਨ ਦੀ ਜ਼ਿੰਮੇਵਾਰੀ ਵੀ ਹੈ। ਨਾਲ ਹੀ, ਇਹ ਮੰਨਣਾ ਵੀ ਜ਼ਰੂਰੀ ਹੈ ਕਿ ਜਦੋਂ ਕਿਸੇ ਧਾਰਮਿਕ ਚਿੰਨ੍ਹ ਨੂੰ ਕਿਸੇ ਰਾਜਨੀਤਿਕ ਘਟਨਾ ਨਾਲ ਜੋੜਿਆ ਜਾਂਦਾ ਹੈ, ਤਾਂ ਉਸ ਘਟਨਾ ਬਾਰੇ ਸਵਾਲ ਉੱਠਣੇ ਸੁਭਾਵਿਕ ਹਨ। ਕੋਈ ਵੀ ਇਹ ਪੁੱਛ ਸਕਦਾ ਹੈ ਕਿ ਜਨਤਕ ਸੰਸਥਾਵਾਂ ਵਿੱਚ ਕਿਸੇ ਰਾਜਨੀਤਿਕ ਘਟਨਾ ਦੀ ਕੀ ਭੂ ਇੱਥੇ ਹੀ ਕਿਸੇ ਸਿਆਸੀ ਸਮਾਗਮ ਦੀ ਆਲੋਚਨਾ ਕਰਨ ਅਤੇ ਕਿਸੇ ਸੱਭਿਆਚਾਰਕ ਚਿੰਨ੍ਹ ਦਾ ਅਪਮਾਨ ਕਰਨ ਵਿਚਕਾਰ ਫਰਕ ਕਰਨਾ ਬਹੁਤ ਜ਼ਰੂਰੀ ਹੋ ਜਾਂਦਾ ਹੈ। ਜੇਕਰ ਕਿਸੇ ਸਮਾਗਮ ਦੌਰਾਨ ਦੀਵਾ ਜਗਾਉਣ 'ਤੇ ਕੋਈ ਇਤਰਾਜ਼ ਹੈ, ਤਾਂ ਉਠਾਏ ਗਏ ਸਵਾਲਾਂ ਦਾ ਕੇਂਦਰ-ਬਿੰਦੂ ਸਮਾਗਮ ਦਾ ਸਿਆਸੀ ਸੁਭਾਅ, ਪ੍ਰਸ਼ਾਸਨ ਦੀ ਭੂਮਿਕਾ, ਹੋਇਆ ਖਰਚਾ ਜਾਂ ਸ਼ਮੂਲੀਅਤ ਦਾ ਤਰੀਕਾ ਹੋਣਾ ਚਾਹੀਦਾ ਹੈ। ਦੀਵੇ, ਪੂਜਾ-ਪਾਠ ਦੀ ਕਿਰਿਆ ਜਾਂ 'ਸਨਾਤਨ' ਪਰੰਪਰਾ ਨੂੰ ਨਿਸ਼ਾਨਾ ਬਣਾਉਣ ਨਾਲ ਬਹਿਸ ਦਾ ਰੁਖ਼ ਬਦਲ ਜਾਂਦਾ ਹੈ। ਇਸੇ ਤਰ੍ਹਾਂ, ਕਿਸੇ ਸਿਆਸੀ ਸਮਾਗਮ ਦਾ ਵਿਰੋਧ ਕਰਨ 'ਤੇ ਕਿਸੇ ਵਿਅਕਤੀ ਨੂੰ ਭਾਰਤੀ ਸੱਭਿਆਚਾਰ ਜਾਂ ਧਰਮ-ਵਿਰੋਧੀ ਕਰਾਰ ਨਹੀਂ ਦਿੱਤਾ ਜਾਣਾ ਚਾਹੀਦਾ।

ਅੱਜ ਸੋਸ਼ਲ ਮੀਡੀਆ ਹਰ ਕਿਸੇ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਦਾ ਮੰਚ ਪ੍ਰਦਾਨ ਕਰਦਾ ਹੈ। ਹਾਲਾਂਕਿ, ਇਸ ਨਾਲ ਇੱਕ ਚੁਣੌਤੀ ਵੀ ਪੈਦਾ ਹੋਈ ਹੈ: ਵਿਅੰਗ ਅਤੇ ਮਜ਼ਾਕ ਵਿਚਕਾਰ ਫਰਕ ਅਕਸਰ ਧੁੰਦਲਾ ਹੋ ਜਾਂਦਾ ਹੈ। ਕੁਝ ਸ਼ਬਦ ਜਾਂ ਤਸਵੀਰਾਂ ਕਿਸੇ ਲਈ ਆਮ ਸਿਆਸੀ ਵਿਅੰਗ ਹੋ ਸਕਦੀਆਂ ਹਨ, ਪਰ ਦੂਜਿਆਂ ਲਈ ਉਹ ਉਨ੍ਹਾਂ ਦੀ ਆਸਥਾ ਦਾ ਅਪਮਾਨ ਹੋ ਸਕਦੀਆਂ ਹਨ। ਇਸ ਲਈ, ਸੋਸ਼ਲ ਮੀਡੀਆ 'ਤੇ ਮਿਲੀ ਆਜ਼ਾਦੀ ਦੇ ਨਾਲ-ਨਾਲ ਸਮਾਜਿਕ ਸੰਵੇਦਨਸ਼ੀਲਤਾ ਦਾ ਧਿਆਨ ਰੱਖਣਾ ਵੀ ਜ਼ਰੂਰੀ ਹੈ।

ਜਨਮ ਦਿਨ 'ਤੇ ਮੋਮਬੱਤੀਆਂ ਬੁਝਾਉਣ ਦੀ ਪਰੰਪਰਾ ਇਸ ਦੀ ਇੱਕ ਹੋਰ ਢੁਕਵੀਂ ਉਦਾਹਰਣ ਹੈ। ਅੱਜ-ਕੱਲ੍ਹ ਕੇਕ ਕੱਟਣ ਅਤੇ ਮੋਮਬੱਤੀਆਂ ਬੁਝਾਉਣ ਦਾ ਰਿਵਾਜ ਆਮ ਹੈ। ਇਸ ਦੇ ਉਲਟ, ਜੋ ਲੋਕ ਦੀਵੇ ਨੂੰ ਭਾਰਤੀ ਧਾਰਮਿਕ ਪਰੰਪਰਾ ਵਿੱਚ ਸ਼ੁਭ-ਸ਼ਗਨ ਅਤੇ ਚਾਨਣ ਦਾ ਪ੍ਰਤੀਕ ਮੰਨਦੇ ਹਨ, ਉਹ ਇਸ ਰਿਵਾਜ ਨੂੰ ਵੱਖਰੇ ਨਜ਼ਰੀਏ ਨਾਲ ਦੇਖਦੇ ਹਨ। ਇਨ੍ਹਾਂ ਪਰੰਪਰਾਵਾਂ ਦੇ ਸੱਭਿਆਚਾਰਕ ਮੰਦਰਭ ਵੱਖੋ-ਵੱਖਰੇ ਹਨ; ਇਸ ਲਈ, ਕਿਸੇ ਇੱਕ ਰਿਵਾਜ ਨੂੰ ਅਪਣਾਉਣ ਜਾਂ ਦੂਜੇ ਨੂੰ ਛੱਡਣ ਨੂੰ ਕਿਸੇ ਵਿਅਕਤੀ ਦੀ ਦੇਸ਼-ਭਗਤੀ ਜਾਂ ਆਪਣੇ ਸੱਭਿਆਚਾਰ ਪ੍ਰਤੀ ਵਚਨਬੱਧਤਾ ਦਾ ਪੈਮਾਨਾ ਨਹੀਂ ਮੰਨਿਆ ਜਾਣਾ ਚਾਹੀਦਾ।

ਫਿਰ ਵੀ, ਇੱਕ ਸਵਾਲ ਗੌਰ ਕਰਨ ਯੋਗ ਹੈ: ਕੀ ਅਸੀਂ ਆਪਣੇ ਸੱਭਿਆਚਾਰ ਨਾਲ ਜੁੜੇ ਚਿੰਨ੍ਹਾਂ ਪ੍ਰਤੀ ਓਨੇ ਹੀ ਸੰਵੇਦਨਸ਼ੀਲ ਹਾਂ ਜਿੰਨੀ ਉਮੀਦ ਅਸੀਂ ਦੂਜਿਆਂ ਤੋਂ ਉਨ੍ਹਾਂ ਦੇ ਚਿੰਨ੍ਹਾਂ ਪ੍ਰਤੀ ਕਰਦੇ ਹਾਂ? ਜੇਕਰ ਕੋਈ ਵਿਅਕਤੀ ਦੀਵਾਲੀ 'ਤੇ ਦੀਵਾ ਨਹੀਂ ਜਗਾਉਣਾ ਚਾਹੁੰਦਾ, ਤਾਂ ਉਹ ਅਜਿਹਾ ਕਰਨ ਲਈ ਆਜ਼ਾਦ ਹੈ। ਪਰ ਜੇਕਰ ਕੋਈ ਹੋਰ ਵਿਅਕਤੀ ਪੂਰੀ ਸ਼ਰਧਾ ਨਾਲ ਦੀਵਾ ਜਗਾਉਂਦਾ ਹੈ, ਤਾਂ ਉਸ ਦੀ ਆਸਥਾ ਦਾ ਮਜ਼ਾਕ ਕਿਉਂ ਉਡਾਇਆ ਜਾਵੇ? ਇਸੇ ਤਰ੍ਹਾਂ, ਜੇਕਰ ਕੋਈ ਵਿਅਕਤੀ ਦੀਵਾ ਜਗਾ ਕੇ ਕਿਸੇ ਸਿਆਸੀ ਸਮਾਗਮ ਵਿੱਚ ਸ਼ਾਮਲ ਹੁੰਦਾ ਹੈ, ਤਾਂ ਆਲੋਚਨਾ ਸਮਾਗਮ ਦੇ ਸਿਆਸੀ ਪਹਿਲੂਆਂ 'ਤੇ ਹੋਣੀ ਚਾਹੀਦੀ ਹੈ, ਨਾ ਕਿ ਉਸ ਵਿਅਕਤੀ ਦੀ ਧਾਰਮਿਕ ਆਸਥਾ 'ਤੇ। ਸਿਆਸੀ ਬਹਿਸਾਂ ਵਿੱਚ ਅਕਸਰ ਸਾਬਕਾ ਪ੍ਰਧਾਨ ਮੰਤਰੀਆਂ ਜਾਂ ਹੋਰ ਆਗੂਆਂ ਨਾਲ ਜੁੜੇ ਜਨਮ ਦਿਨ ਦੇ ਜਸ਼ਨਾਂ ਅਤੇ ਕਥਿਤ ਸਰਕਾਰੀ ਖਰਚਿਆਂ ਦੀਆਂ ਉਦਾਹਰਣਾਂ ਦਿੱਤੇ ਮੂਲ ਸਵਾਲ ਇਹ ਹੈ ਕਿ ਜਨਤਕ ਜੀਵਨ ਵਿੱਚ ਸਾਡੀਆਂ ਤਰਜੀਹਾਂ ਕੀ ਹੋਣੀਆਂ ਚਾਹੀਦੀਆਂ ਹਨ ਅਤੇ ਅਸੀਂ ਕਿਸ ਤਰ੍ਹਾਂ ਦੀ ਭਾਸ਼ਾ ਦੀ ਵਰਤੋਂ ਕਰਦੇ ਹਾਂ। ਕੀ ਸਿਆਸੀ ਮਤਭੇਦ ਇੰਨੇ ਕੁੜੱਤਣ ਭਰੇ ਹੋ ਜਾਣੇ ਚਾਹੀਦੇ ਹਨ ਕਿ ਸੱਭਿਆਚਾਰਕ ਚਿੰਨ੍ਹ ਵੀ ਹਮਲੇ ਦੀ ਜ਼ੱਦ ਵਿੱਚ ਆ ਜਾਣ? ਕੀ ਧਾਰਮਿਕ ਆਸਥਾ ਨੂੰ ਸਿਆਸੀ ਵਫ਼ਾਦਾਰੀ ਦੇ ਬਰਾਬਰ ਮੰਨਣਾ ਸਹੀ ਹੈ? ਕੀ ਦੀਵਾ ਜਗਾਉਣ ਵਾਲਾ ਵਿਅਕਤੀ ਲਾਜ਼ਮੀ ਤੌਰ 'ਤੇ ਕਿਸੇ ਖਾਸ ਸਿਆਸੀ ਵਿਚਾਰਧਾਰਾ ਦਾ ਸਮਰਥਕ ਹੁੰਦਾ ਹੈ? ਅਤੇ ਕੀ ਦੀਵਾ ਨਾ ਜਗਾਉਣ ਵਾਲਾ ਵਿਅਕਤੀ ਆਪਣੇ-ਆਪ ਹੀ ਸੱਭਿਆਚਾਰ-ਵਿਰੋਧੀ ਹੋ ਜਾਂਦਾ ਹੈ? ਇਨ੍ਹਾਂ ਸਵਾਲਾਂ ਦਾ ਜਵਾਬ ਇਸ ਗੱਲ ਨੂੰ ਸਮਝਣ ਵਿੱਚ ਹੈ ਕਿ ਕਿਸੇ ਵਿਅਕਤੀ ਦੀ ਆਸਥਾ ਅਤੇ ਉਸ ਦੀਆਂ ਸਿਆਸੀ ਪਸੰਦਾਂ ਨੂੰ ਇੱਕ-ਦੂਜੇ ਤੋਂ ਵੱਖਰਾ ਮੰਨਿਆ ਜਾਣਾ ਚਾਹੀਦਾ ਹੈ।

ਕੁਝ ਲੋਕਾਂ ਲਈ 'ਦੀਵਾ' ਪੂਜਾ ਦਾ ਪ੍ਰਤੀਕ ਹੈ; ਕੁਝ ਲਈ ਇਹ ਪਰੰਪਰਾ ਜਾਂ ਸੱਭਿਆਚਾਰ ਹੈ; ਅਤੇ ਕੁਝ ਲਈ, ਇਹ ਸਿਰਫ਼ ਰੌਸ਼ਨੀ ਹੈ। ਵਿਆਖਿਆਵਾਂ ਵੱਖ-ਵੱਖ ਹੋ ਸਕਦੀਆਂ ਹਨ, ਫਿਰ ਵੀ ਬਿਨਾਂ ਅਪਮਾਨ ਕੀਤੇ ਅਸਹਿਮਤੀ ਪ੍ਰਗਟਾਉਣੀ ਸੰਭਵ ਹੈ। ਸਾਡੇ ਸੱਭਿਆਚਾਰ ਦੀ ਤਾਕਤ ਸਿਰਫ਼ ਦੀਵਾ ਜਗਾਉਣ ਦੀ ਕਿਰਿਆ ਵਿੱਚ ਨਹੀਂ, ਸਗੋਂ ਵੱਖੋ-ਵੱਖਰੇ ਵਿਚਾਰਾਂ ਦੇ ਦਰਮਿਆਨ ਗੱਲਬਾਤ ਨੂੰ ਕਾਇਮ ਰੱਖਣ ਦੀ ਸਾਡੀ ਸਮਰੱਥਾ ਵਿੱਚ ਹੈ। ਜਿਵੇਂ ਦੀਵੇ ਦੀ ਲਾਟ ਹਨੇਰੇ ਨੂੰ ਦੂਰ ਕਰਦੀ ਹੈ, ਉਸੇ ਤਰ੍ਹਾਂ ਗਿਆਨ, ਸੰਜਮ ਅਤੇ ਤੱਥ ਵੀ ਜਨਤਕ ਚਰਚਾ ਦੇ ਹਨੇਰੇ ਨੂੰ ਦੂਰ ਕਰ ਸਕਦੇ ਹਨ।

ਤੁਸੀਂ ਦੀਵਾ ਜਗਾਉਣਾ ਚਾਹੁੰਦੇ ਹੋ ਜਾਂ ਨਹੀਂ, ਇਹ ਤੁਹਾਡਾ ਫੈਸਲਾ ਹੈ। ਕਿਸੇ ਸਿਆਸੀ ਸਮਾਗਮ ਦਾ ਸਮਰਥਨ ਕਰਨਾ ਜਾਂ ਵਿਰੋਧ ਕਰਨਾ ਤੁਹਾਡਾ ਅਧਿਕਾਰ ਹੈ। ਹਾਲਾਂਕਿ, ਅਸਹਿਮਤੀ ਪ੍ਰਗਟਾਉਂਦੇ ਸਮੇਂ ਆਸਥਾ ਦੇ ਵਿਸ਼ਿਆਂ ਦਾ ਮਜ਼ਾਕ ਉਡਾਉਣ ਜਾਂ ਦੂਜਿਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਤੋਂ ਪਹਿਲਾਂ, ਇਸ ਗੱਲ 'ਤੇ ਜ਼ਰੂਰ ਵਿਚਾਰ ਕਰੋ: ਜਿੱਥੇ ਅਸਹਿਮਤੀ ਲੋਕਤੰਤਰ ਦੀ ਤਾਕਤ ਹੈ, ਉੱਥੇ ਸਤਿਕਾਰ ਇਸ ਦੀ ਸ਼ਾਨ ਹੈ।

ਡਾ. ਸਤਿਆਵਾਨ ਸੌਰਭ, ਰਾਜਨੀਤੀ ਸ਼ਾਸਤਰ ਵਿੱਚ ਪੀਐਚਡੀ, ਇੱਕ

ਰਮਨ ਬਹਿਲ ਨੇ ਪਿੰਡ ਤਿੱਬੜ ਤੋਂ ਮੁੱਖ ਮੰਤਰੀ ਸਿਹਤ ਯੋਜਨਾ ਦੇ ਸਿਹਤ ਕਾਰਡ ਵੰਡਣ ਦੀ ਕਰਵਾਈ ਸ਼ੁਰੂਆਤ

ਗੁਰਦਾਸਪੁਰ, 21 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਪੰਜਾਬ ਦੇ ਹਰ ਨਾਗਰਿਕ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਅੱਜ ਪਿੰਡ ਤਿੱਬੜ ਦੇ ਬਾਬਾ ਤਾਰਾ ਗੁਰੂ ਜੀ ਮੰਦਿਰ ਤੋਂ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡਣ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਗੁਰਦਾਸਪੁਰ ਰਮਨ ਬਹਿਲ ਵੱਲੋਂ ਲਾਭਪਾਤਰੀਆਂ ਨੂੰ ਸਿਹਤ ਕਾਰਡ ਸੌਂਪੇ ਗਏ। ਰਮਨ ਬਹਿਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਾਲ 2022 ਵਿੱਚ ਪੰਜਾਬ ਦੇ ਲੋਕਾਂ ਨਾਲ ਕੀਤੀਆਂ ਗਈਆਂ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਪੰਜਾਬ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ 'ਮੁੱਖ ਮੰਤਰੀ ਸਿਹਤ ਯੋਜਨਾ' ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ। ਇਸ ਲਈ ਉਨ੍ਹਾਂ ਅਕਾਲ ਪੁਰਖ ਦਾ ਧੰਨਵਾਦ ਵੀ ਕੀਤਾ। ਪੰਜਾਬ ਦੇ ਲੋਕਾਂ ਨੂੰ ਬਿਹਤਰ ਅਤੇ ਮੁਫ਼ਤ ਸਿਹਤ ਸਹੂਲਤਾਂ ਦੇਣ ਦੀ ਜ਼ਿੰਮੇਵਾਰੀ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਆਪਣੇ ਮੋਢਿਆਂ 'ਤੇ ਲਈ ਗਈ ਹੈ। ਉਨ੍ਹਾਂ ਇਸ ਯੋਜਨਾ ਨੂੰ ਪੰਜਾਬ ਦੇ ਸਿਹਤ ਖੇਤਰ ਵਿੱਚ ਇੱਕ ਮਹੱਤਵਪੂਰਨ ਪਹਿਲਕਦਮੀ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਰਵਿੰਦ ਕੇਜਰੀਵਾਲ ਅਤੇ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕੀਤਾ। 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਵਾਉਣ ਦੀ ਵਿਵਸਥਾ ਕੀਤੀ ਗਈ ਹੈ। ਯੋਜਨਾ ਤਹਿਤ 900 ਤੋਂ ਵੱਧ ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ ਵੱਖ-ਵੱਖ ਬਿਮਾਰੀਆਂ ਦੇ ਇਲਾਜਾਂ ਲਈ ਸਹੂਲਤਾਂ ਉਪਲਬਧ ਹਨ। ਮਹਾਨ ਗੁਰੂ ਸਾਹਿਬਾਨ ਵੱਲੋਂ ਦਿੱਤੇ ਗਏ 'ਸਰਬੱਤ ਦੇ ਭਲੇ' ਦੇ ਸੰਦੇਸ਼ 'ਤੇ ਚਲਦਿਆਂ ਪੰਜਾਬ ਸਰਕਾਰ ਵੱਲੋਂ ਮਾਨਵਤਾ ਦੀ ਸੇਵਾ ਲਈ ਇਹ ਯੋਜਨਾ ਲਾਗੂ ਕੀਤੀ ਗਈ ਹੈ। ਇਸ ਯੋਜਨਾ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਤੰਗੀ ਕਾਰਨ ਪੰਜਾਬ ਦਾ ਕੋਈ ਵੀ ਨਾਗਰਿਕ ਇਲਾਜ ਤੋਂ ਵਾਂਝਾ ਨਾ ਰਹੇ।ਇਸ ਮੌਕੇ ਐਸ. ਐਮ.ਓ. ਡਾ. ਅੰਕੁਰ ਕੁਸ਼ਲ, ਡਾ. ਸੁਰੇਸ਼ ਕੁਮਾਰ, ਬਲਾਕ ਸੰਮਤੀ ਮੈਂਬਰ ਮਨਮੋਹਨ ਰਾਏ, ਬਲਾਕ ਪ੍ਰਧਾਨ ਰਾਜੇਸ਼ ਕੁਮਾਰ, ਹੈਲਥ ਇੰਸਪੈਕਟਰ ਰਣਜੀਤ ਸਿੰਘ, ਹੈਲਥ ਵਰਕਰ ਅਮੋਲਕ ਸਿੰਘ, ਸਿਹਤ ਕਰਮਚਾਰੀ ਹਰਪਾਲ ਸਿੰਘ, ਗੁਰਵਿੰਦਰ ਸਿੰਘ, ਪਿੰਡ ਤਿੱਬੜ ਦੇ ਮੌਜੂਦਾ ਮੈਂਬਰ ਪੰਚਾਇਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲਾਭਪਾਤਰੀ ਅਤੇ ਪਿੰਡ ਵਾਸੀ ਹਾਜ਼ਰ ਸਨ।

ਵਿ. ਸੰਤੋਸ਼ ਕਟਾਰੀਆ ਵੱਲੋਂ ਵਿਕਾਸ ਕਾਰਜਾਂ ਲਈ 16.50 ਲੱਖ ਦੀਆਂ ਗ੍ਰਾਂਟਾਂ ਦੇ ਚੈੱਕ ਭੇਟ

ਬਲਾਚੌਰ 21 ਸੰਤਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਹਲਕਾ ਬਲਾਚੌਰ ਵਿੱਚ ਗ੍ਰਾਮੀਣ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਪਿੰਡ ਬਛੌਡੀ ਅਤੇ ਪਿੰਡ ਕਰੀਮਪੁਰ ਚਾਹਵਾਲਾ ਵਿਖੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਕੁੱਲ 16.50 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਪੰਚਾਇਤਾਂ ਅਤੇ ਪਿੰਡ ਦੇ ਮੋਹਤਬਰਾਂ ਨੂੰ ਸੌਂਪੇ ਗਏ। ਬੁਨਿਆਦੀ ਵਿਕਾਸ ਕਾਰਜਾਂ ਲਈ ਬਛੌਡੀ ਲਈ 11 ਲੱਖ ਰੁਪਏ ਅਤੇ ਪਿੰਡ ਕਰੀਮਪੁਰ ਚਾਹਵਾਲਾ ਲਈ 5.50 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ।ਚੈੱਕ ਭੇਟ ਕਰਨ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਦਾ ਬਿਨਾਂ ਕਿਸੇ ਪੱਖਪਾਤ ਤੋਂ ਸਰਵਪੱਖੀ ਵਿਕਾਸ ਕਰਵਾਉਣਾ ਅਤੇ ਗ੍ਰਾਮੀਣ ਖੇਤਰਾਂ ਦੇ ਲੋਕਾਂ ਨੂੰ ਸ਼ਹਿਰਾਂ ਵਾਂਗ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਸਭ ਤੋਂ ਪਹਿਲੀ ਤਰਜੀਹ ਹੈ।ਉਨ੍ਹਾਂ ਸਪਸ਼ਟ ਕੀਤਾ ਕਿ ਪਿੰਡਾਂ ਦੀਆਂ ਸਥਾਨਕ ਨਿਜੀ ਅਤੇ ਸਾਂਝੀਆਂ ਲੋੜਾਂ ਨੂੰ ਮੁੱਖ ਰੱਖਦਿਆਂ ਹੀ ਯੋਜਨਾਬੱਧ ਤਰੀਕੇ ਨਾਲ ਇਹ ਗ੍ਰਾਂਟਾਂ ਵੰਡੀਆਂ ਜਾ ਰਹੀਆਂ ਹਨ। ਵਿਧਾਇਕਾ ਨੇ ਕਿਹਾ ਕਿ ਵਿਕਾਸ ਕਾਰਜਾਂ ਦੀ ਇਹ ਯਾਤਰਾ ਆਉਣ ਵਾਲੇ ਸਮੇਂ ਵਿੱਚ ਵੀ ਨਿਰੰਤਰ ਜਾਰੀ ਰਹੇਗੀ। ਉਹ ਖੁਦ ਪਿੰਡ-ਪਿੰਡ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਜਾ ਰਹੇ ਹਨ। ਇਸ ਸਮੇਂ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਗਲੀਆਂ, ਨਾਲੀਆਂ, ਪੀਣ ਵਾਲੇ ਪਾਣੀ, ਸੜਕਾਂ ਅਤੇ ਹੋਰ ਜਨਤਕ ਥਾਵਾਂ ਦੇ ਸੁਧਾਰ ਰਾਹੀਂ ਗ੍ਰਾਮੀਣ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਪਹਿਲ ਦੇਣਾ, ਕੰਮ ਦੀ ਗੁਣਵੱਤਾ ਬਣਾਏ ਰੱਖਣਾ ਅਤੇ ਇਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਆਖਿਆ ਕਿ ਹਲਕੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਮਿਲ ਕੇ ਕੰਮ ਕਰਨ ਦਾ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ, ਪਾਰਟੀ ਵਰਕਰ ਅਤੇ ਭਾਰੀ ਸੰਖਿਆ ਵਿੱਚ ਪਿੰਡ ਵਾਸੀ ਮੌਜੂਦ ਸਨ।

ਡਾ. ਕੁਲਦੀਪ ਰਾਏ ਦੇ ਅਕਾਲੀ ਦਲ ਚ ਸ਼ਾਮਲ ਹੋਣ ਤੇ ਬਲਦੇਵ ਖੈਹਰਾ ਨੇ ਕੀਤਾ ਸਵਾਗਤ

ਫਿਲੌਰ, 21 ਸਤੰਬਰ (ਪ੍ਰਦੀਪ ਰਾਜਾ) ਉੱਘੇ ਸਮਾਜ ਸੇਵਕ ਅਤੇ ਪ੍ਰਸਿੱਧ ਡਾਕਟਰ ਡਾ. ਕੁਲਦੀਪ ਰਾਏ ਅਕਾਲੀ ਦਲ (ਬਾਦਲ) ਵਿਚ ਸ਼ਾਮਲ ਹੋ ਗਏ ਹਨ। ਡਾ. ਕੁਲਦੀਪ ਰਾਏ ਨੇ ਪਾਰਟੀ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕਰਦਿਆਂ ਪੂਰੀ ਤਨਦੇਹੀ ਨਾਲ ਸੇਵਾ ਕਰਨ ਦਾ ਭਰੋਸਾ ਦਿੱਤਾ। ਪਾਰਟੀ ਵਿਚ ਸ਼ਾਮਲ ਹੋਣ ਉਪਰੰਤ ਫਿਲੌਰ ਪਹੁੰਚਣ ਤੇ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਡਾ. ਕੁਲਦੀਪ ਰਾਏ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਬਲਦੇਵ ਸਿੰਘ ਖੈਹਰਾ ਨੇ ਉਨ੍ਹਾਂ ਨੂੰ ਸਿਰੋਪਾ ਪਾ ਕੇ ਸਨਮਾਨਿਤ ਕੀਤਾ। ਡਾ. ਕੁਲਦੀਪ ਰਾਏ ਨੇ ਕਿਹਾ ਕਿ ਉਹ ਪਾਰਟੀ ਦੀ ਵਿਚਾਰਧਾਰਾ ਅਨੁਸਾਰ ਕੰਮ ਕਰਦਿਆਂ ਸੰਗਠਨ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਯਤਨ ਕਰਨਗੇ। ਪਾਰਟੀ ਆਗੂਆਂ ਤੇ ਵਰਕਰਾਂ ਨੇ ਕਿਹਾ ਕਿ ਡਾ. ਕੁਲਦੀਪ ਰਾਏ ਦੇ ਪਾਰਟੀ ਵਿਚ ਸ਼ਾਮਲ ਹੋਣ ਨਾਲ ਜਥੇਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ।ਵਿਧਾਨ ਸਭਾ ਹਲਕਾ ਫਿਲੌਰ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਦਿਆਂ ਅੱਜ ਹਲਕਾ ਪੱਧਰ ਤੇ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ।ਜਿਸ ਵਿੱਚ ਮਨਜੀਤ ਸਿੰਘ ਬਿੱਲਾ ਨੂੰ ਸਰਕਲ ਪ੍ਰਧਾਨ ਫਿਲੌਰ ਦਿਹਾਤੀ ਨਿਯੁਕਤ ਕੀਤਾ ਗਿਆ। ਦਲਜੀਤ ਸਿੰਘ ਜੀਤਾ ਨੂੰ ਸਰਕਲ ਪ੍ਰਧਾਨ ਰੁੜਕਾ ਕਲਾਂ ਨਿਯੁਕਤ ਕੀਤਾ ਗਿਆ। ਹਰਜਿੰਦਰ ਸਿੰਘ ਖਾਨਪੁਰ ਨੂੰ ਸਰਕਲ ਪ੍ਰਧਾਨ ਅੱਪਰਾ ਨਿਯੁਕਤ ਕੀਤਾ ਗਿਆ। ਜਤਿੰਦਰਪਾਲ ਸਿੰਘ ਨੂੰ ਸਰਕਲ ਪ੍ਰਧਾਨ ਨਗਰ ਨਿਯੁਕਤ ਕੀਤਾ ਗਿਆ। ਮਨਜੀਤ ਸਿੰਘ ਖਾਲਸਾ ਨੂੰ ਬੁਲਾਰਾ ਵਿਧਾਨ ਸਭਾ ਹਲਕਾ ਫਿਲੌਰ ਨਿਯੁਕਤ ਕੀਤਾ ਗਿਆ। ਐਡਵੋਕੇਟ ਮੰਗਲ ਸਿੰਘ ਨੂੰ ਵਿਧਾਨ ਸਭਾ ਹਲਕਾ ਫਿਲੌਰ ਦੇ ਲੀਗਲ ਸੈੱਲ ਦਾ ਹੈੱਡ ਨਿਯੁਕਤ ਕੀਤਾ ਗਿਆ। ਇਸ ਮੌਕੇ ਜਥੇਦਾਰ ਹਰਜਿੰਦਰ ਸਿੰਘ ਲੱਲੀਆਂ ਸਾਬਕਾ ਐਸ ਜੀ ਪੀ ਸੀ ਮੈਂਬਰ, ਸ. ਸੰਤੋਖ ਸਿੰਘ ਘਾਰੂ ਜੀ (ਬੁੰਡਾਲਾ) -ਮੈਂਬਰ ਜਨਰਲ ਕੌਂਸਲ, ਪੰਜਾਬ, ਕੁਲਦੀਪ ਸਿੰਘ ਜੌਹਲ ਜੀ (ਅੱਪਰਾ) ਮੈਂਬਰ ਜਨਰਲ ਕੌਂਸਲ, ਪੰਜਾਬ, ਅਮਨਿੰਦਰ ਸਿੰਘ ਤੱਗੜ ਹਲਕਾ ਯੂਥ ਵਿੰਗ ਪ੍ਰਧਾਨ, ਜਸਵਿੰਦਰ ਕੁਮਾਰ ਹਲਕਾ ਪ੍ਰਧਾਨ ਐਸ.ਸੀ ਵਿੰਗ,ਜਗਜੀਤ ਮੰਗਾ ਹਲਕਾ ਪ੍ਰਧਾਨ ਬੀ.ਸੀ ਵਿੰਗ, ਕੁਲਵਿੰਦਰ ਸਿੰਘ ਸੰਧੂ ਸਰਕਲ ਪ੍ਰਧਾਨ ਗੋਰਾਇਆ, ਅਮਰਜੀਤ ਸਿੰਘ ਕਟਾਨਾ ਸਰਕਲ ਪ੍ਰਧਾਨ ਧੁਲੇਤਾ, ਅਜੀਤ ਸਿੰਘ ਲਸਾੜਾ ਸਰਕਲ ਪ੍ਰਧਾਨ ਲਸਾੜਾ, ਹਰਵਿੰਦਰ ਸਿੰਘ ਭੋਗਲ ਸਰਕਲ ਪ੍ਰਧਾਨ ਤੇਹੰਗ,ਬਲਜੀਤ ਸਿੰਘ ਥਾਣੇਦਾਰ ਸਰਕਲ ਪ੍ਰਧਾਨ ਦੋਸਾਂਝ ਕਲਾਂ,ਕਿਸ਼ਨ ਲਾਲ ਬਸਰਾ,ਕੁਲਦੀਪ ਸਿੰਘ ਕੰਗ ਤੇਹੰਗ, ਸੁਰਿੰਦਰ ਸਿੰਘ, ਡਾ ਰਜਿੰਦਰ ਹਰਗੁਣ ਤੋਂ ਇਲਾਵਾ ਵਿਧਾਨ ਸਭਾ ਹਲਕਾ ਫਿਲੌਰ ਦੀ ਸਮੁੱਚੀ ਲੀਡਰਸ਼ਿਪ, ਵੱਖ-ਵੱਖ ਵਿੰਗਾਂ ਦੇ ਪ੍ਰਧਾਨ ਅਤੇ ਸਮੂਹ ਸਰਕਲ ਪ੍ਰਧਾਨ ਸਾਹਿਬਾਨ ਹਾਜ਼ਰ ਰਹੇ।

ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ ਬਲਾਚੌਰ ਵਿਖੇ ਪੰਜਾਬ ਯੂਨੀਵਰਸਿਟੀ ਸੀਨੇਟ ਚੋਣਾਂ ਲਈ ਉਤਸ਼ਾਹਪੂਰਵਕ ਪਈਆਂ ਵੋਟਾਂ

ਬਲਾਚੌਰ 21 ਸੰਤਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ, ਬਲਾਚੌਰ ਦੇ ਬੂਥ ਨੰਬਰ 222 ਤੇ ਅੱਜ ਪੰਜਾਬ ਯੂਨੀਵਰਸਿਟੀ ਸੀਨੇਟ ਚੋਣਾਂ ਲਈ ਵੋਟਿੰਗ ਦਾ ਕੰਮ ਬਹੁਤ ਹੀ ਸ਼ਾਂਤੀਪੂਰਨ, ਅਨੁਸ਼ਾਸਨਬੱਧ ਅਤੇ ਉਤਸ਼ਾਹਜਨਕ ਮਾਹੌਲ ਵਿੱਚ ਅਮਲ ਵਿੱਚ ਲਿਆਂਦਾ ਗਿਆ। ਪ੍ਰਿੰਸੀਪਲ ਡਾ. ਸਤੀਸ਼ ਕੁਮਾਰ ਧੀਮਾਨ ਦੀ ਯੋਗ ਅਤੇ ਕੁਸ਼ਲ ਦੇਖ-ਰੇਖ ਹੇਠ ਪੋਲਿੰਗ ਸਟੇਸ਼ਨ ਦਾ ਸੰਚਾਲਨ ਬੇਹੱਦ ਸਫ਼ਲਤਾਪੂਰਵਕ ਕੀਤਾ ਗਿਆ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸਰਵਉੱਚ ਗਵਰਨਿੰਗ ਬਾਡੀ ਸੀਨੇਟ ਦੀਆਂ ਚੋਣਾਂ ਹਰ 4 ਸਾਲ ਦੇ ਵਕਫ਼ੇ ਬਾਅਦ ਕਰਵਾਈਆਂ ਜਾਂਦੀਆਂ ਹਨ। ਸੀਨੇਟ ਦੀਆਂ ਲਗਭਗ 31 ਸੀਟਾਂ/ਮੈਂਬਰਾਂ ਲਈ ਚੋਣਾਂ ਹੋ ਰਹੀਆਂ ਹਨ, ਜਿਸ ਕਾਰਨ ਵੱਖ-ਵੱਖ ਉਮੀਦਵਾਰਾਂ ਵਿਚਕਾਰ ਕਾਫ਼ੀ ਫਸਵਾਂ ਤੇ ਦਿਲਚਸਪ ਮੁਕਾਬਲਾ ਦੇਖਣ ਨੂੰ ਮਿਲ ਰਿਹਾ ਹੈ। ਚੋਣ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਤੇ ਸ਼ਾਂਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਵਿਸ਼ੇਸ਼ ਤੌਰ ਤੇ ਦੋ ਪ੍ਰੋਫ਼ੈਸਰ ਸਾਹਿਬਾਨ ਪਹੁੰਚੇ। ਪ੍ਰਿਸਾਈਡਿੰਗ ਅਫ਼ਸਰ ਵਜੋਂ ਡਾ. ਹਰਨਾਮ ਸਿੰਘ ਨੇ ਆਪਣੀ ਜ਼ਿੰਮੇਵਾਰੀ ਬਹੁਤ ਹੀ ਸੁਚੱਜੇ ਅਤੇ ਸ਼ਲਾਘਾਯੋਗ ਢੰਗ ਨਾਲ ਨਿਭਾਈ। ਕਾਲਜ ਕੰਪਲੈਕਸ ਦੇ ਆਸ-ਪਾਸ ਚੋਣ ਲੜ ਰਹੇ ਵੱਖ-ਵੱਖ ਉਮੀਦਵਾਰਾਂ ਅਤੇ ਉਹਨਾਂ ਦੇ ਸਮਰਥਕਾਂ ਵੱਲੋਂ ਵੋਟਰਾਂ ਦੀ ਸਹੂਲਤ ਲਈ ਆਪੋ-ਆਪਣੇ ਬੂਥ ਲਗਾਏ ਗਏ ਸਨ। ਵੋਟ ਪਾਉਣ ਆਏ ਮਤਦਾਤਾਵਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਛਾਂ, ਬੈਠਣ ਲਈ ਕੁਰਸੀਆਂ ਅਤੇ ਪੀਣ ਵਾਲੇ ਪਾਣੀ ਦੇ ਉਚਿਚੇ ਪ੍ਰਬੰਧ ਕੀਤੇ ਗਏ ਸਨ। ਵੋਟਰਾਂ ਵਿੱਚ ਆਪਣੇ ਉਤਸ਼ਾਹ ਦੇਖਣ ਨੂੰ ਮਿਲਿਆ। ਕਾਲਜ ਪ੍ਰਸ਼ਾਸਨ ਅਤੇ ਚੋਣ ਡਿਊਟੀ ਤੇ ਤਾਇਨਾਤ ਅਧਿਕਾਰੀਆਂ ਦੇ ਆਪਸੀ ਸਹਿਯੋਗ ਨਾਲ ਇਹ ਵੋਟਿੰਗ ਪ੍ਰਕਿਰਿਆ ਬਿਨਾਂ ਕਿਸੇ ਰੁਕਾਵਟ ਦੇ ਅਮਨ-ਅਮਾਨ ਨਾਲ ਨੇਪਰੇ ਚੜ੍ਹੀ।

ਖੇਤੀਬਾੜੀ ਵਿਭਾਗ ਵੱਲੋਂ ਪਿੰਡ ਅੱਲੜ੍ਹ ਪਿੰਡੀ ਵਿਖੇ ਲਗਾਇਆ ਕੈਂਪ, ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕੀਤਾ

ਗੁਰਦਾਸਪੁਰ, 21 ਸਤੰਬਰ (ਗੁਲਸ਼ਨ ਕੁਮਾਰ ਰਣੀਆਂ)ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਡਾ. ਸ਼ਹਿਬਾਜ਼ ਸਿੰਘ ਚੀਮਾ ਦੀ ਹਦਾਇਤਾਂ , ਬਲਾਕ ਖੇਤੀਬਾੜੀ ਅਫ਼ਸਰ ਕਲਾਨੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਅੰਮ੍ਰਿਪਾਲ ਕੌਰ ਏਈਓ ਦੀ ਅਗਵਾਈ ਹੇਠ ਸੀ ਆਰ ਐੱਮ ਅਤੇ ਆਈ ਈ ਸੀ ਗਤੀਵਿਧੀਆਂ ਅਧੀਨ ਪਿੰਡ ਪੱਧਰੀ ਕੈਂਪ ਅੱਲੜ੍ਹ ਪਿੰਡੀ, ਬਲਾਕ ਕਲਾਨੌਰ ਵਿਖੇ ਲਗਾਇਆ ਗਿਆ।ਅੰਮ੍ਰਿ ਪਾਲ ਕੌਰ ਏ.ਈ.ਓ ਨੇ ਦੱਸਿਆ ਕਿ ਜਾਗਰੂਕਤਾ ਕੈਂਪ ਦੌਰਾਨ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਵਾਤਾਵਰਨ ਤੇ ਮਨੁੱਖੀ ਜੀਵਨ ਤੇ ਪੈਂਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕੀਤਾ ਗਿਆ , ਵਿਭਾਗੀ ਗਤੀਵਿਧੀਆਂ ਕਿਸਾਨ ਰਜਿਸਟਰੀ , ਪਰਾਲੀ ਪ੍ਰਬੰਧਨ ਲਈ ਮਸੀਨਰੀ ਦੀ ਸਬਸਿਡੀ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਕਿਸਾਨਾਂ ਤੋਂ ਪ੍ਰਣ ਲਿਆ ਗਿਆ ਕਿ ਪਰਾਲੀ ਨੂੰ ਅੱਗ ਨਾ ਲਗਾ ਕੇ ਜ਼ੀਰੋ ਬਰਨਿੰਗ ਦੀ ਮੁਹਿੰਮ ਵਿੱਚ ਅਪਣਾ ਯੋਗਦਾਨ ਪਾਉਣਗੇ ।ਇਸ ਮੌਕੇ ਸੁਖਦੀਪ ਕੌਰ ਬੇਲਦਾਰ ਅਤੇ ਸਰਪੰਚ ਹਰਜੀਤ ਕੁਮਾਰ , ਨੰਬਰਦਾਰ ਦਿਲਬਾਗ ਸਿੰਘ , ਮੈਂਬਰ ਪੰਚਾਇਤ ਜਨਕ ਰਾਜ , ਸ਼ੀਲਾ ਦੇਵੀ , ਬਲਵੰਤ ਸਿੰਘ ਅਤੇ ਅਗਾਂਹਵਧੂ ਕਿਸਾਨ ਰਵਿੰਦਰ ਸਿੰਘ , ਕਿਸਾਨ ਯੂਨੀਅਨ ਦੇ ਪ

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਪਿੰਡ ਪੁਰੀਆਂ ਖੁਰਦ ਪਹੁੰਚੇ, ਖੁਦ ਬੇਲਰ ਚਲਾ ਕੇ ਪਰਾਲੀ ਦੀਆਂ ਗੱਠਾਂ ਬਣਾਈਆਂ

ਗੁਰਦਾਸਪੁਰ, 21 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਅੱਜ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਰਾਲੀ ਪ੍ਰਬੰਧਨ ਨੂੰ ਮੁੱਖ ਰੱਖਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਹੇਠ ਪਰਾਲੀ ਪ੍ਰਬੰਧਨ ਦਾ ਕੰਮ ਗੱਠਾਂ ਬਣਵਾ ਕੇ ਸ਼ੁਰੂ ਕੀਤਾ ਗਿਆ ਅਤੇ ਉਹਨਾਂ ਦੇ ਨਾਲ ਡਾ. ਸ਼ਾਹਬਾਜ਼ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ,ਇੰਜੀਨੀਅਰ ਦੀਪਕ ਕੁਮਾਰ ਟੈਕਨੀਸ਼ੀਅਨ ਗੋਬਿੰਦ ਪਾਲ ਸਿੰਘ ਵੀ ਮੌਜੂਦ ਸਨ।ਬਲਾਕ ਬਟਾਲਾ ਦੇ ਪਿੰਡ ਪੁਰੀਆਂ ਖੁਰਦ ਵਿਖੇ ਕਿਸਾਨ ਸ. ਕੁੰਨਨ ਸਿੰਘ ਜੀ ਦੇ ਖੇਤ ਵਿੱਚ ਬੇਲਰ ਮਸ਼ੀਨ ਰਾਹੀਂ ਝੋਨੇ ਦੀ ਪਰਾਲੀ ਦੀਆਂ ਗੱਠਾਂ ਬਣਾਉਣ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਖੇਤੀਬਾੜੀ ਮੰਤਰੀ ਵੱਲੋਂ ਖੁਦ ਬੇਲਰ ਚਲਾ ਕੇ ਪਰਾਲੀ ਦੀਆਂ ਗੱਠਾਂ ਬਣਾਈਆਂ ਗਈਆਂ ਅਤੇ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਜਾਗਰੂਕ ਕੀਤਾ ਗਿਆ।ਇਸ ਮੌਕੇ ਕਿਸਾਨਾਂ ਨੂੰ ਸੰਦੇਸ਼ ਦਿੱਤਾ ਗਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਪਰਾਲੀ ਦੇ ਪ੍ਰਬੰਧਨ ਲਈ ਬੇਲਰ, ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਡ੍ਰਿੱਲ ਆਦਿ ਆਧੁਨਿਕ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਉਪਰੰਤ ਕਣਕ ਦੀ ਬਿਜਾਈ ਸਮੇਂ ਸਿਰ ਅਤੇ ਵਾਤਾਵਰਣ ਪੱਖੀ ਢੰਗ ਨਾਲ ਕੀਤੀ ਜਾ ਸਕਦੀ ਹੈ।ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਸੰਭਾਲਿਆ ਜਾਵੇ ਜਾਂ ਬੇਲਰਾਂ ਰਾਹੀਂ ਗੱਠਾਂ ਬਣਵਾ ਕੇ ਇਸ ਦਾ ਯੋਗ ਪ੍ਰਬੰਧਨ ਕੀਤਾ ਜਾਵੇ। ਇਸ ਨਾਲ ਜਿੱਥੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ, ਉੱਥੇ ਮਿੱਟੀ ਦੀ ਸਿਹਤ ਨੂੰ ਵੀ ਬਰਕਰਾਰ ਰੱਖਿਆ ਜਾ ਸਕਦਾ ਹੈ।ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਪਰਾਲੀ ਪ੍ਰਬੰਧਨ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਕਰਦੇ ਹੋਏ ਪਰਾਲੀ ਨੂੰ ਅੱਗ ਨਹੀਂ, ਖੇਤ ਨੂੰ ਪੋਸ਼ਣ ਦੇ ਸੰਦੇਸ਼ ਨੂੰ ਅਪਣਾਇਆ ਜਾਵੇ ਅਤੇ ਜ਼ਿਲ੍ਹਾ ਗੁਰਦਾਸਪੁਰ ਨੂੰ ਪਰਾਲੀ ਸਾੜਨ ਤੋਂ ਮੁਕਤ ਬਣਾਉਣ ਲਈ ਸਹਿਯੋਗ ਦਿੱਤਾ ਜਾਵੇ।

ਸ੍ਰੀ ਗੁਰੂ ਰਵਿਦਾਸ ਮਹਾਰਾਜ ਚੌਕ 'ਚ ਰੋਸ ਪ੍ਰਦਰਸ਼ਨ, ਸੰਤ ਕਬੀਰ ਜੀ ਬਾਰੇ ਕਥਿਤ ਇਤਰਾਜ਼ਯੋਗ ਟਿੱਪਣੀ 'ਤੇ ਭੜਕਿਆ ਰੋਸ

ਜਲੰਧਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਮਹਾਨਗਰ ਦੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਚੌਕ ਵਿਖੇ ਸੰਤ ਕਬੀਰ ਜੀ ਨੂੰ ਲੈ ਕੇ ਕਥਿਤ ਤੌਰ 'ਤੇ ਇਤਰਾਜ਼ਯੋਗ ਸ਼ਬਦਾਂ ਦੀ ਵਰਤੋਂ ਕੀਤੇ ਜਾਣ ਦੇ ਮਾਮਲੇ ਨੂੰ ਲੈ ਕੇ ਸਮਾਜ ਦੇ ਲੋਕਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਅਤੇ ਕਥਿਤ ਟਿੱਪਣੀ ਕਰਨ ਵਾਲੇ ਵਿਅਕਤੀ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਪ੍ਰਦਰਸ਼ਨ ਦੌਰਾਨ ਮੌਜੂਦ ਲੋਕਾਂ ਨੇ ਦੱਸਿਆ ਕਿ ਮਨੂ ਸ਼ਰਮਾ ਉਰਫ਼ ਮਨੂ ਭਈਆ, ਜੋ ਹਰਿਆਣਾ ਦੇ ਗੁਰੂਗ੍ਰਾਮ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ, ਵੱਲੋਂ ਸੰਤ ਕਬੀਰ ਜੀ ਬਾਰੇ ਕਥਿਤ ਤੌਰ 'ਤੇ ਗਲਤ ਅਤੇ ਇਤਰਾਜ਼ਯੋਗ ਸ਼ਬਦਾਂ ਦੀ ਵਰਤੋਂ ਕੀਤੀ ਗਈ। ਇਸ ਮਾਮਲੇ ਦੀ ਜਾਣਕਾਰੀ ਸਾਹਮਣੇ ਆਉਣ ਤੋਂ ਬਾਅਦ ਸਮਾਜ ਦੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਸੰਤ ਕਬੀਰ ਜੀ ਦਾ ਸਮਾਜ ਵਿੱਚ ਬਹੁਤ ਸਤਿਕਾਰ ਅਤੇ ਵਿਸ਼ੇਸ਼ ਸਥਾਨ ਹੈ। ਉਨ੍ਹਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਕਥਿਤ ਅਪਮਾਨਜਨਕ ਜਾਂ ਇਤਰਾਜ਼ਯੋਗ ਟਿੱਪਣੀ ਨਾਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ। ਅਜਿਹੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਤੱਥਾਂ ਦੀ ਨਿਰਪੱਖ ਜਾਂਚ ਕੀਤੀ ਜਾਣੀ ਚਾਹੀਦੀ ਹੈ। ਪੁਲਿਸ ਪ੍ਰਸ਼ਾਸਨ ਤੋਂ ਕਾਰਵਾਈ ਦੀ ਮੰਗ ਰੋਸ ਪ੍ਰਦਰਸ਼ਨ ਕਰ ਰਹੇ ਲੋਕਾਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪੂਰੇ ਮਾਮਲੇ ਦਾ ਨੋਟਿਸ ਲਿਆ ਜਾਵੇ ਅਤੇ ਕਥਿਤ ਟਿੱਪਣੀ ਨਾਲ ਸਬੰਧਤ ਤੱਥਾਂ ਦੀ ਜਾਂਚ ਕੀਤੀ ਜਾਵੇ। ਜੇਕਰ ਜਾਂਚ ਦੌਰਾਨ ਦੋਸ਼ ਸਹੀ ਪਾਏ ਜਾਂਦੇ ਹਨ ਤਾਂ ਸਬੰਧਤ ਵਿਅਕਤੀ ਖ਼ਿਲਾਫ਼ ਕਾਨੂੰਨ ਮੁਤਾਬਕ ਬਣਦੀ ਕਾਰਵਾਈ ਕੀਤੀ ਜਾਵੇ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਕਿਸੇ ਤਰ੍ਹਾਂ ਦਾ ਤਣਾਅ ਪੈਦਾ ਕਰਨਾ ਨਹੀਂ, ਸਗੋਂ ਮਾਮਲੇ ਨੂੰ ਕਾਨੂੰਨੀ ਦਾਇਰੇ ਵਿੱਚ ਲਿਆ ਕੇ ਨਿਆਂਸੰਗਤ ਕਾਰਵਾਈ ਕਰਵਾਉਣਾ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਮਾਮਲੇ ਦੀ ਜਾਂਚ ਕਰਕੇ ਸਥਿਤੀ ਸਪੱਸ਼ਟ ਕੀਤੀ ਜਾਵੇ, ਤਾਂ ਜੋ ਸਮਾਜ ਵਿੱਚ ਆਪਸੀ ਭਾਈਚਾਰਾ, ਸ਼ਾਂਤੀ ਅਤੇ ਧਾਰਮਿਕ ਸਤਿਕਾਰ ਕਾਇਮ ਰਹੇ।

ਮੀਰੀ-ਪੀਰੀ ਹਰਗੋਬਿੰਦਪੁਰ ਦਿਵਸ ਮੌਕੇ ਨਗਰ ਕੀਰਤਨ ਦਾ ਹਰਚੋਵਾਲ ਪਹੁੰਚਣ 'ਤੇ ਸਵਾਗਤ

ਸ੍ਰੀ ਹਰਗੋਬਿੰਦਪੁਰ, 21 ਸਤੰਬਰ (ਪ੍ਰਦੀਪ ਸਿੰਘ ਬੇਦੀ) ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੀਰੀ-ਪੀਰੀ ਹਰਗੋਬਿੰਦਪੁਰ ਦਿਵਸ ਨੂੰ ਸਮਰਪਿਤ ਸਜਾਇਆ ਗਿਆ ਨਗਰ ਕੀਰਤਨ ਜਦੋਂ ਹਰਚੋਵਾਲ ਪਹੁੰਚਿਆ ਤਾਂ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਨਿੱਘਾ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੇ ਹਰਚੋਵਾਲ ਚੌਕ ਵਿਖੇ ਪਹੁੰਚਣ 'ਤੇ ਜਥੇਦਾਰ ਰਣਜੀਤ ਸਿੰਘ ਪਹੂਲਾ, ਬਾਬਾ ਦਲਬੀਰ ਸਿੰਘ ਜੀ ਅਨੰਦਪੁਰ ਸਾਹਿਬ ਵਾਲੇ ਅਤੇ ਭਾਈ ਗਗਨਦੀਪ ਸਿੰਘ ਰਿਆੜ ਸਮੇਤ ਸਮੂਹ ਸੰਗਤਾਂ ਵੱਲੋਂ ਪੰਜ ਪਿਆਰਿਆਂ ਦਾ ਸ਼ਰਧਾ ਸਹਿਤ ਸਵਾਗਤ ਕੀਤਾ ਗਿਆ। ਇਸ ਮੌਕੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਦੌਰਾਨ ਹਰਚੋਵਾਲ ਚੌਕ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਇਕੱਤਰ ਹੋਈਆਂ ਅਤੇ ਨਗਰ ਕੀਰਤਨ ਦੇ ਦਰਸ਼ਨ ਕਰਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸੰਗਤਾਂ ਵੱਲੋਂ ਪੂਰੀ ਸ਼ਰਧਾ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਮਾਹੌਲ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਸੰਗਤਾਂ ਵਿੱਚ ਇਸ ਧਾਰਮਿਕ ਸਮਾਗਮ ਨੂੰ ਲੈ ਕੇ ਵਿਸ਼ੇਸ਼ ਉਤਸ਼ਾਹ ਅਤੇ ਸ਼ਰਧਾ ਦੇਖਣ ਨੂੰ ਮਿਲੀ।

ਤੈ ਸ਼ਤਾਬਦੀ ਖਾਲਸਾ ਕਾਲਜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ

ਅੰਮ੍ਰਿਤਸਰ 21 ਸਤੰਬਰ (ਮੋਹਕਮ ਸਿੰਘ) ਸਥਾਨਕ ਤੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਦੇ ਪ੍ਰਚਾਰਕ ਸ. ਸੁਖਪਾਲ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਕਾਲਜ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਮੁੱਖ ਮਹਿਮਾਨ ਨੂੰ ਜੀ ਆਇਆ ਕਹਿੰਦਿਆਂ ਸਮੂਹ ਵਿਦਿਆਰਥੀਆਂ ਨੂੰ ਪ੍ਰਕਾਸ਼ ਪੁਰਬ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਆਪਣੇ ਸੰਬੋਧਨ ਵਿੱਚ ਦੱਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਫ਼ੁਰਮਾਨ ਗੁਰੂ ਮਾਨਿਓ ਗ੍ਰੰਥ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਆਪਣਾ ਰਹਿਨੁਮਾ ਮੰਨਣਾ ਚਾਹੀਦਾ ਹੈ ਅਤੇ ਕਿਸੇ ਵੀ ਦੇਹ-ਧਾਰੀ ਗੁਰੂ ਦੇ ਪਿੱਛੇ ਨਹੀਂ ਲੱਗਣਾ ਚਾਹੀਦਾ। ਇਸ ਮੌਕੇ ਮੁੱਖ ਬੁਲਾਰੇ ਸ. ਸੁਖਪਾਲ ਸਿੰਘ ਨੇ 'ਜਾਗਤ ਜੋਤ ਗੁਰੂ ਗ੍ਰੰਥ ਸਾਹਿਬ ਜੀ' ਵਿਸ਼ੇ ਉੱਪਰ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਅਤੇ ਇਤਿਹਾਸ ਬਾਰੇ ਦੱਸਦਿਆਂ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਬਾਣੀ ਦੀ ਸੰਪਾਦਨਾ ਕਰਵਾਈ ਅਤੇ ਬਾਬਾ ਬੁੱਢਾ ਜੀ ਨੂੰ ਪਹਿਲੇ ਮੁੱਖ ਗ੍ਰੰਥੀ ਥਾਪਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹਿਲਾ ਪ੍ਰਕਾਸ਼ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ 'ਧੁਰ ਕੀ ਬਾਣੀ' ਹੈ ਜੋ ਮਾਨਵਤਾ ਦਾ ਕਲਿਆਣ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣ ਦੀ ਪ੍ਰੇਰਨਾ ਦਿੱਤੀ। ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ ਵਿੱਚ ਰਹਿ ਕੇ ਇਸ ਧਾਰਮਿਕ ਸਮਾਗਮ ਦੇ ਵਿਚਾਰ ਸਰਵਣ ਕੀਤੇ। ਸਮਾਗਮ ਦੇ ਅੰਤ ਵਿੱਚ ਕਾਲਜ ਸਟਾਫ਼ ਵੱਲੋਂ ਸ. ਸੁਖਪਾਲ ਸਿੰਘ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਗੁਰਹੰਸ ਸਿੰਘ ਨੇ ਬਾਖੂਬੀ ਨਿਭਾਈ। ਇਸ ਮੌਕੇ ਡਾ. ਗੁਰਸੰਟ ਸਿੰਘ, ਡਾ. ਕਿਰਨਦੀਪ ਕੌਰ, ਪ੍ਰੋ ਸਾਹਿਬ ਸਿੰਘ,ਪ੍ਰੋ. ਹਰਪ੍ਰੀਤ ਸਿੰਘ ਅਤੇ ਸ. ਜਸਪਾਲ ਸਿੰਘ ਸਮੇਤ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਵਿਧਾਇਕ ਸ਼ੈਰੀ ਕਲਸੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਥਾਨਕ ਬੇਰਿੰਗ ਯੂਨੀਅਨ ਕ੍ਰਿਸਚੀਅਨ ਕਾਲਜ ਬਟਾਲਾ ਵਿਖੇ ਵਿਦਿਆਰਥੀਆਂ ਨਾਲ ਕੀਤਾ ਸੰਵਾਦ



ਬਟਾਲਾ, 21 ਸਤੰਬਰ (ਸੰਜੀਵ ਨਈਅਰ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਥਾਨਕ ਬੇਰਿੰਗ ਯੂਨੀਅਨ ਕ੍ਰਿਸਚੀਅਨ ਕਾਲਜ ਬਟਾਲਾ ਵਿਖੇ ਵਿਦਿਆਰਥੀਆਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਇਸ ਮੌਕੇ ਉਨ੍ਹਾਂ ਵਲੋਂ ਵਿਦਿਆਰਥੀਆਂ ਵਲੋਂ ਪੁੱਛੇ ਵੱਖ ਵੱਖ ਸਵਾਲਾਂ ਦੇ ਜਵਾਬ ਦਿੱਤੇ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ,ਕਾਲਜ ਦੇ ਸੈਕਟਰੀ ਡਾ. ਡੈਰਿਕ ਏਂਗਲਜ, ਕਾਰਜਕਾਰੀ ਪ੍ਰਿੰਸੀਪਲ ਡਾ. ਜੇ. ਪੀ ਸਿੰਘ, ਨਿਸ਼ਾਨ ਸਿੰਘ ਰੰਧਾਵਾ ਚੇਅਰਮੈਨ, ਬਲਾਕ ਸਮਿਤੀ ਬਟਾਲਾ, ਗਗਨਦੀਪ ਸਿੰਘ ਪੀ. ਏ, ਨਵਦੀਪ ਸਿੰਘ ਐਜੂਕੇਸ਼ਨ ਇੰਚਾਰਜ, ਐਮ ਐਲ ਏ ਆਫ਼ਿਸ, ਸਾਹਿਲ ਪੀ. ਏ. ਡਾ ਅਮਿਤਾ ਕਮੇਟੀ ਮੈਂਬਰ, ਪ੍ਰੋ ਨੀਰਜ ਕੁਮਾਰ ਸ਼ਰਮਾ (ਸਟਾਫ ਸੇਕ੍ਰੇਟਰੀ), ਡਾ ਰਾਜਨ ਚੌਧਰੀ (ਨੋਡਲ ਅਫਸਰ, ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ), ਪ੍ਰੋ ਰਾਜੀਵ ਮੈਕਮੂਲਨ, ਪ੍ਰੋ ਹਰਪ੍ਰਭਦੀਪ ਸਿੰਘ, ਡਾ ਈਸ਼ਾ , ਪ੍ਰੋ. ਅਸ਼ਵਨੀ ਕੁਮਾਰ (ਪ੍ਰੋਗਰਾਮ ਅਫਸਰ ਐਨ ਐਸ ਐਸ), ਮਿ. ਸੈਮਸਨ,ਮਿ. ਰੋਬਿਨ ਕੁਮਾਰ, ਪ੍ਰੋ ਨਰਿੰਦਰ ਸਿੰਘ, ਡਾ ਲਲਿਤ ਕੁਮਾਰ (ਵਿੱਤ ਸੈਕਰ, ਪ੍ਰੋ ਪਰਮਿੰਦਰਜੀਤ ਕੌਰ, ਪ੍ਰੋ ਅਨੂ, ਡਾ ਅੰਜੂ ਪੁਰੀ, ਪ੍ਰੋ ਰਮਨਦੀਪ ਕੌਰ,ਪ੍ਰੋ ਆਕਾਸ਼ ਗਿੱਲ, ਪ੍ਰੋ ਜਗਦੀਪ ਸਿੰਘ, ਪ੍ਰੋ ਸ਼ਵੇਤਾ, ਪ੍ਰੋ ਸ਼ਰਨਜੀਤ ਸਿੰਘ, ਪ੍ਰੋ ਕੋਮਲਦੀਪ ਕੌਰ, ਪ੍ਰੋ ਅਲਕਾ,ਡਾ ਰਿਤੂ ਪਾਂਧੀ, ਪ੍ਰੋ ਸਤਿੰਦਰ ਕੌਰ , ਪ੍ਰੋ ਜਗਪ੍ਰੀਤ ਸਿੰਘ, ਪ੍ਰੋ ਤੁਸ਼ਾਰ ਬਤਰਾ ਮਿ ਪ੍ਰਦੀਪ ਕੁਮਾਰ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹੁੰਦੇ ਹਨ। ਜੇਕਰ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਸਿੱਖਿਆ, ਖੇਡਾਂ ਅਤੇ ਸਮਾਜ ਸੇਵਾ ਵੱਲ ਧਿਆਨ ਦੇਣ ਤਾਂ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਥਾਪਨਾ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਨਾ ਸਿਰਫ਼ ਵਿਅਕਤੀ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਂਦੇ ਹਨ, ਸਗੋਂ ਪਰਿਵਾਰਾਂ ਅਤੇ ਸਮਾਜ ਨੂੰ ਵੀ ਪ੍ਰਭਾਵਿਤ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦੋਸਤਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਨਸ਼ਿਆਂ ਦੇ ਖ਼ਿਲਾਫ਼ ਜਾਗਰੂਕ ਕਰਨ ਅਤੇ ਜੇਕਰ ਕਿਸੇ ਨੂੰ ਨਸ਼ੇ ਦੀ ਲਤ ਹੋਵੇ ਤਾਂ ਉਸ ਨੂੰ ਇਲਾਜ ਅਤੇ ਸਹਾਇਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨ। ਵਿਧਾਇਕ ਨੇ ਕਿਹਾ ਕਿ ਸ. ਭਗਵੰਤ

ਪੰਜਾਬ 'ਚ ਭਲਕੇ ਹੋਣ ਵਾਲੀ ਸਰਕਾਰੀ ਬੱਸ ਹੜਤਾਲ ਟਲੀ; ਮੁਲਾਜ਼ਮਾਂ ਨੇ ਟਰਾਂਸਪੋਰਟ ਸਕੱਤਰ ਨਾਲ ਕੀਤੀ ਮੁਲਾਕਾਤ

ਪਟਿਆਲਾ, 21 ਸਤੰਬਰ (ਰਾਜਿੰਦਰ ਸਿੰਘ ਬਿੰਦ) : ਪਨਬੱਸ ਅਤੇ ਪੀ.ਆਰ.ਟੀ.ਸੀ. ਕਰਮਚਾਰੀਆਂ ਵੱਲੋਂ 22 ਸਤੰਬਰ ਤੋਂ ਸ਼ੁਰੂ ਕੀਤੀ ਜਾਣ ਵਾਲੀ ਅਣਮਿੱਥੇ ਸਮੇਂ ਦੀ ਹੜਤਾਲ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ। ਟਰਾਂਸਪੋਰਟ ਸਕੱਤਰ ਅਨੁਰਾਗ ਵਰਮਾ ਨਾਲ ਹੋਈ ਮੀਟਿੰਗ ਦੌਰਾਨ, ਅਧੂਰੀਆਂ ਮੰਗਾਂ ਅਤੇ ਆਰਜ਼ੀ ਕਰਮਚਾਰੀਆਂ ਨੂੰ ਠੇਕੇ (ਕੰਟਰੈਕਟ) 'ਤੇ ਰੱਖਣ (ਰੈਗੂਲਰਾਈਜ਼ੇਸ਼ਨ) ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ 'ਤੇ ਸਹਿਮਤੀ ਬਣੀ। ਮੀਟਿੰਗ ਤੋਂ ਬਾਅਦ, ਕਰਮਚਾਰੀਆਂ ਨੇ 24 ਸਤੰਬਰ ਨੂੰ ਮੰਤਰੀ ਨਾਲ ਹੋਣ ਵਾਲੀ ਤੈਅ ਮੀਟਿੰਗ ਤੱਕ ਹੜਤਾਲ ਨੂੰ ਮੁਲਤਵੀ ਕਰਨ ਦਾ ਫੈਸਲਾ ਕੀਤਾ।

ਯੂਨੀਅਨ ਪ੍ਰਧਾਨ ਗੇਜ਼ਮਜੀਤ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਠੇਕੇ 'ਤੇ ਭਰਤੀ ਦੇ ਮੁੱਦੇ 'ਤੇ ਵੀ ਚਰਚਾ ਕੀਤੀ ਗਈ। ਕਰਮਚਾਰੀਆਂ ਨੇ ਦੱਸਿਆ ਕਿ ਹਾਲਾਂਕਿ ਸਰਕਾਰ ਨੇ ਵਿਧਾਨ ਸਭਾ ਵਿੱਚ ਮੌਜੂਦਾ ਆਰਜ਼ੀ ਸਟਾਫ ਨੂੰ ਠੇਕੇ ਦੇ ਆਧਾਰ 'ਤੇ ਰੱਖਣ ਦਾ ਪ੍ਰਸਤਾਵ ਪੇਸ਼ ਕੀਤਾ ਹੈ, ਪਰ ਅਸਲ ਵਿੱਚ ਅਜੇ ਤੱਕ ਕਿਸੇ ਨੂੰ ਵੀ ਠੇਕੇ 'ਤੇ ਨਹੀਂ ਰੱਖਿਆ ਗਿਆ ਹੈ। ਉਨ੍ਹਾਂ ਨੇ ਠੇਕੇ 'ਤੇ ਭਰਤੀ ਦੀ ਪ੍ਰਕਿਰਿਆ ਸ਼ੁਰੂ ਕਰਨ ਬਾਰੇ ਵੀ ਇਤਰਾਜ਼ ਜਤਾਏ; ਮੀਟਿੰਗ ਦੌਰਾਨ ਇਸ ਪ੍ਰਕਿਰਿਆ ਨੂੰ ਫਿਲਹਾਲ ਰੋਕਣ 'ਤੇ ਸਹਿਮਤੀ ਬਣੀ।

ਮੰਤਰੀ ਨਾਲ ਮੀਟਿੰਗ 24 ਤਾਰੀਖ਼ ਲਈ ਤੈਅ

ਕਰਮਚਾਰੀਆਂ ਨੇ ਮੰਗ ਕੀਤੀ ਕਿ ਠੇਕੇ 'ਤੇ ਨਿਯੁਕਤੀਆਂ ਕਰਦੇ ਸਮੇਂ ਵਿਭਾਗ ਵਿੱਚ ਪਹਿਲਾਂ ਤੋਂ ਕੰਮ ਕਰ ਰਹੇ ਆਰਜ਼ੀ ਸਟਾਫ ਨੂੰ ਪਹਿਲ ਦਿੱਤੀ ਜਾਵੇ। ਅਧਿਕਾਰੀਆਂ ਨੇ ਉਨ੍ਹਾਂ ਨੂੰ ਦੱਸਿਆ ਕਿ ਇਸ ਮਕਸਦ ਲਈ ਪਹਿਲਾਂ ਹੀ ਇੱਕ ਮਿਆਰੀ ਸੰਚਾਲਨ ਪ੍ਰਕਿਰਿਆ ਜਾਰੀ ਕੀਤੀ ਜਾ ਚੁੱਕੀ ਹੈ ਅਤੇ ਅਰਜ਼ੀ ਪ੍ਰਕਿਰਿਆ ਸ਼ੁੱਕਰਵਾਰ ਤੱਕ ਪੂਰੀ ਹੋਣ ਦੀ ਉਮੀਦ ਹੈ। ਕਰਮਚਾਰੀਆਂ ਅਨੁਸਾਰ, ਉਨ੍ਹਾਂ ਲੋਕਾਂ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ ਜੋ ਤਿੰਨ ਸਾਲ ਜਾਂ ਇਸ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਹਨ; ਉਸ ਤੋਂ ਬਾਅਦ ਹੀ ਬਾਹਰੀ ਉਮੀਦਵਾਰਾਂ ਨੂੰ ਮੌਕੇ ਦਿੱਤੇ ਜਾਣੇ ਚਾਹੀਦੇ ਹਨ।

ਮੀਟਿੰਗ ਦੌਰਾਨ, ਕਰਮਚਾਰੀਆਂ ਨੇ ਜ਼ੋਰ ਦਿੱਤਾ ਕਿ ਟਰਾਂਸਪੋਰਟ ਵਿਭਾਗ ਇੱਕ ਜ਼ਰੂਰੀ ਸੇਵਾ ਹੈ। ਉਨ੍ਹਾਂ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਸਟਾਫ ਨੇ ਹੜ੍ਹ, ਜੰਗ ਅਤੇ ਕੋਵਿਡ-19 ਮਹਾਂਮਾਰੀ ਵਰਗੀਆਂ ਐਮਰਜੈਂਸੀ ਸਥਿਤੀਆਂ ਦੌਰਾਨ ਵੀ ਸੇਵਾਵਾਂ ਜਾਰੀ ਰੱਖੀਆਂ ਸਨ। ਉਨ੍ਹਾਂ ਮੰਗ ਕੀਤੀ ਕਿ ਅਜਿਹੇ ਕਰਮਚਾਰੀਆਂ ਨੂੰ ਠੇਕੇ 'ਤੇ ਭਰਤੀ ਲਈ ਪਹਿਲ ਦਿੱਤੀ ਜਾਵੇ।

ਮੀਟਿੰਗ ਵਿੱਚ ਲਗਭਗ 1,300 ਆਰਜ਼ੀ ਕਰਮਚਾਰੀਆਂ ਨੂੰ ਪੱਕਾ ਕਰਨ (ਰੈਗੂਲਰ ਕਰਨ) ਦੇ ਮੁੱਦੇ 'ਤੇ ਵੀ ਚਰਚਾ ਕੀਤੀ ਗਈ। ਇਹ ਦੱਸਿਆ ਗਿਆ ਕਿ ਇਸ ਸਬੰਧੀ ਨਿਯਮ ਫਿਲਹਾਲ ਤਿਆਰ ਕੀਤੇ ਜਾ ਰਹੇ ਹਨ। ਮੀਟਿੰਗ ਵਿੱਚ ਵਿੱਤ ਅਤੇ ਅਮਲਾ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ। ਕਰਮਚਾਰੀਆਂ ਨੇ ਦੱਸਿਆ ਕਿ ਮੰਤਰੀ ਪੱਧਰ 'ਤੇ ਹੋਈ ਮੀਟਿੰਗ ਦੌਰਾਨ ਇਨ੍ਹਾਂ ਉਪਾਵਾਂ ਨੂੰ ਲਾਗੂ ਕਰਨ ਬਾਰੇ ਵੀ ਚਰਚਾ ਕੀਤੀ ਗਈ ਸੀ।

ਏਸ਼ੀਆਈ ਖੇਡਾਂ 2026: ਨਿਸ਼ਾਨੇਬਾਜ਼ੀ 'ਚ ਭਾਰਤ ਦੀ ਪੁਰਸ਼ ਟੀਮ ਨੇ ਜਿੱਤਿਆ ਇੱਕ ਹੋਰ ਚਾਂਦੀ ਦਾ ਤਗਮਾ

ਟੋਕੀਓ, 21 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਭਾਰਤ ਨੇ 2026 ਏਸ਼ੀਆਈ ਖੇਡਾਂ ਦੇ ਦੂਜੇ ਦਿਨ ਆਪਣਾ ਪਹਿਲਾ ਤਗਮਾ ਜਿੱਤਿਆ ਹੈ। ਇਹ ਭਾਰਤ ਦਾ ਕੁੱਲ ਮਿਲਾ ਕੇ ਤੀਜਾ ਤਗਮਾ ਹੈ, ਅਤੇ ਇਹ ਸਾਰੇ ਤਗਮੇ ਨਿਸ਼ਾਨੇਬਾਜ਼ੀ (ਸ਼ੂਟਿੰਗ) ਵਿੱਚ ਹੀ ਜਿੱਤੇ ਗਏ ਹਨ। ਇਸ ਤੋਂ ਪਹਿਲਾਂ, ਭਾਰਤ ਨੇ ਪਹਿਲੇ ਦਿਨ ਵੀ ਨਿਸ਼ਾਨੇਬਾਜ਼ੀ ਵਿੱਚ ਦੋ ਤਗਮੇ ਜਿੱਤੇ ਸਨ। ਇਸ ਵਾਰ ਭਾਰਤ ਨੇ ਪੁਰਸ਼ਾਂ ਦੇ 10 ਮੀਟਰ ਏਅਰ ਰਾਈਫਲ ਟੀਮ ਮੁਕਾਬਲੇ ਵਿੱਚ ਚਾਂਦੀ ਦਾ ਤਗਮਾ ਜਿੱਤਿਆ ਹੈ। ਪਾਰਥ ਮਾਨੇ, ਰੁਦ੍ਰਾਂਸ਼ ਪਾਟਿਲ ਅਤੇ ਹਿਮਾਂਸ਼ੂ ਢਿੱਲੋਂ ਦੀ ਤਿਕੜੀ ਨੇ ਭਾਰਤ ਲਈ ਇਹ ਤਗਮਾ ਜਿੱਤਿਆ ਹੈ। ਪਾਰਥ ਮਾਨੇ, ਰੁਦ੍ਰਾਂਸ਼ ਪਾਟਿਲ ਅਤੇ ਹਿਮਾਂਸ਼ੂ ਢਿੱਲੋਂ ਦੀ ਤਿਕੜੀ ਨੇ 1890.1 ਅੰਕ ਪ੍ਰਾਪਤ ਕਰਕੇ ਪੁਰਸ਼ਾਂ ਦੇ 10 ਮੀਟਰ ਏਅਰ ਰਾਈਫਲ ਟੀਮ ਮੁਕਾਬਲੇ ਦੇ ਫਾਈਨਲ ਵਿੱਚ ਦੂਜਾ ਸਥਾਨ ਹਾਸਲ ਕੀਤਾ। ਇਸ ਵਿੱਚੋਂ, ਰੁਦ੍ਰਾਂਸ਼ ਪਾਟਿਲ ਨੇ 631.8 ਅੰਕ ਪ੍ਰਾਪਤ ਕੀਤੇ, ਹਿਮਾਂਸ਼ੂ ਢਿੱਲੋਂ ਨੇ 630.0 ਅੰਕ ਪ੍ਰਾਪਤ ਕੀਤੇ ਅਤੇ ਪਾਰਥ ਮਾਨੇ ਨੇ 628.3 ਅੰਕ ਪ੍ਰਾਪਤ ਕੀਤੇ। ਚੀਨ ਨੇ 1899 ਅੰਕ ਪ੍ਰਾਪਤ ਕਰਕੇ ਪੁਰਸ਼ਾਂ ਦੇ 10 ਮੀਟਰ ਏਅਰ ਰਾਈਫਲ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਗਮਾ ਜਿੱਤਿਆ। ਭਾਰਤ ਨੇ 2026 ਏਸ਼ੀਆਈ ਖੇਡਾਂ ਦੇ ਦੂਜੇ ਦਿਨ ਆਪਣਾ ਪਹਿਲਾ ਤਗਮਾ ਜਿੱਤਿਆ ਹੈ। ਇਹ ਭਾਰਤ ਦਾ ਕੁੱਲ ਮਿਲਾ ਕੇ ਤੀਜਾ ਤਗਮਾ ਹੈ ਅਤੇ ਇਹ ਸਾਰੇ ਨਿਸ਼ਾਨੇਬਾਜ਼ੀ ਵਿੱਚ ਹੀ ਜਿੱਤੇ ਗਏ ਹਨ; ਇਸ ਤੋਂ ਪਹਿਲਾਂ, ਦੇਸ਼ ਨੇ ਉਦਘਾਟਨੀ ਦਿਨ ਵੀ ਨਿਸ਼ਾਨੇਬਾਜ਼ੀ ਵਿੱਚ ਦੋ ਤਗਮੇ ਜਿੱਤੇ ਸਨ। ਇਸ ਵਾਰ, ਭਾਰਤ ਨੇ ਪੁਰਸ਼ਾਂ ਦੇ 10 ਮੀਟਰ ਏਅਰ ਰਾਈਫਲ ਟੀਮ ਮੁਕਾਬਲੇ ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਇਹ ਤਗਮਾ ਪਾਰਥ ਮਾਨੇ, ਰੁਦ੍ਰਾਂਸ਼ ਪਾਟਿਲ ਅਤੇ ਹਿਮਾਂਸ਼ੂ ਢਿੱਲੋਂ ਦੀ ਤਿਕੜੀ ਨੇ ਜਿੱਤਿਆ।

ਸਫ਼ਾ ਇੱਕ ਦੀਆਂ ਬਾਕੀ...

5 ਤਰਜੀਹਾਂ, ਇੱਕ ਮਿਸ਼ਨ.....

ਵਿੱਚ ਸਾਥੀ ਭਾਗੀਦਾਰੀ, ਨਸ਼ਿਆਂ ਦੀ ਲਤ ਤੋਂ ਉੱਭਰ ਚੁੱਕੇ ਲੋਕਾਂ ਦੀ ਸ਼ਮੂਲੀਅਤ ਅਤੇ ਨੌਜਵਾਨਾਂ ਦੀ ਅਗਵਾਈ ਵਾਲੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਤਾਂ ਜੋ ਨੌਜਵਾਨਾਂ ਲਈ ਨਸ਼ਿਆਂ ਨੂੰ 'ਨਾ' ਕਰਨਾ ਸਮਾਜਿਕ ਤੌਰ 'ਤੇ ਆਸਾਨ ਬਣਾਇਆ ਜਾ ਸਕੇ ਅਤੇ ਇਸ ਸੁਧਾਰ ਨੂੰ ਕਲੰਕ ਨਾ ਮੰਨਿਆ ਜਾਵੇ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਨਸ਼ਾ ਤਸਕਰ ਲੁਕ-ਛਿਪ ਕੇ ਆਪਣੀਆਂ ਗਤੀਵਿਧੀਆਂ ਨਾ ਚਲਾ ਸਕਣ ਅਤੇ ਨਸ਼ਿਆਂ ਦੀ ਸਮੱਸਿਆ ਨਾਲ ਜੂਝ ਰਹੇ ਪਰਿਵਾਰ ਸਰਕਾਰੀ ਸਹਾਇਤਾ ਪ੍ਰਾਪਤ ਕਰਨ ਤੋਂ ਵਾਂਝੇ ਨਾ ਰਹਿਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਇੱਕ ਅਜਿਹੀ ਵਿਵਸਥਾ ਤਿਆਰ ਕਰ ਰਿਹਾ ਹੈ, ਜਿਸ ਵਿੱਚ ਪੁਲਿਸ ਥਾਣੇ, ਪਿੰਡ, ਸਕੂਲ, ਕਾਲਜ ਅਤੇ ਸਿਹਤ ਕੇਂਦਰ ਹੁਣ ਵੱਖ-ਵੱਖ ਮੋਰਚੇ ਨਹੀਂ ਰਹੇ, ਸਗੋਂ ਨਸ਼ਿਆਂ ਖ਼ ਿਲਾਫ਼ ਇੱਕ ਮੁਹਿੰਮ ਦੇ ਆਪਸ ਵਿੱਚ ਜੁੜੇ ਹੋਏ ਹਿੱਸੇ ਹਨ। ਰਿਪੋਰਟਿੰਗ ਨੂੰ ਮਜ਼ਬੂਤ ਕਰਨਾ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ, ਭਾਈਚਾਰਿਆਂ ਨੂੰ ਸਰਗਰਮ ਕਰਨਾ ਅਤੇ ਨਸ਼ਿਆਂ ਤੋਂ ਬਾਹਰ ਨਿਕਲਣ ਲਈ ਭਰੋਸੇਯੋਗ ਇਲਾਜ ਅਤੇ ਮੁੜ ਵਸੇਬੇ ਦੀ ਸਹੂਲਤ ਮੁਹੱਈਆ ਕਰਵਾਉਣਾ। ਭਗਵੰਤ ਮਾਨ ਸਰਕਾਰ ਲਈ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਨਾਅਰਿਆਂ ਜਾਂ ਬਿਆਨਾਂ ਤੱਕ ਸੀਮਤ ਨਹੀਂ ਹੈ। ਇਹ ਜ਼ਮੀਨੀ ਪੱਧਰ 'ਤੇ ਨਸ਼ਿਆਂ ਵਿਰੁੱਧ ਜੰਗ ਲੜਨ ਅਤੇ ਇਸ ਨੂੰ ਬਰਕਰਾਰ ਰੱਖਣ ਲਈ ਲੋੜੀਂਦੇ ਢਾਂਚੇ, ਜ਼ਮੀਨੀ ਨੈੱਟਵਰਕ, ਰੋਕਥਾਮ ਪ੍ਰਣਾਲੀਆਂ ਅਤੇ ਸਿਹਤ ਸੰਭਾਲ ਸਮਰੱਥਾ ਵਿਕਸਤ ਕਰਨ ਬਾਰੇ ਹੈ।

ਬਠਿੰਡਾ 'ਚ 'ਨਸ਼ਾ ਮੁਕਤ.....

ਕੇਵਲ ਸਿੰਘ ਢਿੱਲੋਂ, ਰਾਜ ਸਭਾ ਮੈਂਬਰ ਤਰੁਣ ਚੁੱਘ ਅਤੇ ਹੋਰ ਭਾਜਪਾ ਆਗੂ ਕੇਂਦਰੀ ਮੰਤਰੀ ਦੇ ਨਾਲ ਸਨ। ਇਸ ਮੌਕੇ ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ 'ਚ ਵਧ ਰਹੇ ਨਸ਼ਿਆਂ ਅਤੇ ਪ੍ਰਸ਼ਾਸਕੀ ਧੱਕੇਸ਼ਾਹੀ ਨੂੰ ਲੈ ਕੇ ਸੂਬਾ ਸਰਕਾਰ 'ਤੇ ਗੰਭੀਰ ਦੋਸ਼ ਲਾਏ ਹਨ। ਉਨ੍ਹਾਂ ਮੁੱਖ ਮੰਤਰੀ ਅਤੇ ਚਾਰ ਮੰਤਰੀਆਂ ਦੇ ਗੜ੍ਹ ਮੰਨੇ ਜਾਂਦੇ ਸੰਗਰੂਰ ਜ਼ਿਲ੍ਹੇ ਦੀਆਂ ਹਾਲੀਆ ਘਟਨਾਵਾਂ ਦਾ ਹਵਾਲਾ ਦਿੰਦੇ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕੀਤੇ। ਮੋਹਨਜੀਤ ਦੇ ਮਾਮਲੇ 'ਤੇ ਬੋਲਦੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਕਾਲੀ ਝੰਡੀ ਵਿਖਾ ਕੇ ਆਪਣਾ ਵਿਰੋਧ ਪ੍ਰਗਟਾਉਣ 'ਤੇ ਮੋਹਨਜੀਤ ਸਿੰਘ ਨਾਲ ਕੁੱਟਮਾਰ ਕੀਤੀ ਗਈ, ਜਿਸ ਤੋਂ ਬਾਅਦ ਉਸ ਨੂੰ ਗੰਭੀਰ ਹਾਲਤ 'ਚ ਹਸਪਤਾਲ ਵਿੱਚ ਵੈਂਟੀਲੇਟਰ ਅਤੇ ਦਾਖ਼ਲ ਹੋਣਾ ਪਿਆ। ਗੁਲਜ਼ਾਰ ਸਿੰਘ ਦੇ ਮਾਮਲੇ ਦਾ ਜ਼ਿਕਰ ਕਰਦੇ ਉਨ੍ਹਾਂ ਕਿਹਾ ਕਿ ਦਿੜਬਾ ਵਿਖੇ ਮੰਤਰੀ ਦੇ ਪ੍ਰੋਗਰਾਮ ਦੌਰਾਨ ਇਕ ਦਲਿਤ ਦਿਹਾੜੀਦਾਰ ਗੁਲਜ਼ਾਰ ਸਿੰਘ ਨੇ ਇਹ ਪੁੱਛਿਆ ਸੀ ਕਿ 'ਚਿੱਟਾ ਕਦੋਂ ਬੰਦ ਕਰੋਗੇ। ਇਸ ਤੋਂ ਬਾਅਦ ਪੁਲਸ ਵੱਲੋਂ ਉਸ ਦੀ ਕੁੱਟਮਾਰ ਕੀਤੀ ਗਈ, ਜਿਸ ਦੇ ਡਰ ਤੋਂ ਉਸ ਨੇ ਸਲਫਾਸ ਖਾ ਲਈ ਅਤੇ ਉਸ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਸੰਗਰੂਰ ਦੇ ਅਨਮੋਲ/ਨਰੋਲ ਪਿੰਡ ਦੇ ਜਗਸੀਰ ਸਿੰਘ ਜੱਗਾ ਨੇ ਡੀ. ਸੀ. ਦਫ਼ਤਰ ਜਾ ਕੇ ਨਸ਼ਾ ਬੰਦ ਕਰਨ ਦੀ ਮੰਗ ਕੀਤੀ ਸੀ। ਕੋਈ ਸੁਣਵਾਈ ਨਾ ਹੋਣ 'ਤੇ ਉਸ ਨੇ ਜ਼ਹਿਰੀਲੀਆਂ ਗੋਲੀਆਂ ਖਾ ਲਈਆਂ ਅਤੇ ਉਹ ਇਸ ਵੇਲੇ ਰਜਿੰਦਰਾ ਹਸਪਤਾਲ ਦੇ ਵਾਰਡ ਨੰਬਰ 1 'ਚ ਵੈਂਟੀਲੇਟਰ 'ਤੇ ਤੜਫ ਰਿਹਾ ਹੈ। ਕੇਵਲ ਸਿੰਘ ਢਿੱਲੋਂ ਨੇ ਸਰਕਾਰ 'ਤੇ ਤੰਜ ਕੱਸਦਿਆਂ ਕਿਹਾ ਕਿ ਜਿਹੜੀ ਸਰਕਾਰ ਇਕ ਜ਼ਿਲ੍ਹੇ ਵਿੱਚੋਂ ਵੀ ਨਸ਼ਾ ਬੰਦ ਨਹੀਂ ਕਰ ਸਕੀ, ਉਹ ਪੂਰੇ ਪੰਜਾਬ ਵਿੱਚੋਂ ਨਸ਼ਾ ਕਿਵੇਂ ਖ਼ਤਮ ਕਰੇਗੀ। ਉਨ੍ਹਾਂ ਦਾਅਵਾ ਕੀਤਾ ਕਿ ਸਿਰਫ਼ ਭਾਰਤੀ ਜਨਤਾ ਪਾਰਟੀ ਹੀ ਪੰਜਾਬ ਨੂੰ ਨਸ਼ਾਮੁਕਤ ਕਰ ਸਕਦੀ ਹੈ। ਤਲਵੰਡੀ ਸਾਬੋ ਸਥਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ, ਚੌਹਾਨ ਨੇ ਯਾਤਰਾ ਵਿੱਚ ਹਿੱਸਾ ਲਿਆ ਅਤੇ ਬਾਅਦ ਵਿੱਚ ਮੈਸਰਖਾਨਾ ਵਿਖੇ ਇੱਕ ਜਨਤਕ ਸਭਾ ਨੂੰ ਸੰਬੋਧਨ ਕੀਤਾ।

ਰਾਜ ਸਰਕਾਰ ਦੀ ਨਾਕਾਮੀ.....

ਗ਼ਿਸ਼ਤੇਦਾਰਾਂ ਦੇ ਬੱਚੇ ਐਕਸਾਈਜ਼ ਇੰਸਪੈਕਟਰ ਲੱਗ ਗਏ ਹਨ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਪਿਛਲੇ ਸਾਲਾਂ ਦੌਰਾਨ ਦੋ ਲੱਖ ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਪਰਚੀ- ਬਿਨਾਂ ਖਰਚੀ ਸਰਕਾਰੀ ਨੌਕਰੀ ਦਿੱਤੀ ਗਈ ਹੈ। ਹਾਲ ਹੀ ਵਿੱਚ ਆਏ ਇੱਕ ਭਰਤੀ ਨਤੀਜੇ ਵਿੱਚ ਇਕੱਲੇ ਪੁਨਹਾਣਾ ਖੇਤਰ ਦੇ 29 ਨੌਜਵਾਨਾਂ ਦੀ ਚੋਣ ਦੀ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਨੌਜਵਾਨ ਨੂੰ ਨੌਕਰੀ ਪਾਉਣ ਲਈ ਕਿਸੇ ਸਿਆਸੀ ਵਿਅਕਤੀ ਦੀ ਸਿਫ਼ਾਰਸ਼ ਜਾਂ ਪੈਸੇ ਦੀ ਲੋੜ ਨਹੀਂ ਪਈ। ਇਹੀ ਚੰਗੇ ਸ਼ਾਸਨ ਅਤੇ ਪਾਰਦਰਸ਼ੀ ਭਰਤੀ ਪ੍ਰਣਾਲੀ ਦਾ ਪ੍ਰਮਾਣ ਹੈ। ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਨੇ ਆਪਣੇ ਸੰਕਲਪ ਪੱਤਰ ਵਿੱਚ ਔਰਤਾਂ ਨੂੰ 2,100 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਅਤੇ ਇਸ ਸੰਕਲਪ ਨੂੰ ਸਰਕਾਰ ਨੇ ਜ਼ਮੀਨ 'ਤੇ ਉਤਾਰਨ ਦਾ ਕੰਮ ਕੀਤਾ ਹੈ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਉਪਲਬਧ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਹਰਿਆਣਾ ਸਰਕਾਰ ਨੇ ਗ਼ੈਰ-ਕਾਨੂੰਨੀ 'ਡੰਕੀ ਰੂਟ' ਰਾਹੀਂ ਨੌਜਵਾਨਾਂ ਨੂੰ ਵਿਦੇਸ਼ ਭੇਜਣ ਵਾਲਿਆਂ ਵਿਰੁੱਧ ਸਖ਼ਤ ਕਾਨੂੰਨ ਬਣਾਇਆ ਹੈ ਅਤੇ ਕਾਰਵਾਈ ਵੀ ਕੀਤੀ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਨੌਜਵਾਨਾਂ ਨੂੰ ਨਸ਼ੇ ਦੀ ਗ੍ਰਿਫ਼ਤ ਵਿੱਚ ਧੱਕਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਹੋਵੇਗੀ ਅਤੇ ਕਿਸੇ ਨੂੰ ਵੀ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਖ਼ਰਾਬ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਵਿਕਾਸ ਦੀ ਗਰੰਟੀ ਭਾਜਪਾ ਹੈ, ਨਸ਼ੇ ਵਿਰੁੱਧ ਫ਼ੈਸਲਾਕੁਨ ਕਾਰਵਾਈ ਦੀ ਗਰੰਟੀ ਭਾਜਪਾ ਹੈ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਸੁਰੱਖਿਅਤ ਭਵਿੱਖ ਅਤੇ ਰੁਜ਼ਗਾਰ ਦੇਣ ਦੀ ਗਰੰਟੀ ਵੀ ਭਾਜਪਾ ਹੈ। ਉਨ੍ਹਾਂ ਪੰਜਾਬ ਦੀ ਜਨਤਾ ਨੂੰ ਸੱਦਾ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਨੂੰ ਮਜ਼ਬੂਤ ਕਰਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਜੋ ਕੰਮ ਹਰਿਆਣਾ ਵਿੱਚ ਪੂਰੇ ਕੀਤੇ ਹਨ, ਉਹ ਸਾਰੇ ਕੰਮ ਪੰਜਾਬ ਵਿੱਚ ਵੀ ਕੀਤੇ ਜਾਣਗੇ ਅਤੇ ਪੰਜਾਬ ਦੇ ਕਿਸੇ ਵੀ ਵਿਅਕਤੀ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਸ਼੍ਰੋਮਣੀ ਕਮੇਟੀ 'ਚ ਨਿਘਾਰ.....

ਜਥੇਦਾਰ ਤੱਕ ਪਹੁੰਚ ਕੀਤੀ ਸੀ। ਸਭ ਕੁਝ ਜਾਣਕਾਰੀ ਵਿੱਚ ਹੋਣ ਦੇ ਬਾਵਜੂਦ ਪ੍ਰਧਾਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਅਤੇ ਅੱਜ ਤੱਕ ਇਸ ਮਸਲੇ 'ਤੇ ਚੁੱਪ ਧਾਰੀ ਹੋਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੀ ਆਪਣੀ ਜ਼ਿੰਮੇਵਾਰੀ ਤੋਂ ਭੱਜੇ ਹਨ ਮਾਮਲੇ ਨਾਲ ਸੰਬੰਧਿਤ ਦੋਸ਼ਾਂ ਅਤੇ ਐਫਆਈਆਰ ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਜੇਕਰ ਉਕਤ ਵਿਅਕਤੀ ਨਿਰਦੋਸ਼ ਸੀ, ਤਾਂ ਉਸ ਨੂੰ ਇੱਥੇ ਰਹਿ ਕੇ ਹਾਲਾਤ ਦਾ ਸਾਮਣਾ

ਖੇਡਾਂ ਵਤਨ ਪੰਜਾਬ ਦੀਆਂ ਵਿੱਚ ਮਾਤਾ ਗੁਜਰੀ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

-ਖਿਡਾਰੀਆਂ ਨੇ ਜਿੱਤੇ 14 ਤਮਗੇ – 7 ਸੋਨੇ, 3 ਚਾਂਦੀ ਤੇ 4 ਕਾਂਸੀ

ਦੇਵੀਗੜ੍ਹ , ਪਟਿਆਲਾ (ਰਾਜਿੰਦਰ ਸਿੰਘ ਥਿੰਦ): “ਮਿਹਨਤ, ਲਗਨ ਅਤੇ ਅਨੁਸ਼ਾਸਨ ਹੀ ਸਫਲਤਾ ਦੀ ਅਸਲ ਪਹਿਚਾਣ ਹਨ”— ਇਸ ਗੱਲ ਨੂੰ ਸੱਚ ਸਾਬਤ ਕਰਦਿਆਂ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ ਦੇ ਖਿਡਾਰੀਆਂ ਨੇ ਖੇਡਾਂ ਵਤਨ ਪੰਜਾਬ ਦੀਆਂ ਅਧੀਨ ਜਵਾਹਰ ਨਵੋਦਿਆ ਵਿਦਿਆਲਿਆ, ਫਤਿਹਪੁਰ ਦੇ ਅਥਲੈਟਿਕਸ ਬਲਾਕ, ਭੁਨੇਰਹੇੜੀ ਵਿਖੇ ਕਰਵਾਏ ਗਏ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 14 ਤਮਗੇ ਆਪਣੇ ਨਾਮ ਕੀਤੇ। ਇਨ੍ਹਾਂ ਵਿੱਚ 7 ਸੋਨੇ, 3 ਚਾਂਦੀ ਅਤੇ 4 ਕਾਂਸੀ ਦੇ ਤਮਗੇ ਸ਼ਾਮਲ ਹਨ। ਸਕੂਲ ਦੇ ਖਿਡਾਰੀਆਂ ਨੇ ਦੌੜਾਂ, ਗੋਲਾ ਸੁੱਟਣ ਅਤੇ ਲੰਮੀ ਛਾਲ ਵਰਗੇ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸੋਨੇ ਦੇ ਤਮਗਿਆਂ ਨਾਲ ਚਮਕੇ ਖਿਡਾਰੀ ਏਕਮਪ੍ਰੀਤ ਸਿੰਘ (9ਵੀਂ ਏ) ਨੇ 3000 ਮੀਟਰ ਦੌੜ ਵਿੱਚ ਸੋਨੇ ਦਾ ਤਮਗਾ ਅਤੇ 100 ਮੀਟਰ ਦੌੜ ਵਿੱਚ ਕਾਂਸੀ ਦਾ ਤਮਗਾ ਜਿੱਤਿਆ। ਸੁਖਮਨਪ੍ਰੀਤ ਕੌਰ (10ਵੀਂ ਬੀ) ਨੇ 3000 ਮੀਟਰ ਅਤੇ 800 ਮੀਟਰ ਦੌੜ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸੋਨੇ ਦੇ ਤਮਗੇ ਜਿੱਤੇ। ਅਭਿਜੀਤ ਸਿੰਘ (10ਵੀਂ ਬੀ) ਨੇ ਗੋਲਾ ਸੁੱਟਣ ਦੇ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਹਾਸਲ ਕੀਤਾ। ਵਿਕਰਮਜੀਤ ਸਿੰਘ (ਬਾਰ੍ਹਵੀਂ ਬੀ) ਨੇ ਗੋਲਾ ਸੁੱਟਣ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਹਰਸਿਮਰਤ ਕੌਰ (9ਵੀਂ ਏ) ਨੇ 100 ਮੀਟਰ ਅਤੇ 200 ਮੀਟਰ ਦੌੜ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸੋਨੇ ਦੇ ਤਮਗੇ ਆਪਣੇ ਨਾਮ ਕੀਤੇ। ਚਾਂਦੀ ਅਤੇ ਕਾਂਸੀ ਦੇ ਤਮਗਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਹਰਗੁਣ ਕੌਰ (9ਵੀਂ ਸੀ) ਨੇ ਗੋਲਾ ਸੁੱਟਣ ਵਿੱਚ ਚਾਂਦੀ ਅਤੇ ਲੰਮੀ ਛਾਲ ਵਿੱਚ ਕਾਂਸੀ ਦਾ ਤਮਗਾ ਜਿੱਤਿਆ। ਨਵਦੀਪ ਸਿੰਘ (ਬਾਰ੍ਹਵੀਂ ਏ) ਨੇ 200 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ, ਜਦਕਿ ਹਰਸ਼ਦੀਪ ਸਿੰਘ (ਬਾਰ੍ਹਵੀਂ ਏ) ਨੇ 100 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਪ੍ਰੇਮਜੋਤ ਸਿੰਘ (7ਵੀਂ ਸੀ) ਨੇ ਗੋਲਾ ਸੁੱਟਣ ਅਤੇ ਜਸਕੀਰਤ ਸਿੰਘ (8ਵੀਂ ਬੀ) ਨੇ 600 ਮੀਟਰ ਦੌੜ ਵਿੱਚ ਕਾਂਸੀ ਦੇ ਤਮਗੇ ਹਾਸਲ ਕੀਤੇ। ਸਕੂਲ ਪ੍ਰਬੰਧਕਾਂ ਵੱਲੋਂ ਖਿਡਾਰੀਆਂ ਨੂੰ ਵਧਾਈ ਇਸ ਸ਼ਾਨਦਾਰ ਉਪਲਬਧੀ 'ਤੇ ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਸ਼ਾਨਦਾਰ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਖੇਡ ਪ੍ਰਤੀ ਸਮਰਪਣ ਦਾ ਨਤੀਜਾ ਹੈ। ਸਕੂਲ ਵੱਲੋਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ ਤਾਂ ਜੋ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੋ ਸਕੇ। ਇਸ ਮੌਕੇ 'ਤੇ ਅਥਲੈਟਿਕਸ ਕੋਚ ਸ੍ਰੀ ਹਿਮਾਂਸ਼ੂ ਸ਼ਰਮਾ ਨੂੰ ਵੀ ਖਿਡਾਰੀਆਂ ਦੀ ਤਿਆਰੀ ਅਤੇ ਮਾਰਗਦਰਸ਼ਨ ਲਈ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਗਈ। 14 ਤਮਗਿਆਂ ਦੀ ਇਹ ਸ਼ਾਨਦਾਰ ਪ੍ਰਾਪਤੀ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀ ਖੇਡ ਪ੍ਰਤਿਭਾ ਅਤੇ ਵਿਦਿਆਰਥੀਆਂ ਦੀ ਅਟੁੱਟ ਮਿਹਨਤ ਦਾ ਪ੍ਰਮਾਣ ਹੈ। ਸਕੂਲ ਮੈਨੇਜਮੈਂਟ ਨੇ ਸਾਰੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਹੋਰ ਉੱਚਾ ਚੁੱਕਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਖੇਤਾਂ ਵਤਨ ਪੰਜਾਬ ਦੀਆਂ: ਬਲਾਕ ਪੱਧਰੀ ਕ੍ਰਿਕਟ ਟੈਨਿਸ ਬਾਲ ਮੁਕਾਬਲੇ ਸ਼ੁਰੂ

ਬਰਨਾਲਾ/ਮਹਿਲ ਕਲਾਂ/ਭਦੌੜ, 21 ਸਤੰਬਰ (ਅਵਤਾਰ ਸਿੰਘ ਫਰਵਾਹੀ): ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਦੀ ਅਗਵਾਈ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ÷ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਬਲਾਕ ਪੱਧਰੀ ਕ੍ਰਿਕਟ ਟੈਨਿਸ ਬਾਲ ਮੁਕਾਬਲੇ ਕਰਵਾਏ ਜਾ ਰਹੇ ਹਨ। ਬਲਾਕ ਬਰਨਾਲਾ ਦੇ ਮੁਕਾਬਲੇ ਪਿੰਡ ਦਾਨਗੜ੍ਹ, ਬਲਾਕ ਮਹਿਲ ਕਲਾਂ ਦੇ ਮੁਕਾਬਲੇ ਪਿੰਡ ਸਹਿਜੜਾ ਅਤੇ ਬਲਾਕ ਸਹਿਣਾ ਦੇ ਮੁਕਾਬਲੇ ਕ੍ਰਿਕਟ ਗਰਾਊਂਡ, ਪਿੰਡ ਸੁਖਪੁਰਾ ਵਿੱਚ ਕਰਵਾਏ ਜਾ ਰਹੇ ਹਨ। ਅੱਜ ਬਲਾਕ ਮਹਿਲ ਕਲਾਂ ਦੇ ਮੁਕਾਬਲਿਆਂ ਦਾ ਉਦਘਾਟਨ ਵਿਧਾਇਕ ਸ. ਕੁਲਵੰਤ ਸਿੰਘ ਪੰਡੋਰੀ ਵੱਲੋਂ ਕੀਤਾ ਗਿਆ ਅਤੇ ਬਲਾਕ ਸ਼ਹਿਣਾ ਦੇ ਮੁਕਾਬਲਿਆਂ ਦਾ ਉਦਘਾਟਨ ਵਿਧਾਇਕ ਲਾਭ ਸਿੰਘ ਉੱਗੋਕੇ ਵਲੋਂ ਕੀਤਾ ਗਿਆ। ਇਸ ਮੌਕੇ ਉਹਨਾਂ ਜਿੱਥੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ, ਓਥੇ ਓਹਨਾਂ ਨੂੰ ਖੇਡਾਂ ਨਾਲ ਜੁੜੇ ਰਹਿਣ ਅਤੇ ਚੰਗੀ ਜੀਵਨਸ਼ੈਲੀ ਅਪਣਾਉਣ ਦਾ ਸੱਦਾ ਦਿੱਤਾ। ਇਸ ਮੌਕੇ ਪਿੰਡ ਮਹਿਲ ਕਲਾਂ ਅਤੇ ਸਹਿਜੜਾ ਦੇ ਮੁਕਾਬਲੇ ਵਿਚ ਮਹਿਲ ਕਲਾਂ ਜੇਤੂ ਰਿਹਾ ਅਤੇ ਨਾਈ ਵਾਲਾ ਤੇ ਵਜੀਦਕੇ ਵਿਚ ਵਜੀਦਕੇ ਜੇਤੂ ਰਿਹਾ। ਜ਼ਿਲ੍ਹਾ ਖੇਡ ਅਫ਼ਸਰ ਬਰਨਾਲਾ ਰੁਪਿੰਦਰ ਕੁਮਾਰ ਬੇਗੜਾ ਨੇ ਦੱਸਿਆ ਕਿ ਬਲਾਕ ਬਰਨਾਲਾ ਦੇ ਮੁਕਾਬਲੇ ਪਿੰਡ ਦਾਨਗੜ੍ਹ ਦੇ ਸਪੋਰਟਸ ਸਟੇਡੀਅਮ ਵਿਖੇ ਹੋਏ ਜੋ ਕਿ ਭਲਕੇ ਵੀ ਹੋਣਗੇ। ਇਸ ਮੌਕੇ ਇੰਦਰਜੀਤ ਸਿੰਘ ਸਰਪੰਚ ਪਿੰਡ ਦਾਨਗੜ੍ਹ, ਗੁਰਲਾਭ ਸਿੰਘ ਬਲਾਕ ਸੰਮਤੀ ਮੈਂਬਰ ਅਤੇ ਪਰਮਿੰਦਰ ਸਿੰਘ ਐਡਵੋਕੇਟ, ਆਮ ਆਦਮੀ ਪਾਰਟੀ ਆਗੂ ਗੁਰਤੇਜ ਸਿੰਘ, ਵੇਟ ਲਿਫਟਿੰਗ ਕੋਚ ਗੁਰਵਿੰਦਰ ਕੌਰ, ਜਸਪ੍ਰੀਤ ਸਿੰਘ ਸੀਨੀਅਰ ਐਥਲੈਟਿਕ ਕੋਚ, ਅਜੇ ਨਗਰ ਸੀਨੀਅਰ ਵਾਲੀਬਾਲ ਕੋਚ, ਡੀ ਐਮ ਸਿਮਰਦੀਪ ਸਿੰਘੂ, ਬਲਾਕ ਇੰਚਾਰਜ ਰੁਪਿੰਦਰ ਸਿੰਘ (ਕਬੱਡੀ ਕੋਚ), ਹੈੱਡਮਾਸਟਰ ਰਾਜੇਸ਼ ਗੋਇਲ, ਤਪਿੰਦਰ ਸਿੰਘ 5““ ਅਧਿਆਪਕ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਸੜਕਾਂ 'ਤੇ 'ਮੌਤ ਦੇ ਜਮਦੂਤ' ਬਣ ਕੇ ਘੁੰਮ ਰਹੇ ਵਾਹਨਾਂ ਦਾ ਮੁੱਦਾ ਉੱਠਣ ਤੋਂ ਬਾਅਦ ਕਈ ਵਾਹਨਾਂ 'ਤੇ ਟ੍ਰੈਫਿਕ ਪੁਲਿਸ ਨੇ ਕੱਸਿਆ ਸ਼ਿਕੰਜਾ

ਖ਼ਬਰ ਦਾ ਅਸਰ

ਲੁਧਿਆਣਾ/ਸਾਹਨੇਵਾਲ, 21 ਸਤੰਬਰ -(ਝੱਜ ਉਮੈਦਪੁਰ): ਸਾਹਨੇਵਾਲ ਦੀਆਂ ਸੜਕਾਂ 'ਤੇ ਲੰਮੇ-ਲੰਮੇ ਸਰੀਏ ਲੱਦ ਕੇ ਚੱਲ ਰਹੇ ਵਾਹਨਾਂ ਕਾਰਨ ਲੋਕਾਂ ਦੀ ਸੁਰੱਖਿਆ ਸਬੰਧੀ ਉੱਠੇ ਸਵਾਲਾਂ ਤੋਂ ਬਾਅਦ ਟ ?ਰੈਫਿਕ ਪੁਲਿਸ ਵੱਲੋਂ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਟ ?ਰੈਫਿਕ ਪੁਲਿਸ ਦੇ ਜ਼ੋਨ ਇਨਚਾਰਜ ਬਲਵਿੰਦਰ ਸਿੰਘ ਸੈਣੀ ਵੱਲੋਂ ਅੱਜ ਸਾਹਨੇਵਾਲ ਇਲਾਕੇ ਵਿੱਚ ਲੰਮੇ ਸਰੀਏ ਲੱਦ ਕੇ ਚੱਲ ਰਹੇ ਕਈ ਵਾਹਨਾਂ ਨੂੰ ਰੋਕ ਕੇ ਉਨ੍ਹਾਂ ਦੇ ਚਲਾਨ ਕੱਟੇ ਗਏ। ਜ਼ਿਕਰਯੋਗ ਹੈ ਕਿ ਸਾਹਨੇਵਾਲ ਚੌਕ ਅਤੇ ਆਸ-ਪਾਸ ਦੀਆਂ ਸੜਕਾਂ 'ਤੇ ਲੰਮੇ ਸਰੀਏ ਲੱਦ ਕੇ ਚੱਲ ਰਹੇ ਕੁਝ ਵਾਹਨਾਂ ਵਿੱਚ ਸਰੀਏ ਵਾਹਨ ਦੇ ਪਿਛਲੇ ਹਿੱਸੇ ਤੋਂ ਕਾਫ਼ੀ ਦੂਰ ਤੱਕ ਬਾਹਰ ਨਿਕਲੇ ਹੋਏ ਦਿਖਾਈ ਦੇ ਰਹੇ ਸਨ। ਅਜਿਹੀ ਸਥਿਤੀ ਵਿੱਚ ਪਿੱਛੋਂ ਆਉਣ ਵਾਲੇ ਦੋਪਹੀਆ ਵਾਹਨ ਚਾਲਕਾਂ ਅਤੇ ਹੋਰ ਵਾਹਨਾਂ ਲਈ ਹਾਦਸੇ ਦਾ ਖ਼ਤਰਾ ਬਣ ਸਕਦਾ ਹੈ। ਇਸ ਮਾਮਲੇ ਨੂੰ ਲੈ ਕੇ ਲੋਕਾਂ ਵੱਲੋਂ ਸੜਕਾਂ ਅਤੇ ਸਾਹਨੇਵਾਲ ਚੌਕ ਵਿੱਚੋਂ ਲੰਘ ਰਹੇ ਹਨ ਤਾਂ ਉਨ੍ਹਾਂ ਦੀ ਜਾਂਚ ਅਤੇ ਨਿਯਮਾਂ ਅਨੁਸਾਰ ਕਾਰਵਾਈ ਕਿਉਂ ਨਹੀਂ ਕੀਤੀ ਜਾ ਰਹੀ। ਦੇਸ਼ ਪ੍ਰਦੇਸ਼ ਵਿੱਚ ਖ਼ਬਰ ਪ੍ਰਕਾਸ਼ਿਤ ਹੋਣ ਤੋਂ ਬਾਅਦ ਟ ?ਰੈਫਿਕ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਨਾਲ ਫਿਲਹਾਲ ਇਹ ਉਮੀਦ ਜਾਗੀ ਹੈ ਕਿ ਅਜਿਹੇ ਵਾਹਨਾਂ ਦੀ ਚੈਕਿੰਗ ਨੂੰ ਲੈ ਕੇ ਪੁਲਿਸ ਵੱਲੋਂ ਗੰਭੀਰਤਾ ਦਿਖਾਈ ਜਾ ਰਹੀ ਹੈ।

ਕੀ ਚਲਾਨਾਂ ਤੋਂ ਬਾਅਦ ਵੀ ਜਾਰੀ ਰਹੇਗੀ ਮੁਹਿੰਮ ?

➢ ਹਾਲਾਂਕਿ ਅੱਜ ਕਈ ਵਾਹਨਾਂ ਦੇ ਚਲਾਨ ਕੱਟੇ ਜਾਣ ਨਾਲ ਕਾਰਵਾਈ ਦੀ ਸ਼ੁਰੂਆਤ ਹੋ ਗਈ ਹੈ, ਪਰ ਹੁਣ ਸਭ ਦੀਆਂ ਨਜ਼ਰਾਂ ਇਸ ਗੱਲ 'ਤੇ ਹਨ ਕਿ ਇਹ ਚੈਕਿੰਗ ਮੁਹਿੰਮ ਸਿਰਫ਼ ਇੱਕ ਦਿਨ ਦੀ ਕਾਰਵਾਈ ਬਣ ਕੇ ਰਹਿ ਜਾਂਦੀ ਹੈ ਜਾਂ ਆਉਣ ਵਾਲੇ ਦਿਨਾਂ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹਿੰਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਲੰਮੇ ਸਰੀਏ, ਲੋਹੇ ਜਾਂ ਹੋਰ ਸਮਾਨ ਨੂੰ ਜੇਕਰ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਲਿਜਾਇਆ ਜਾ ਰਿਹਾ ਹੈ ਤਾਂ ਅਜਿਹੇ ਵਾਹਨਾਂ ਦੀ ਨਿਯਮਤ ਜਾਂਚ ਹੋਣੀ ਚਾਹੀਦੀ ਹੈ।

ਪਹਿਲਾਂ ਵੀ ਸਾਹਮਣੇ ਆ ਚੁੱਕੇ ਹਨ ਖਤਰਨਾਕ ਲੋਡ ਵਾਲੇ ਵਾਹਨਾਂ ਦੇ ਮਾਮਲੇ

➢ ਸਾਹਨੇਵਾਲ ਵਿੱਚ ਖਤਰਨਾਕ ਢੰਗ ਨਾਲ ਸਮਾਨ ਲੱਦ ਕੇ ਚੱਲਣ ਵਾਲੇ ਵਾਹਨਾਂ ਦਾ ਮੁੱਦਾ ਪਹਿਲੀ ਵਾਰ ਸਾਹਮਣੇ ਨਹੀਂ ਆਇਆ। ਕੁਝ ਸਮਾਂ ਪਹਿਲਾਂ ਬਿਨਾਂ ਤਰਪਾਲ ਲੋਹੇ ਦੇ ਬੂਰੇ ਨਾਲ ਭਰੇ ਇੱਕ ਟਰੱਕ ਦਾ ਮਾਮਲਾ ਵੀ ਸਾਹਮਣੇ ਆਇਆ ਸੀ, ਜਿਸ ਨੂੰ ਪੱਤਰਕਾਰਾਂ ਵੱਲੋਂ ਟ ?ਰੈਫਿਕ ਪੁਲਿਸ ਦੇ ਹਵਾਲੇ ਕੀਤੇ ਜਾਣ ਦੀ ਗੱਲ ਸਾਹਮਣੇ ਆਈ ਸੀ। ਇਸ ਸਬੰਧੀ ਵੀ ਖ਼ਬਰ ਪ੍ਰਕਾਸ਼ਿਤ ਹੋਈ ਸੀ। ਹਾਲਾਂਕਿ ਉਕਤ ਮਾਮਲੇ ਵਿੱਚ ਅੱਗੇ ਕੀ ਕਾਰਵਾਈ ਹੋਈ, ਇਸ ਬਾਰੇ ਪੁਲਿਸ ਦਾ ਪੱਖ ਵੱਖਰਾ ਹੋ ਸਕਦਾ ਹੈ।

ਵੱਡੇ ਹਾਦਸੇ ਤੋਂ ਪਹਿਲਾਂ ਲਗਾਤਾਰ ਚੈਕਿੰਗ ਦੀ ਮੰਗ

➢ ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਅੱਜ ਕੀਤੀ ਗਈ ਕਾਰਵਾਈ ਸਵਾਗਤਯੋਗ ਹੈ, ਪਰ ਸੜਕ ਸੁਰੱਖਿਆ ਲਈ ਅਜਿਹੀ ਚੈਕਿੰਗ ਲਗਾਤਾਰ ਜਾਰੀ ਰਹਿਣੀ ਜ਼ਰੂਰੀ ਹੈ। ਉਨ੍ਹਾਂ ਮੰਗ ਕੀਤੀ ਕਿ ਸਾਹਨੇਵਾਲ ਚੌਕ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਮੇਂ-ਸਮੇਂ 'ਤੇ ਵਿਸ਼ੇਸ਼ ਨਾਕਾਬੰਦੀ ਅਤੇ ਚੈਕਿੰਗ ਕੀਤੀ ਜਾਵੇ ਅਤੇ ਖਤਰਨਾਕ ਢੰਗ ਨਾਲ ਸਮਾਨ ਲੱਦ ਕੇ ਚੱਲਣ ਵਾਲੇ ਵਾਹਨਾਂ ਖ਼ਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ।

ਬਲਾਕ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਐਸਬੀਐਸ ਪਬਲਿਕ ਸਕੂਲ ਸੁਰਜੀਤਪੁਰਾ ਦੀ ਸ਼ਾਨਦਾਰ ਪ੍ਰਾਪਤੀ

ਬਰਨਾਲਾ, 21 ਸਤੰਬਰ (ਅਵਤਾਰ ਸਿੰਘ ਫਰਵਾਹੀ): ਐਸਬੀਐਸ ਪਬਲਿਕ ਸਕੂਲ ਸੁਰਜੀਤਪੁਰਾ ਦੇ ਵਿਦਿਆਰਥੀਆਂ ਨੇ ਬਲਾਕ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਆਪਣੀ ਮਿਹਨਤ, ਲਗਨ, ਅਨੁਸ਼ਾਸਨ, ਟੀਮ ਭਾਵਨਾ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਪੁਜ਼ੀਸ਼ਨਾਂ ਹਾਸਲ ਕੀਤੀਆਂ। ਇਹ ਐਥਲੈਟਿਕਸ ਮੁਕਾਬਲੇ ਬਾਬਾ ਕਾਲਾਮਹਿਰ ਸਟੇਡੀਅਮ, ਬਰਨਾਲਾ ਵਿਖੇ ਕਰਵਾਏ ਗਏ, ਜਿਸ ਵਿੱਚ ਬਲਾਕ ਪੱਧਰ ਦੇ ਵੱਖ-ਵੱਖ ਸਕੂਲਾਂ ਤੋਂ ਵੱਡੀ ਗਿਣਤੀ ਵਿੱਚ ਖਿਡਾਰੀਆਂ ਨੇ ਪੂਰੀ ਤਿਆਰੀ ਨਾਲ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲਿਆ। ਜਿੰਨਾ ਵਿੱਚ ਐਸਬੀਐਸ ਸਕੂਲ ਦੇ ਅੰਡਰ-14 ਵਰਗ ਵਿੱਚ ਗੁਰਜੋਤ ਸਿੰਘ ਸਿੱਧੂ, ਕਲਾਸ 8ਵੀਂ ਨੇ 80 ਮੀਟਰ ਹਰਡਲਜ਼ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਮਨਿੰਦਰ ਸਿੰਘ, ਕਲਾਸ 9ਵੀਂ ਨੇ ਸ਼ਾਟ ਪੁੱਟ ਵਿੱਚ ਪਹਿਲਾ ਸਥਾਨ ਹਾਸਲ ਕੀਤਾ। 4ਗ100 ਮੀਟਰ ਰਿਲੇਅ ਦੌੜ ਵਿੱਚ ਰਾਜਵੀਰ ਸਿੰਘ, ਸੂਰਜ ਕੁਮਾਰ, ਅਵਿਜੋਤ ਸਿੰਘ ਅਤੇ ਗੁਰਜੋਤ ਸਿੰਘ ਸਿੱਧੂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸ਼ਾਨਵੀਰ ਸ਼ਰਮਾ, ਕਲਾਸ 8ਵੀਂ ਨੇ ਡਿਸਕਸ ਥਰੋ ਵਿੱਚ ਦੂਜਾ ਸਥਾਨ, ਜਦਕਿ ਰਣਬੀਰ ਸਿੰਘ, ਕਲਾਸ 7ਵੀਂ ਨੇ 600 ਮੀਟਰ ਦੌੜ ਵਿੱਚ ਦੂਜਾ ਸਥਾਨ ਹਾਸਲ ਕੀਤਾ। ਅੰਡਰ-17 ਵਰਗ ਵਿੱਚ ਸੁਖਪਾਲ ਸਿੰਘ, ਕਲਾਸ +1 ਨੇ ਲੰਬੀ ਛਾਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। 4ਗ100 ਮੀਟਰ ਰਿਲੇਅ ਵਿੱਚ ਸੁਖਪਾਲ ਸਿੰਘ ਅਤੇ ਹਰਵੀਰ ਸਿੰਘ (ਕਲਾਸ +1), ਬਾਗਦੀਪ ਸਿੰਘ ਅਤੇ ਗੁਰਵਿੰਦਰ ਸਿੰਘ (ਕਲਾਸ 9ਵੀਂ) ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਪ੍ਰਿੰਸੀਪਲ ਸ੍ਰੀਮਤੀ ਕਮਲਜੀਤ ਕੌਰ ਨੇ ਸਾਰੇ ਜੇਤੂ ਵਿਦਿਆਰਥੀਆਂ, ਡੀ.ਪੀ.ਈ ਰਣਜੀਤ ਸਿੰਘ ਅਤੇ ਸਮੂਹ ਸਟਾਫ਼ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਵੀ ਸਾਰੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਲਗਨ ਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹੈ ਅਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਰਚਰੀ ਦੇ ਸਟੇਟ ਪੱਧਰੀ ਮੁਕਾਬਲਿਆਂ ਲਈ 16 ਵਿਦਿਆਰਥੀਆਂ ਸਮੇਤ ਸਕੂਲ ਦੀ ਟੀਮ ਪਟਿਆਲਾ ਰਵਾਨਾ

ਸ੍ਰੀ ਹਰਗੋਬਿੰਦਪੁਰ, 21 ਸਤੰਬਰ (ਪ੍ਰਦੀਪ ਸਿੰਘ ਬੇਦੀ):

ਇੱਕ ਸਾਲਾ ਬੱਚਾ ਲਾਪਤਾ, ਪਰਿਵਾਰ ਦਾ ਦੋਸ਼ - ਕਾਰਵਾਈ ਦੀ ਥਾਂ ਪੁਲਿਸ ਸਾਡੇ 'ਤੇ ਹੀ ਬੱਚਾ ਵੇਚਣ ਦੇ ਲਾ ਰਹੀ ਦੋਸ਼

ਜਲੰਧਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ)ਭਗਤ ਸਿੰਘ ਕਾਲੋਨੀ ਵਿੱਚ ਇੱਕ ਸਾਲਾ ਬੱਚੇ ਰਾਜਨ ਦੇ ਲਾਪਤਾ ਹੋਣ ਦਾ ਮਾਮਲਾ ਗੰਭੀਰ ਹੁੰਦਾ ਜਾ ਰਿਹਾ ਹੈ। ਬੱਚੇ ਦੇ ਲਾਪਤਾ ਹੋਏ ਕਰੀਬ ਇੱਕ ਹਫ਼ਤਾ ਬੀਤ ਜਾਣ ਦੇ ਬਾਵਜੂਦ ਉਸ ਦਾ ਕੋਈ ਸੁਰਾਗ ਨਾ ਮਿਲਣ ਕਾਰਨ ਪਰਿਵਾਰ ਵਿੱਚ ਭਾਰੀ ਰੋਸ ਅਤੇ ਚਿੰਤਾ ਪਾਈ ਜਾ ਰਹੀ ਹੈ। ਸੋਮਵਾਰ ਨੂੰ ਪੀੜਤ ਪਰਿਵਾਰ ਨੇ ਬੱਚੇ ਦੀ ਭਾਲ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਸੜਕ 'ਤੇ ਧਰਨਾ ਲਗਾ ਕੇ ਰਸਤਾ ਜਾਮ ਕਰ ਦਿੱਤਾ। ਬੱਚੇ ਦੇ ਪਿਤਾ ਸ਼ੰਕਰ ਨੇ ਦੱਸਿਆ ਕਿ ਉਸ ਦੇ ਅੱਠ ਬੱਚੇ ਹਨ, ਜਿਨ੍ਹਾਂ ਵਿੱਚ ਤਿੰਨ ਧੀਆਂ ਅਤੇ ਪੰਜ ਪੁੱਤਰ ਹਨ। ਸਭ ਤੋਂ ਛੋਟਾ ਪੁੱਤਰ ਰਾਜਨ ਹੈ, ਜਿਸ ਦੀ ਉਮਰ ਕਰੀਬ ਇੱਕ ਸਾਲ ਹੈ। ਸ਼ੰਕਰ ਅਨੁਸਾਰ 15 ਸਤੰਬਰ ਦੀ ਰਾਤ ਉਹ ਆਪਣੇ ਪੁੱਤਰ ਰਾਜਨ ਨਾਲ ਘਰ ਵਿੱਚ ਸੁੱਤਾ ਹੋਇਆ ਸੀ। ਰਾਤ ਕਰੀਬ ਢਾਈ ਵਜੇ ਜਦੋਂ ਉਸ ਦੀ ਅੱਖ ਖੁੱਲ੍ਹੀ ਤਾਂ ਰਾਜਨ ਉਸ ਦੇ ਕੋਲ ਨਹੀਂ ਸੀ। ਪਰਿਵਾਰ ਨੇ ਤੁਰੰਤ ਬੱਚੇ ਦੀ ਭਾਲ ਸ਼ੁਰੂ ਕੀਤੀ ਅਤੇ ਮਾਮਲੇ ਸਬੰਧੀ ਥਾਣਾ ਨੰਬਰ-1 ਦੀ ਪੁਲਿਸ ਨੂੰ ਸ਼ਿਕਾਇਤ ਦਿੱਤੀ। ਪਰਿਵਾਰ ਦਾ ਦੋਸ਼ ਹੈ ਕਿ ਬੱਚੇ ਦੀ ਭਾਲ ਵਿੱਚ ਮਦਦ ਕਰਨ ਦੀ ਬਜਾਏ ਪੁਲਿਸ ਵੱਲੋਂ ਉਨ੍ਹਾਂ 'ਤੇ ਹੀ ਬੱਚਾ ਵੇਚਣ ਵਰਗੇ ਦੋਸ਼ ਲਗਾਏ ਜਾ ਰਹੇ ਹਨ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਜੇਕਰ ਉਨ੍ਹਾਂ ਨੇ ਬੱਚਾ ਵੇਚਣਾ ਹੁੰਦਾ ਤਾਂ ਉਹ ਖੁਦ ਪੁਲਿਸ ਕੋਲ ਸ਼ਿਕਾਇਤ ਲੈ ਕੇ ਕਿਉਂ ਜਾਂਦੇ। ਉਨ੍ਹਾਂ ਕਿਹਾ ਕਿ ਉਹ ਪਿਛਲੇ ਕਈ ਦਿਨਾਂ ਤੋਂ ਥਾਣੇ ਦੇ ਚੱਕਰ ਲਗਾ ਰਹੇ ਹਨ ਪਰ ਅਜੇ ਤੱਕ ਬੱਚੇ ਦਾ ਕੋਈ ਪਤਾ ਨਹੀਂ ਲੱਗ ਸਕਿਆ। ਇਨਸਾਫ਼ ਦੀ ਮੰਗ ਨੂੰ ਲੈ ਕੇ ਸੜਕ ਜਾਮ ਪਰਿਵਾਰ ਨੇ ਦੱਸਿਆ ਕਿ ਬੱਚੇ ਦੀ ਭਾਲ ਵਿੱਚ ਕੋਈ ਠੋਸ ਕਾਰਵਾਈ ਨਾ ਹੋਣ ਕਾਰਨ ਉਹ ਮਜਬੂਰੀ ਵਿੱਚ ਸੜਕ 'ਤੇ ਉਤਰੇ ਹਨ। ਇਸ ਦੌਰਾਨ ਫੈਕਟਰੀ ਮਾਲਕ ਦੀਪਕ ਸੂਰੀ ਵੀ ਪਰਿਵਾਰ ਦੇ ਹੱਕ ਵਿੱਚ ਉਨ੍ਹਾਂ ਨਾਲ ਧਰਨੇ ਵਿੱਚ ਸ਼ਾਮਲ ਹੋਏ। ਰਸਤਾ ਜਾਮ ਹੋਣ ਕਾਰਨ ਆਮ ਲੋਕਾਂ ਨੂੰ ਆਵਾਜਾਈ ਵਿੱਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਇਸ ਦੌਰਾਨ ਪੰਜਾਬੀ ਅਤੇ ਪ੍ਰਵਾਸੀ ਲੋਕਾਂ ਵਿਚਕਾਰ ਵੀ ਤਿੱਖੀ ਬਹਿਸ ਹੋਈ। ਕੁਝ ਲੋਕਾਂ ਦਾ ਕਹਿਣਾ ਸੀ ਕਿ ਉਨ੍ਹਾਂ ਨੂੰ ਪਰਿਵਾਰ ਦੇ ਬੱਚੇ ਦੇ ਲਾਪਤਾ ਹੋਣ ਦਾ ਦੁੱਖ ਹੈ, ਪਰ ਰਸਤਾ ਜਾਮ ਹੋਣ ਕਾਰਨ ਉਨ੍ਹਾਂ ਨੂੰ ਆਪਣੇ ਕੰਮਾਂ ਲਈ ਜਾਣ ਵਿੱਚ ਮੁਸ਼ਕਲ ਆ ਰਹੀ ਹੈ। ਇਸ ਕਾਰਨ ਮੌਕੇ 'ਤੇ ਕਾਫ਼ੀ ਦੇਰ ਤੱਕ ਹੰਗਾਮੇ ਵਾਲੀ ਸਥਿਤੀ ਬਣੀ ਰਹੀ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਉੱਧਰ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਉਹ ਇਨਸਾਫ਼ ਨਾ ਮਿਲਣ ਕਾਰਨ ਸੜਕ 'ਤੇ ਉਤਰਨ ਲਈ ਮਜਬੂਰ ਹੋਏ ਹਨ। ਉਨ੍ਹਾਂ ਦੀ ਮੰਗ ਹੈ ਕਿ ਪੁਲਿਸ ਬੱਚੇ ਦੀ ਗੰਭੀਰਤਾ ਨਾਲ ਭਾਲ ਕਰੇ ਅਤੇ ਉਸ ਨੂੰ ਜਲਦ ਤੋਂ ਜਲਦ ਬਰਾਮਦ ਕੀਤਾ ਜਾਵੇ। 'ਜੇ ਬੱਚਾ ਵੇਚਿਆ ਹੁੰਦਾ ਤਾਂ ਥਾਣੇ ਸ਼ਿਕਾਇਤ ਕਰਨ ਕਿਉਂ ਆਉਂਦੇ' ਦੀਪਕ ਸੂਰੀ ਨੇ ਪਰਿਵਾਰ ਦੀ ਗੱਲ ਰੱਖਦਿਆਂ ਕਿਹਾ ਕਿ ਬੱਚੇ ਦੇ ਪਿਤਾ ਸ਼ੰਕਰ ਦਾ ਸਵਾਲ ਹੈ ਕਿ ਜੇਕਰ ਉਨ੍ਹਾਂ ਨੇ ਬੱਚਾ ਵੇਚਿਆ ਹੁੰਦਾ ਤਾਂ ਉਹ ਪੁਲਿਸ ਕੋਲ ਸ਼ਿਕਾਇਤ ਕਰਨ ਕਿਉਂ ਜਾਂਦੇ। ਪਰਿਵਾਰ ਨੇ ਦਾਅਵਾ ਕੀਤਾ ਕਿ ਬਸਤੀ ਬਾਵਾ ਖੇਲ ਇਲਾਕੇ ਤੋਂ ਪਹਿਲਾਂ ਲਾਪਤਾ ਹੋਏ ਇੱਕ ਬੱਚੇ ਨੂੰ ਪੁਲਿਸ ਨੇ ਕੁਝ ਹੀ ਘੰਟਿਆਂ ਵਿੱਚ ਬਰਾਮਦ ਕਰ ਲਿਆ ਸੀ, ਪਰ ਉਨ੍ਹਾਂ ਦੇ ਮਾਮਲੇ ਵਿੱਚ ਅਜੇ ਤੱਕ ਕੋਈ ਸਫਲਤਾ ਨਹੀਂ ਮਿਲੀ। ਪਰਿਵਾਰ ਨੇ ਪੁਲਿਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਬੱਚੇ ਦੀ ਭਾਲ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇ। ਮੌਕੇ 'ਤੇ ਪੁਲਿਸ ਦੀ ਮੌਜੂਦਗੀ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਲੋਕਾਂ ਵਿਚਕਾਰ ਸਥਿਤੀ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਗਈ।

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅਮਰਜੀਤ ਸਿੰਘ ਚਾਵਲਾ ਮਾਮਲੇ 'ਚ ਜਥੇਦਾਰ ਨੂੰ ਮੰਗ ਪੱਤਰ

ਅੰਮ੍ਰਿਤਸਰ 21 ਸਤੰਬਰ (ਰਾਜੇਸ਼ ਡੈਨੀ) ਅੱਜ ਅਮਰਜੀਤ ਸਿੰਘ ਚਾਵਲਾ ਮਾਮਲੇ ਸਬੰਧੀ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮੰਗ ਪੱਤਰ ਸੌਂਪ ਕੇ ਮਾਮਲੇ ਨਾਲ ਸਬੰਧਤ ਸਾਰੇ ਵਿਅਕਤੀਆਂ ਦੀ ਭੂਮਿਕਾ ਦੀ ਨਿਰਪੱਖ ਅਤੇ ਵਿਸਥਾਰਪੂਰਵਕ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ। ਮੰਗ ਪੱਤਰ ਦੇਣ ਵਾਲੇ ਵਫ਼ਦ ਦੀ ਅਗਵਾਈ ਅਕਾਲੀ ਦਲ ਵਾਰਿਸ ਪੰਜਾਬ ਦੇ ਯੂਥ ਪ੍ਰਧਾਨ ਸਰਦਾਰ ਸੁਖਦੇਵ ਸਿੰਘ ਕਾਦੀਆਂ ਨੇ ਕੀਤੀ। ਇਸ ਮੌਕੇ ਮੁੱਖ ਤੌਰ 'ਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਅਮਨਦੀਪ ਸਿੰਘ ਡੱਡੂਵਾਣਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਡਾਕਟਰ ਬਰਿੰਦਰ ਸਿੰਘ, ਸ੍ ਸਵਿੰਦਰ ਸਿੰਘ ਸਾਂਘਣਾਂ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਰਮਨਦੀਪ ਸਿੰਘ ਤੇ ਹੋਰ ਪਾਰਟੀ ਵਰਕਰ ਮੌਜੂਦ ਸਨ। ਇਸ ਮੌਕੇ ਤੇ ਭਾਈ ਸੁਖਦੇਵ ਸਿੰਘ ਕਾਦੀਆਂ ਨੇ ਕਿਹਾ ਕਿ ਇਹ ਮਾਮਲਾ ਬੇਹੱਦ ਗੰਭੀਰ ਹੈ ਅਤੇ ਕੇਵਲ ਇੱਕ-ਦੋ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕਰਕੇ ਪੂਰੇ ਮਾਮਲੇ 'ਤੇ ਪਰਦਾ ਨਹੀਂ ਪਾਇਆ ਜਾ ਸਕਦਾ। ਐਫ.ਆਈ.ਆਰ. ਅਤੇ ਸਬੰਧਤ ਬਿਆਨਾਂ ਵਿੱਚ ਜਿਨ੍ਹਾਂ ਵਿਅਕਤੀਆਂ ਦੀ ਭੂਮਿਕਾ ਜਾਂ ਨਾਮ ਸਾਹਮਣੇ ਆਏ ਹਨ, ਉਨ੍ਹਾਂ ਸਾਰਿਆਂ ਦੀ ਨਿਰਪੱਖ ਜਾਂਚ ਕਰਵਾਈ ਜਾਣੀ ਚਾਹੀਦੀ ਹੈ। ਇਸ ਮੌਕੇ ਉਹਨਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਦੀ ਵੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜਦੋਂ ਗੁਰੂ ਘਰ ਨਾਲ ਜੁੜੇ ਕਿਸੇ ਗੰਭੀਰ ਮਾਮਲੇ ਵਿੱਚ ਪ੍ਰਬੰਧਕੀ ਜ਼ਿੰਮੇਵਾਰੀਆਂ ਅਤੇ ਪਾਰਦਰਸ਼ਤਾ 'ਤੇ ਸਵਾਲ ਖੜ੍ਹੇ ਹੋਣ ਤਾਂ ਸੰਗਤ ਦੇ ਭਰੋਸੇ ਨੂੰ ਬਹਾਲ ਕਰਨ ਲਈ ਜਵਾਬਦੇਹੀ ਤੈਅ ਹੋਣੀ ਲਾਜ਼ਮੀ ਹੈ। ਇਸ ਮੌਕੇ ਬਾਕੀ ਆਗੂਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਸਿੱਖ ਸੰਸਥਾਵਾਂ ਦੀ ਮਰਿਆਦਾ ਅਤੇ ਸੰਗਤ ਦਾ ਭਰੋਸਾ ਕਿਸੇ ਵੀ ਵਿਅਕਤੀ ਵਿਸ਼ੇਸ਼ ਤੋਂ ਉੱਪਰ ਹੈ। ਇਸ ਲਈ ਅਹੁਦਾ ਭਾਵੇਂ ਕਿਸੇ ਦਾ ਵੀ ਹੋਵੇ, ਉਸ ਦੀ ਭੂਮਿਕਾ ਦੀ ਨਿਰਪੱਖ ਪੜਤਾਲ ਹੋਣੀ ਚਾਹੀਦੀ ਹੈ ਅਤੇ ਜਿਸ ਜਿਸ ਵਿਅਕਤੀ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਅਨੁਸਾਰ ਕਾਰਵਾਈ ਹੋਵੇ। ਮੰਗ ਪੱਤਰ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪ੍ਰਬੰਧ ਨਾਲ ਜੁੜੇ ਸਵਾਲਾਂ, ਸ਼੍ਰੋਮਣੀ ਕਮੇਟੀ ਦੀਆਂ ਸਰਾਵਾਂ ਦੇ ਪ੍ਰਬੰਧ ਵਿੱਚ ਪਾਰਦਰਸ਼ਤਾ ਲਿਆਉਣ, ਸਰਾਵਾਂ ਵਿੱਚ ਠਹਿਰਨ ਵਾਲੇ ਵਿਅਕਤੀਆਂ ਦਾ ਰਿਕਾਰਡ ਡਿਜੀਟਲ ਕਰਨ ਅਤੇ ਉਸ ਨੂੰ ਪਾਰਦਰਸ਼ੀ ਬਣਾਉਣ ਦੀ ਮੰਗ ਵੀ ਕੀਤੀ ਗਈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਚੋਣਾਂ ਕਰਵਾਉਣ ਲਈ ਕੇਂਦਰ ਸਰਕਾਰ ਨੂੰ ਪੱਤਰ ਲਿਖਣ ਦੀ ਮੰਗ ਵੀ ਰੱਖੀ ਗਈ।ਆਗੂਆਂ ਨੇ ਕਿਹਾ ਕਿ ਸੰਗਤ ਦੇ ਮਨ ਵਿੱਚ ਉੱਠ ਰਹੇ ਹਰ ਸਵਾਲ ਦਾ ਜਵਾਬ ਮਿਲਣਾ ਚਾਹੀਦਾ ਹੈ ਅਤੇ ਪੂਰੇ ਮਾਮਲੇ ਦੀ ਜਾਂਚ ਕਿਸੇ ਵੀ ਰਾਜਨੀਤਿਕ ਜਾਂ ਸੰਸਥਾਗਤ ਪ੍ਰਭਾਵ ਤੋਂ ਮੁਕਤ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੱਚ ਨੂੰ ਸਾਹਮਣੇ ਲਿਆਉਣਾ ਅਤੇ ਸਿੱਖ ਸੰਸਥਾਵਾਂ ਦੀ ਮਰਿਆਦਾ ਤੇ ਭਰੋਸੇ ਨੂੰ ਬਹਾਲ ਕਰਨਾ ਹੀ ਇਸ ਸਮੇਂ ਸਭ ਤੋਂ ਵੱਡੀ ਲੋੜ ਹੈ।

ਵਿਸ਼ਵ ਪ੍ਰਸਿੱਧ ਫੋਟੋਗ੍ਰਾਫਰ ਹਰਭਜਨ ਬਾਜਵਾ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ

ਬਟਾਲਾ, 21 ਸਤੰਬਰ (ਸੰਜੀਵ ਨਈਅਰ) ਵਿਸ਼ਵ ਪ੍ਰਸਿੱਧ ਫੋਟੋਗ੍ਰਾਫਰ ਹਰਭਜਨ ਬਾਜਵਾ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਇੱਥੋਂ ਦੇ ਕਾਹਨੂੰਵਾਨ ਰੋਡ 'ਤੇ ਸਥਿਤ ਗੁਰਦੁਆਰਾ ਸਿੰਘ ਸਭਾ ਧੁੱਪਸੜੀ 'ਚ ਹੋਇਆ। ਵੱਖ-ਵੱਖ ਖੇਤਰ ਦੀਆਂ ਸ਼ਖ਼ਸੀਅਤਾਂ ਨੇ ਆਪਣੇ ਸੰਬੋਧਨ ਦੌਰਾਨ ਮਰਹੂਮ ਬਾਜਵਾ ਨਾਲ ਗੁਜ਼ਾਰੇ ਪਲਾਂ ਨੂੰ ਜਿੱਥੇ ਬਿਆਨਿਆ, ਉੱਥੇ ਫੋਟੋਗ੍ਰਾਫੀ 'ਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ। ਰਾਗੀ ਜਥੇ ਨੇ ਕੀਰਤਨ ਕਰਕੇ ਸੰਗਤਾਂ ਦਾ ਧਿਆਨ ਗੁਰੂ ਚਰਨਾਂ ਨਾਲ ਜੋੜੀ ਰੱਖਿਆ। ਅੰਤਿਮ ਅਰਦਾਸ ਮੌਕੇ ਗਗਨਦੀਪ ਸਿੰਘ ਵਿਰਕ ਅਤੇ ਪ੍ਰੋਫੈਸਰ ਨਰੇਸ਼ ਕੁਮਾਰ ਵੱਲੋਂ ਸੰਪਾਦਕ ਕੀਤੀ ਕਿਤਾਬ 'ਹਰਭਜਨ ਸਿੰਘ ਬਾਜਵਾ ਸਿਮਰਤੀ ਗ੍ਰੰਥ' ਰਿਲੀਜ਼ ਕਰਨ ਦੀ ਰਸਮ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਭਗਤ ਪੂਰਨ ਸਿੰਘ ਪਿੰਗਲਵਾੜਾ ਟਰੱਸਟ ਦੇ ਬੀਬੀ ਡਾ. ਇੰਦਰਜੀਤ ਕੌਰ, ਨਾਮਵਰ ਸ਼ਾਇਰ ਪ੍ਰੋਫੈਸਰ ਗੁਰਭਜਨ ਗਿੱਲ, ਸ਼ਾਇਰ ਰਵਿੰਦਰ, ਲੇਖਕ ਦੇਵਿੰਦਰ ਦੀਦਾਰ ਸਮੇਤ ਹੋਰਾਂ ਕੀਤੀ। ਫੋਟੋਗ੍ਰਾਫਰ ਬਾਜਵਾ ਦੇ ਸ਼ਰਧਾਂਜਲੀ ਸਮਾਗਮ ਮੌਕੇ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬਾਜਵਾ ਵੱਲੋਂ ਉਨ੍ਹਾਂ ਦੇ ਬਾਪ ਮਰਹੂਮ (ਜਥੇਦਾਰ ਜਗਦੇਵ ਸਿੰਘ ਖੁੱਡੀਆਂ) ਨਿਭਾਈ ਭਰਾਵਾਂ ਵਰਗੀ ਸਾਂਝ ਨੂੰ ਜਿੱਥੇ ਬਿਆਨਿਆ, ਉੱਥੇ ਬਾਜਵਾ ਵੱਲੋਂ ਬਚਪਨ ਸਮੇਂ ਉਨ੍ਹਾਂ ਦੀਆਂ ਖਿੱਚੀਆਂ ਤਸਵੀਰਾਂ ਦਾ ਜ਼ਿਕਰ ਕੀਤਾ। ਉਨ੍ਹਾਂ ਬਾਜਵਾ ਨੂੰ ਰੱਜੀ ਰੂਹ ਵਾਲਾ ਮਨੁੱਖ ਦੱਸਿਆ। ਜਦੋਂ ਕਿ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਆਪਣੇ ਸੰਖੇਪ ਸੰਬੋਧਨ ਦੌਰਾਨ ਪਿੱਛੇ ਪਾਕਿਸਤਾਨ ਤੋਂ ਆਏ ਇੱਕ ਹੀ ਪਰਿਵਾਰ ਦੀ ਅੰਸ਼-ਵੰਸ਼ ਤੋਂ ਜਾਣੂ ਕਰਵਾਇਆ। ਪਿੰਗਲਵਾੜਾ ਤੋਂ ਬੀਬੀ ਇੰਦਰਜੀਤ ਕੌਰ ਨੇ ਬਾਜਵਾ ਨੂੰ ਸਕੇ ਭਰਾ ਤੋਂ ਵੱਧ ਪਿਆਰ ਕਰਨ ਵਾਲਾ ਦੱਸਿਆ। ਪ੍ਰੋਫੈਸਰ ਗੁਰਭਜਨ ਗਿੱਲ ਨੇ ਕਿਹਾ ਕਿ ਹਰਭਜਨ ਬਾਜਵਾ ਇਕੱਲਾ ਫੋਟੋਗ੍ਰਾਫਰ ਨਹੀਂ ਸੀ, ਸਗੋਂ ਉਹ ਸ਼ਾਇਰ, ਲੇਖਕ, ਰਾਹ ਦਸੇਰਾ ਅਤੇ ਕਈ ਕਲਾਵਾਂ ਦਾ ਸੁਮੇਲ ਸੀ। ਮੰਚ ਸੰਚਾਲਨ ਸ਼ਾਇਰ ਡਾ. ਰਵਿੰਦਰ ਨੇ ਕੀਤਾ। ਇਸੇ ਤਰ੍ਹਾਂ ਵੱਖ-ਵੱਖ ਅਖ਼ਬਾਰਾਂ ਦੇ ਸੰਪਾਦਕਾਂ ਨੇ ਜਿੱਥੇ ਆਪਣੇ ਸ਼ੋਕ ਸੰਦੇਸ਼ ਭੇਜੇ, ਉੱਥੋਂ ਵਟਸਐਪ ਟੋਰਾਂਟੋ ਤੋਂ ਨਾਟਕਕਾਰ ਹੀਰਾ ਰੰਧਾਵਾ, ਖਾਲਸਾ ਕਾਲਜ ਅੰਮ੍ਰਿਤਸਰ, ਜੀ.ਐੱਨ.ਡੀ.ਯੂ. ਅੰਮ੍ਰਿਤਸਰ, ਪਟਿਆਲਾ ਯੂਨੀਵਰਸਿਟੀ, ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਸਮੇਤ ਹੋਰ ਨਾਮਵਰ ਸ਼ਖ਼ਸੀਅਤਾਂ ਦੇ ਭੇਜੇ ਸ਼ੋਕ ਸੰਦੇਸ਼ ਪੜ੍ਹੇ ਗਏ। ਇਸ ਦੌਰਾਨ ਪ੍ਰੋਫੈਸਰ ਨਰੇਸ਼ ਕੁਮਾਰ ਤੇ ਗਗਨਦੀਪ ਵਿਰਕ ਵੱਲੋਂ ਸੰਪਾਦਕ ਕੀਤੀ ਕਿਤਾਬ 'ਹਰਭਜਨ ਬਾਜਵਾ ਸਿਮਰਤੀ ਗ੍ਰੰਥ' ਨੂੰ ਰਿਲੀਜ਼ ਕੀਤਾ ਗਿਆ। ਇਸ ਮੌਕੇ 'ਤੇ ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਜੋਬਨ ਰੰਧਾਵਾ, ਫੋਟੋਗ੍ਰਾਫਰ ਐਸੋਸੀਏਸ਼ਨ ਪ੍ਰਧਾਨ ਸੁਖਜਿੰਦਰ ਸਿੰਘ ਧੁੱਪਸੜੀ, 'ਆਪ' ਆਗੂ ਜੋਬਨ ਰੰਧਾਵਾ, ਡੀ.ਪੀ.ਆਰ.ਓ. ਹਰਜਿੰਦਰ ਸਿੰਘ ਕਲਸੀ, ਸਾਬਕਾ ਰਾਜਸਭਾ ਮੈਂਬਰ ਭੁਪਿੰਦਰ ਸਿੰਘ ਮਾਨ, ਗਾਇਕ ਸਰਵਿੰਦਰ ਸਿੰਘ ਭਾਗੋਵਾਲੀਆ, ਜੋਗਿੰਦਰ ਅੰਗਰੂਲਾ, ਡਾ. ਪਰਮਜੀਤ ਸਿੰਘ ਕਲਸੀ, ਰਿਆੜਕੀ ਸੱਥ ਹਰਪੁਰਾ ਧੰਦੋਈ ਦੇ ਮੁੱਖ ਸੇਵਾਦਾਰ ਸੂਬਾ ਸਿੰਘ ਖਹਿਰਾ, ਜਰਨੈਲ ਸਿੰਘ ਮਾਹਲ ਸਮੇਤ ਹੋਰ ਹਾਜ਼ਰ ਸਨ।

ਬੀ.ਕੇ.ਯੂ. ਭਾਨੂ ਵੱਲੋਂ ਰੇਲ ਅਤੇ ਸੜਕੀ ਆਵਾਜਾਈ ਰੋਕਣ ਦੇ ਵਿਰੋਧ ਵਿੱਚ ਪ੍ਰਦਰਸ਼ਨ; ਸਰਵਣ ਸਿੰਘ ਪੰਧੇਰ ਦਾ ਪੁਤਲਾ ਸਾੜਿਆ

ਅੰਮ੍ਰਿਤਸਰ 21 ਸਤੰਬਰ (ਰਾਜੇਸ਼ ਡੈਨੀ): ਕਿਸਾਨ ਜਥੇਬੰਦੀਆਂ ਵਿਚਕਾਰ ਪਈ ਫੁੱਟ ਹੁਣ ਜਨਤਕ ਹੋ ਗਈ ਹੈ। ਅੰਮ੍ਰਿਤਸਰ ਵਿੱਚ, ਭਾਰਤੀ ਕਿਸਾਨ ਯੂਨੀਅਨ ਭਾਨੂ ਨੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਅਤੇ ਇਸ ਦੇ ਆਗੂ ਸਰਵਣ ਸਿੰਘ ਪੰਧੇਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨ ਦੌਰਾਨ, ਜਥੇਬੰਦੀ ਦੇ ਮੈਂਬਰਾਂ ਨੇ ਭੰਡਾਰੀ ਪੁਲ ਤੇ ਸਰਵਣ ਸਿੰਘ ਪੰਧੇਰ ਦਾ ਪੁਤਲਾ ਸਾੜਿਆ ਅਤੇ ਰੇਲ ਤੇ ਸੜਕੀ ਆਵਾਜਾਈ ਰੋਕ ਕੇ ਪ੍ਰਦਰਸ਼ਨ ਕਰਨ ਦੇ ਤਰੀਕੇ ਤੇ ਸਵਾਲ ਚੁੱਕੇ। ਬੀ.ਕੇ.ਯੂ. ਭਾਨੂ ਦੇ ਪੰਜਾਬ ਪ੍ਰਧਾਨ ਲਖਵਿੰਦਰ ਸਿੰਘ ਬੱਚਨ ਨੇ ਦੋਸ਼ ਲਾਇਆ ਕਿ ਸਰਵਣ ਸਿੰਘ ਪੰਧੇਰ ਲੰਬੇ ਸਮੇਂ ਤੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਧਰਨੇ ਅਤੇ ਪ੍ਰਦਰਸ਼ਨ ਕਰ ਰਹੇ ਹਨ। ਰੇਲਵੇ ਲਾਈਨਾਂ ਅਤੇ ਸੜਕਾਂ ਨੂੰ ਰੋਕਣ ਨਾਲ ਕਿਸਾਨਾਂ, ਆਮ ਜਨਤਾ, ਵਪਾਰੀਆਂ, ਮੁਲਾਜ਼ਮਾਂ ਅਤੇ ਯਾਤਰੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨ ਜਥੇਬੰਦੀਆਂ ਦੀ ਕੇਂਦਰ ਸਰਕਾਰ ਨਾਲ ਕੋਈ ਸ਼ਿਕਾਇਤ ਹੈ, ਤਾਂ ਉਨ੍ਹਾਂ ਨੂੰ ਦਿੱਲੀ ਜਾ ਕੇ ਸਬੰਧਤ ਮੰਤਰੀਆਂ ਅਤੇ ਆਗੂਆਂ ਦੇ ਦਫ਼ਤਰਾਂ ਜਾਂ ਰਿਹਾਇਸ਼ਾਂ ਬਾਹਰ ਸ਼ਾਂਤਮਈ ਧਰਨੇ ਦੇਣੇ ਚਾਹੀਦੇ ਹਨ। ਪੰਜਾਬ ਦੇ ਅੰਦਰ ਆਵਾਜਾਈ ਰੋ

ਸਰਕਾਰ ਦੀਆਂ ਲੋਕ-ਪੱਖੀ ਪ੍ਰਾਪਤੀਆਂ ਨੂੰ ਸਨੌਰ ਦੇ ਘਰ-ਘਰ ਪਹੁੰਚਾਵਾਂਗੇ :ਰਣਜੋਧ ਹਾਡਾਣਾ

ਪੰਜਾਬ ਦੇ ਹਰ ਪਰਿਵਾਰ ਨੂੰ ਸਾਲਾਨਾ1.82 ਲੱਖ ਰੁਪਏ ਦਾ ਸਿੱਧਾ ਮੁਨਾਫ਼ਾ: ਰਣਜੋਧ ਸਿੰਘ ਹਡਾਣਾ

ਸਨੌਰ, /ਦੇਵੀਗੜ੍ਹ 21 ਸਤੰਬਰ (ਰਾਜਿੰਦਰ ਸਿੰਘ ਥਿੰਦ) ਸਨੌਰ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਸਮੂਹ ਬਲਾਕ ਪ੍ਰਧਾਨਾਂ ਅਤੇ ਸੀਨੀਅਰ ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਮਾਨ ਸਰਕਾਰ ਦੀਆਂ ਲੋਕ-ਪੱਖੀ ਪ੍ਰਾਪਤੀਆਂ ਅਤੇ ਇਤਿਹਾਸਕ ਮੁਨਾਫ਼ਿਆਂ ਦੀ ਜਾਣਕਾਰੀ ਹਲਕੇ ਦੇ ਘਰ-ਘਰ ਤੱਕ ਪਹੁੰਚਾਉਣ ਦੀ ਰੂਪ-ਰੇਖਾ ਉਲੀਕੀ ਗਈ। ਹਡਾਣਾ ਨੇ ਬਲਾਕ ਪ੍ਰਧਾਨਾਂ ਨੂੰ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਸਰਕਾਰੀ ਸਕੀਮਾਂ ਤੋਂ ਵਾਂਝੇ ਰਹਿ ਗਏ ਪਰਿਵਾਰਾਂ ਨੂੰ ਮੌਕੇ @ਤੇ ਲਾਭ ਦਿਵਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਅੰਦਰ ਇਨ੍ਹਾਂ ਸਕੀਮਾਂ ਦਾ ਲਾਭ ਹਰੇਕ ਯੋਗ ਪਰਿਵਾਰ ਤੱਕ ਬਿਨਾਂ ਕਿਸੇ ਪੱਖਪਾਤ ਦੇ ਪਹੁੰਚਾਉਣਾ ਹੀ ਸਾਡੀ ਮੁੱਖ ਤਰਜੀਹ ਹੈ। ਇਸ ਮੌਕੇ ਹਲਕੇ ਸਨੌਰ ਦੇ ਸਾਰੇ ਬਲਾਕ ਇੰਚਾਰਜ ਅਤੇ ਕਈ ਆਪ ਅਹੁਦੇਦਾਰ ਮੌਜੂਦ ਸਨ. ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਦਿਆਂ ਸੂਬੇ ਦੇ ਲੋਕਾਂ ਨੂੰ ਇਤਿਹਾਸਕ ਰਾਹਤ ਦਿੱਤੀ ਗਈ ਹੈ। ਰਣਜੋਧ ਸਿੰਘ ਹਡਾਣਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਮਾਨ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਸਦਕਾ ਅੱਜ ਪੰਜਾਬ ਦੇ ਹਰੇਕ ਆਮ ਪਰਿਵਾਰ ਨੂੰ ਸਾਲਾਨਾ ਲਗਭਗ ?1,82,000 ਦਾ ਸਿੱਧਾ ਆਰਥਿਕ ਮੁਨਾਫ਼ਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਜੋ ਕਿਹਾ ਸੀ, ਉਹ ਕਰ ਵਿਖਾਇਆ ਹੈ। ਹਡਾਣਾ ਨੇ ਪਿਛਲੀਆਂ ਸਰਕਾਰਾਂ @ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਆਮ ਲੋਕਾਂ ਦੀ ਖ਼ੂਨ-ਪਸੀਨੇ ਦੀ ਕਮਾਈ ਭਾਰੀ ਬਿਜਲੀ ਬਿੱਲਾਂ, ਸਕੂਲਾਂ ਦੀਆਂ ਮੋਟੀਆਂ ਫ਼ੀਸਾਂ, ਬੱਸਾਂ ਦੇ ਕਿਰਾਏ ਅਤੇ ਹਸਪਤਾਲਾਂ ਦੀਆਂ ਦਵਾਈਆਂ-ਪਰਚੀਆਂ ਵਿੱਚ ਬਰਬਾਦ ਹੋ ਜਾਂਦੀ ਸੀ। ਪ੍ਰੰਤੂ ਭਗਵੰਤ ਮਾਨ ਨੇ ਇਹ ਸਾਰਾ ਪੈਸਾ ਆਮ ਲੋਕਾਂ ਦੀਆਂ ਜੇਬਾਂ ਵਿੱਚੋਂ ਨਿਕਲਣੋਂ ਬੰਦ ਕਰਵਾ ਦਿੱਤਾ ਹੈ, ਜੋ ਕਿ ਅੱਜ ਪਰਿਵਾਰਾਂ ਦਾ ਅਸਲ ਮੁਨਾਫ਼ਾ ਸਾਬਤ ਹੋ ਰਿਹਾ ਹੈ। ਉਨ੍ਹਾਂ ਵਿਸਥਾਰ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਦਾ ਬਿਜਲੀ ਬਿੱਲ ਜ਼ੀਰੋ ਕੀਤਾ ਗਿਆ ਹੈ ਅਤੇ ਕਿਸਾਨਾਂ ਲਈ ਖੇਤਾਂ ਦੀਆਂ ਮੋਟਰਾਂ ਵਾਸਤੇ ਦਿਨ ਵੇਲੇ ਲਗਾਤਾਰ 8 ਘੰਟੇ ਮੁਫ਼ਤ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਮਹਿਲਾ ਸਸ਼ਕਤੀਕਰਨ ਤਹਿਤ ਔਰਤਾਂ ਨੂੰ ?1,000 ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ?1,500 ਪ੍ਰਤੀ ਮਹੀਨਾ ਸ਼ੁਰੂ ਕਰਨ ਦੇ ਨਾਲ ਨਾਲ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ, ਵਰਦੀਆਂ ਤੇ ਕਿਤਾਬਾਂ ਮੁਫ਼ਤ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਟੈਸਟ ਤੇ ਦਵਾਈਆਂ ਲੋਕਾਂ ਦੇ ਘਰਾਂ ਤੱਕ ਪਹੁੰਚ ਰਹੀਆਂ ਹਨ। ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਦਿਆਂ ਬੁਢਾਪਾ ਪੈਨਸ਼ਨ ਵਿੱਚ ਵਾਧਾ, ਆਸਾਨ ਰਾਸ਼ਨ ਸੁਵਿਧਾ, ਬਜ਼ੁਰਗਾਂ ਲਈ ਮੁਫ਼ਤ ਤੀਰਥ ਯਾਤਰਾ ਅਤੇ ਐੱਸ.ਸੀ./ਬੀ.ਸੀ. ਪਰਿਵਾਰਾਂ ਵਿੱਚ ਧੀਆਂ ਦੇ ਵਿਆਹ ਲਈ @ਆਸ਼ੀਰਵਾਦ ਸਕੀਮ@ ਦਾ ਲਾਭ ਦਿੱਤਾ ਜਾ ਰਿਹਾ ਹੈ।

ਪਟਿਆਲਾ ਦੇ ਵਿਧਾਇਕ ਕੋਹਲੀ ਵੱਲੋਂ ਲੋਕ ਮਿਲਣੀ ਸਮੇਂ ਲੋਕਾਂ ਦੀਆਂ ਮੁਸ਼ਕਿਲਾਂ ਕੀਤੀਆਂ ਹੱਲ

ਸੂਬੇ ਦੀਆਂ 75 ਲੱਖ ਔਰਤਾਂ ਨੂੰ ਮਿਲ ਰਹੇ ਹਨ 1,000 ਤੋਂ 1,500 ਰੁਪਏ ਪ੍ਰਤੀ ਮਹੀਨਾ: ਅਜੀਤਪਾਲ ਕੋਹਲੀ

ਪਟਿਆਲਾ 21 ਸਤੰਬਰ (ਰਾਜਿੰਦਰ ਸਿੰਘ ਥਿੰਦ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀ ਕਰਨ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਅਤੇ ਸਿਹਤ ਯੋਜਨਾ ਸਕੀਮ ਨੂੰ ਜ਼ਮੀਨੀ ਪੱਧਰ @ਤੇ ਲਾਗੂ ਕਰਨ ਵਿੱਚ ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਦੀ ਅਗਵਾਈ ਹੇਠ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ ! ਆਦਮੀ ਪਾਰਟੀ ਦੇ ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤ ਪਾਲ ਕੋਹਲੀ ਨੇ ਅੱਜ ਸਥਾਨਕ ਗੋਪਾਲ ਸਵੀਟਸ ਲੀਲਾ ਭਵਨ ਵਿਖੇ ਲੋਕ ਮਿਲਣੀ ਸਮੇਂ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਉਹਨਾਂ ਨੂੰ ਹੱਲ ਕੀਤਾ ਉਹਨਾਂ ਵੱਲੋਂ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਪਾਰਟੀ ਦੀਆਂ ਨੀਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਇਸ ਮੌਕੇ ਪੱਤਰਕਾਰਾਂ ਨਾਲ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਇਤਿਹਾਸਕ ਯੋਜਨਾ ਤਹਿਤ ਸੂਬੇ ਭਰ ਦੀਆਂ 75 ਲੱਖ ਤੋਂ ਵੱਧ ਯੋਗ ਔਰਤਾਂ ਨੂੰ ਹਰ ਮਹੀਨੇ 1,000 ਤੋਂ 1,500 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਪਿੰਡ-ਪਿੰਡ ਅਤੇ ਸ਼ਹਿਰੀ ਖੇਤਰਾਂ ਵਿੱਚ ਯੋਗ ਮਹਿਲਾਵਾਂ ਤੱਕ ਇਸ ਸਕੀਮ ਦਾ ਲਾਭ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਇਆ

ਜਾ ਰਿਹਾ ਹੈ, ਜਿਸ ਸਦਕਾ ਹਲਕਾ ਸਨੌਰ ਇਸ ਯੋਜਨਾ ਦੇ ਲਾਭਪਾਤਰੀਆਂ ਨੂੰ ਲਾਭ ਪਹੁੰਚਾਉਣ ਵਿੱਚ ਪੰਜਾਬ ਵਿੱਚ ਦੂਜੇ ਨੰਬਰ ਤੇ ਉਹਨਾਂ ਨੇ ਅੱਗੇ ਕਿਹਾ ਕਿ ਪੰਜਾਬ ਦੀਆਂ ਧੀਆਂ ਅੱਜ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਤੇ ਮਾਨ ਸਰਕਾਰ ਵੱਲੋਂ 29,000 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ 3 ਲੱਖ ਔਰਤਾਂ ਨੂੰ 631 ਕਰੋੜ ਰੁਪਏ ਦੇ ਵਿਆਜ-ਮੁਕਤ ਕਰਜ਼ੇ ਦੇ ਕੇ ਉਨ੍ਹਾਂ ਨੂੰ ਆਪਣੇ ਪੈਰਾਂ @ਤੇ ਖੜ੍ਹਾ ਕੀਤਾ ਗਿਆ ਹੈ। ਉਨ੍ਹਾਂ ਆਖਿਆ ਕਿ ਮਾਨ ਸਰਕਾਰ ਦਾ ਮੁੱਖ ਮਨੋਰਥ ਔਰਤਾਂ ਨੂੰ ਆਰਥਿਕ ਤੌਰ @ਤੇ ਆਤਮ-ਨਿਰਭਰ ਬਣਾ ਕੇ ਸਮਾਜ ਵਿੱਚ ਉਨ੍ਹਾਂ ਦਾ ਮਾਣ-ਸਨਮਾਨ ਹੋਰ ਵਧਾਉਣਾ ਹੈ ਅਤੇ ਇਸ ਨੇਕ ਕਾਰਜ ਲਈ ਪੰਜਾਬ ਸਰਕਾਰ ਵਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ ਹੈ ਉਹਨਾਂ ਕਿਹਾ ਕਿ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਦੀ ਸੁਵਿਧਾ ਦੇ ਨਾਲ-ਨਾਲ ਸੂਬੇ ਭਰ ਵਿੱਚ ਖੋਲ੍ਹੇ ਗਏ ਮੁਹੱਲਾ ਕਲੀਨਿਕਾਂ ਨੇ ਸਿਹਤ ਖੇਤਰ ਚ ਲੋਕਾਂ ਨੂੰ ਵਧਿਆ ਅਤੇ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ! ਕੋਹਲੀ ਨੇ ਕਿਹਾ ਕਿ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਲੋਕ-ਪੱਖੀ ਯੋਜਨਾ ਤਹਿਤ ਪਿਛਲੇ ਸਿਰਫ਼ 7 ਮਹੀਨਿਆਂ ਦੌਰਾਨ ਸੂਬੇ ਦੇ 6 ਲੱਖ ਤੋਂ ਵੱਧ ਮਰੀਜ਼ਾਂ ਨੂੰ ਵੱਡੇ ਸਰਕਾਰੀ ਅਤੇ ਸੂਚੀ ਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਬਿਹਤਰੀਨ ਸਿਹਤ ਸਹੂਲਤਾਂ ਮਿਲੀਆਂ ਰਹੀਆਂ ਹਨ ÷ ! ਪੰਜਾਬ ਦੀਆਂ ਧੀਆਂ ਅੱਜ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਤੇ ਮਾਨ ਸਰਕਾਰ ਵੱਲੋਂ 29,000 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ 3 ਲੱਖ ਔਰਤਾਂ ਨੂੰ 631 ਕਰੋੜ ਰੁਪਏ ਦੇ ਵਿਆਜ-ਮੁਕਤ ਕਰਜ਼ੇ ਦੇ ਕੇ ਉਨ੍ਹਾਂ ਨੂੰ ਆਪਣੇ ਪੈਰਾਂ @ਤੇ ਖੜ੍ਹਾ ਕੀਤਾ ਗਿਆ ਹੈ।

ਧਰਮਕੋਟ ਹਲਕੇ ਵਿੱਚ 2027 ਦੀਆਂ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਦੀਆਂ ਸਰਗਰਮੀਆਂ ਤੇਜ਼ : ਵਿਧਾਇਕ ਢੋਸ

ਕੋਟ ਇਸੇ ਖਾਂ 21 ਸਤੰਬਰ (ਸੰਜੀਵ ਸੂਦ) ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਹੌਲੀ-ਹੌਲੀ ਤੇਜ਼ ਹੋਣ ਲੱਗੀਆਂ ਹਨ। ਹਲਕੇ ਵਿੱਚ ਵੀ ਆਪਣੇ ਵਰਕਰਾਂ ਅਤੇ ਆਗੂਆਂ ਨਾਲ ਰਾਬਤਾ ਵਧਾਉਣ ਦਾ ਦੌਰ ਜਾਰੀ ਹੈ। ਇਸੇ ਤਹਿਤ ਆਮ ਆਦਮੀ ਪਾਰਟੀ ਵੱਲੋਂ ਵੀ ਹਲਕੇ ਅੰਦਰ ਲੋਕਾਂ ਨਾਲ ਸੰਪਰਕ ਅਤੇ ਜਥੇਬੰਦਕ ਗਤੀਵਿਧੀਆਂ ਨੂੰ ਲੈ ਕੇ ਸਰਗਰਮੀ ਦਿਖਾਈ ਜਾ ਰਹੀ ਹੈ। ਪ੍ਰੈਸ ਨਾਲ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਬਣਾਈ ਰੱਖਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਲੋਕਾਂ ਦੀਆਂ ਸਮੱਸਿਆਵਾਂ, ਸੁਝਾਅ ਅਤੇ ਉਮੀਦਾਂ ਨੂੰ ਸੁਣਨਾ ਬਹੁਤ ਜ਼ਰੂਰੀ ਹੈ ਅਤੇ ਉਹ ਲਗਾਤਾਰ ਲੋਕਾਂ ਵਿਚਕਾਰ ਰਹਿ ਕੇ ਉਨ੍ਹਾਂ ਦੀਆਂ ਗੱਲਾਂ ਸੁਣਨ ਨੂੰ ਪਹਿਲ ਦੇ ਰਹੇ ਹਨ।

ਵਿਧਾਇਕ ਲਾਡੀ ਢੋਸ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਰਕਰ ਪਿੰਡਾਂ ਅਤੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਲੋਕਾਂ ਨਾਲ ਸੰਪਰਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਸਰਗਰਮੀਆਂ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਸਮਝਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵਿਧਾਇਕ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਹੋਰ ਵੀ ਵਧਣਗੀਆਂ ਅਤੇ ਪਿੰਡ-ਪਿੰਡ ਤੇ ਵਾਰਡ-ਵਾਰਡ ਪੱਧਰ 'ਤੇ ਵਰਕਰਾਂ ਨਾਲ ਸੰਪਰਕ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਬਹੁਤ ਜ਼ਰੂਰੀ ਹੈ ਅਤੇ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਆਉਣ ਵਾਲੇ ਸਮੇਂ ਵਿੱਚ ਸਿਆਸੀ ਸਰਗਰਮੀਆਂ ਵਧਣੀਆਂ ਸੁਭਾਵਿਕ ਹਨ। ਹਾਲਾਂਕਿ ਚੋਣਾਂ ਦੀ ਅਧਿਕਾਰਤ ਤਾਰੀਖ ਹਾਲੇ ਤੈਅ ਨਹੀਂ ਹੋਈ, ਪਰ ਪਾਰਟੀਆਂ ਵੱਲੋਂ ਆਪਣੇ ਸੰਗਠਨ ਅਤੇ ਲੋਕ ਸੰਪਰਕ ਨੂੰ ਮਜ਼ਬੂਤ ਕਰਨ ਦੀਆਂ ਗਤੀਵਿਧੀਆਂ ਜਾਰੀ ਹਨ। ਉਨਾ ਕਿਹਾ ਕਿ ਉਨ੍ਹਾਂ ਲਈ ਹਲਕੇ ਦੇ ਲੋਕਾਂ ਨਾਲ ਬਣਿਆ ਰਿਸ਼ਤਾ ਅਤੇ ਲੋਕਾਂ ਦੀ ਸੇਵਾ ਸਭ ਤੋਂ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹਲਕੇ ਦੇ ਵਿਕਾਸ ਨਾਲ ਸਬੰਧਤ ਮਾਮਲਿਆਂ ਨੂੰ ਅੱਗੇ ਲਿਜਾਣ ਲਈ ਯਤਨ ਜਾਰੀ ਰਹਿਣਗੇ। ਕੈਪਸ਼ਨ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦੇ ਹੋਏ ਹਲਕਾ ਵਿਧਾਇਕ ਢੋਸ ।

2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਨੇ ਤੇਜ਼ ਕੀਤੀਆਂ ਸਰਗਰਮੀਆਂ : ਮਸਤੇਵਾਲਾ

ਕੋਟ ਇਸੇ ਖਾਂ 21 ਸਤੰਬਰ (ਸੰਜੀਵ ਸੂਦ) ਪੰਜਾਬ ਵਿੱਚ ਹੋਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ। ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਜਾਣਨ ਲਈ ਮੀਟਿੰਗਾਂ ਅਤੇ ਜਨਸੰਪਰਕ ਮੁਹਿੰਮ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਇਸ ਸਬੰਧੀ ਪ੍ਰੈਸ ਨਾਲ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦਿਆਂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਅਤੇ ਸੀਨੀਅਰ ਕਾਂਗਰਸੀ ਆਗੂ ਸ਼ਵਾਜ ਸਿੰਘ ਭੋਲਾ ਮਸਤੇਵਾਲਾ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵਿੱਚ ਪੂਰਾ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣ ਲਈ ਹਰ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਸ਼ਵਾਜ ਸਿੰਘ ਭੋਲਾ ਮਸਤੇਵਾਲਾ ਨੇ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਮਜ਼ਬੂਤੀ ਉਸ ਦੇ ਜ਼ਮੀਨੀ ਪੱਧਰ 'ਤੇ ਸਰਗਰਮ ਵਰਕਰਾਂ ਨਾਲ ਹੁੰਦੀ ਹੈ। ਇਸ ਲਈ ਕਾਂਗਰਸ ਪਾਰਟੀ ਵੱਲੋਂ ਪਾਰਟੀ ਵਰਕਰਾਂ ਨੂੰ ਇਕਜੁੱਟ ਕਰਕੇ ਬੂਥ ਪੱਧਰ ਤੱਕ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਰਕਰਾਂ ਨਾਲ ਮੀਟਿੰਗਾਂ ਕਰਕੇ ਆਉਣ ਵਾਲੀਆਂ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਕੈਪਸ਼ਨ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦੇ ਹੋਏ ਸ਼ਵਾਜ ਸਿੰਘ ਭੋਲਾ ਮਸਤੇਵਾਲਾ ।

ਬੇਸਹਾਰਾ ਗਊ ਸੇਵਾ ਸੰਮਤੀ ਸਰਦੂਲਗੜ੍ਹ ਦੀ ਕਮੇਟੀ ਦੀ ਸਰਬਸੰਮਤੀ ਨਾਲ ਚੋਣ

ਸਰਦੂਲਗੜ੍ਹ 21 ਸਤੰਬਰ (ਧਰਮ ਚੰਦ ਸਿੰਗਲਾ) ਬੀਤੇ ਕਲ ਘੱਗਰ ਦਰਿਆ ਕੰਡੇ ਸਥਿਤ ਬੇਸਹਾਰਾ ਗਊ ਸੇਵਾ ਸੰਮਤੀ ਸਰਦੂਲਗੜ੍ਹ ਦੀ ਨਵੀਂ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਹੋਈ ਇਸ ਮੌਕੇ ਬੋਬੀ ਸਿੰਗਲਾ ਨੂੰ ਪ੍ਰਧਾਨ, ਮੁਕੇਸ਼ ਮੰਗਲਾ ਨੂੰ ਕੈਸ਼ੀਅਰ, ਬੂਗੇਸ਼ ਕਾਂਸਲ ਨੂੰ ਸੰਯੁਕਤ ਕੈਸ਼ੀਅਰ ਅਤੇ ਸੋਨੂੰ ਅਰੋੜਾ ਨੂੰ ਸਕੱਤਰ ਚੁਣਿਆ ਗਿਆ।ਨਵੀਂ ਚੁਣੀ ਗਈ ਕਮੇਟੀ ਦੇ ਅਹੁਦੇਦਾਰਾਂ ਨੇ ਇਕਜੁੱਟ ਹੋ ਕੇ ਗਊਧਾਮ ਦੀ ਸੇਵਾ, ਸੁਚਾਰੂ ਪ੍ਰਬੰਧਨ ਅਤੇ ਤਰੱ

ਬਠਿੰਡਾ ਵਿੱਚ ਨਸ਼ਾ ਮੁਕਤ ਯੁਵਾ ਫੋਰ ਵਿਕਸਿਤ ਭਾਰਤ-ਸੰਕਲਪ ਅਭਿਆਨ ਤਹਿਤ ਨੌਜਵਾਨਾਂ ਨੇ ਲਿਆ ਨਸ਼ਾ ਮੁਕਤ ਸਮਾਜ ਦਾ ਸੰਕਲਪ

ਬਠਿੰਡਾ 21 ਸਤੰਬਰ :(ਰਾਣਾ ਸ਼ਰਮਾ) ਮੇਰਾ ਯੁਵਾ ਭਾਰਤ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੀ ਵਰਤੋਂ ਪ੍ਰਤੀ ਜਾਗਰੂਕ ਕਰਨ ਅਤੇ ਸਿਹਤਮੰਦ, ਜ਼ਿੰਮੇਵਾਰ ਅਤੇ ਨਸ਼ਾ ਮੁਕਤ ਜੀਵਨਸ਼ੈਲੀ ਅਪਣਾਉਣ ਦੇ ਲਈ ਚਲਾਏ ਜਾ ਰਹੇ ਨਸ਼ਾ ਮੁਕਤ ਯੁਵਾ ਫੋਰ ਵਿਕਸਿਤ ਭਾਰਤ-ਸੰਕਲਪ ਅਭਿਆਨ ਤਹਿਤ ਬਠਿੰਡਾ ਦੇ ਮਾਤਾ ਸੁੰਦਰੀ ਗਰਲਜ਼ ਕਾਲਜ ਵਿਖੇ ਉਦਘਾਟਨੀ ਪ੍ਰੋਗਰਾਮ ਕਰਵਾਇਆ ਗਿਆ। ਜ਼ਿਲ੍ਹਾ ਯੁਵਾ ਅਧਿਕਾਰੀ ਮਿਸ਼ਾ ਨੇ ਦੱਸਿਆ ਕਿ ਪ੍ਰੋਗਰਾਮ ਵਿੱਚ ਨੌਜਵਾਨਾਂ ਨੇ ਭਾਗ ਲਿਆ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਦਾ ਸੰਕਲਪ ਲਿਆ। ਪ੍ਰੋਗਰਾਮ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ, ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਅਤੇ ਆਪਣੇ ਸਾਥੀਆਂ ਤੇ ਸਮਾਜ ਦੇ ਹੋਰ ਲੋਕਾਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਹੈ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਨੌਜਵਾਨਾਂ ਨੂੰ ਇਸ ਅਭਿਆਨ ਨਾਲ ਜੁੜ ਕੇ ਬਦਲਾਅ ਦੀ ਸ਼ੁਰੂਆਤ ਆਪਣੇ ਆਪ ਤੋਂ ਕਰਨੀ ਚਾਹੀਦੀ ਹੈ। ਵਰਿੰਦਰ ਕੌਰ ਨੇ ਕਿਹਾ ਕਿ ਨੌਜਵਾਨ ਦੇਸ਼ ਦਾ ਆਉਣ ਵਾਲਾ ਕੱਲ੍ਹ ਹਨ ਅਤੇ ਨਸ਼ਿਆਂ ਦੇ ਖਾਤਮੇ ਲਈ ਨੌਜਵਾਨਾਂ ਨੂੰ ਅੱਗੇ ਆ ਕੇ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਪ੍ਰੋਗਰਾਮ ਵਿੱਚ ਯੂਥ ਆਈਕਨ ਹੁਸਨਦੀਪ ਸਿੰਘ ਨੇ ਕਿਹਾ ਕਿ ਨੌਜਵਾਨ ਦੇਸ਼ ਦੀ ਸਭ ਤੋਂ ਮਹੱਤਵਪੂਰਨ ਤਾਕਤ ਹਨ ਅਤੇ ਨਸ਼ਿਆਂ ਵਰਗੀ ਸਮਾਜਿਕ ਚੁਣੌਤੀ ਦੇ ਵਿਰੁੱਧ ਨੌਜਵਾਨਾਂ ਦੀ ਜਾਗਰੂਕਤਾ ਅਤੇ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ। ਇਸ ਮੌਕੇ ਮਨਜਿੰਦਰ ਕੌਰ ਸਿੱਖਾ ਵੀ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਪ੍ਰੋਗਰਾਮ ਵਿੱਚ ਆਪਣੀ ਸਰਗਰਮ ਭਾਗੀਦਾਰੀ ਨਿਭਾਈ।

ਜ਼ਿਲ੍ਹਾ ਮੈਜਿਸਟਰੇਟ ਵਲੋਂ ਕੰਬਾਇਨਾਂ ਨਾਲ ਝੋਨੇ ਦੀ ਫਸਲ ਕੱਟਣ ਤੇ ਸ਼ਾਮ 6 ਤੋਂ ਸਵੇਰ 10 ਵਜੇ ਤੱਕ ਪਾਬੰਦੀ

ਮਾਲੇਰਕੋਟਲਾ 21 ਸਤੰਬਰ -(ਮੁਨਸ਼ੀ ਫ਼ਾਰੂਕ) ਜ਼ਿਲ੍ਹਾ ਮੈਜਿਸਟਰੇਟ ਵਿਰਾਜ ਐਸ. ਤਿੜਕੇ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀ.ਐਨ.ਐਸ.ਐਸ) 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਫਸਲ ਕੱਟਣ ਦੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ । ਉਹਨਾਂ ਕਿਹਾ ਕਿ ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ। ਆਮ ਤੌਰ ਤੇ ਇਹ ਵੇਖਣ ਵਿੱਚ ਆਂਉਦਾ ਹੈ ਕਿ ਝੋਨੇ ਦੀ ਕਟਾਈ ਲਈ ਕੰਬਾਇਨਾਂ ਦੇਰ ਰਾਤ ਤੱਕ ਚਲਾਈਆਂ ਜਾਂਦੀਆਂ ਹਨ। ਰਾਤ ਸਮੇਂ ਕੱਟਿਆ ਗਿੱਲਾ/ਹਰਾ ਝੋਨਾਂ ਜਦੋਂ ਮੰਡੀਆਂ ਵਿੱਚ ਵਿਕਣ ਲਈ ਜਾਂਦਾ ਹੈ ਤਾਂ ਨਮੀ ਪ੍ਰਵਾਨਿਤ ਹੱਦ ਨਾਲੋਂ ਜਿਆਦਾ ਹੋਣ ਕਰਕੇ ਖਰੀਦ ਏਜੰਸੀਆਂ ਝੋਨੇ ਦੀ ਖ਼ਰੀਦ ਕਰਨ ਤੋਂ ਝਿਜਕਦੀਆਂ ਹਨ। ਜਿਸ ਨਾਲ ਜਿੱਥੇ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ, ਉੱਥੇ ਅਸਿੱਧਾ ਅਸਰ ਦੇਸ਼ ਦੇ ਉਤਪਾਦਨ ਤੇ ਵੀ ਪੈਂਦਾ ਹੈ। ਝੋਨਾ ਨਾ ਵਿਕਣ ਕਾਰਨ ਕਿਸਾਨਾਂ ਵਿੱਚ ਰੋਸ ਪੈਦਾ ਹੁੰਦਾ ਹੈ, ਜਿਸ ਨਾਲ ਅਮਨ ਕਾਨੂੰਨ ਭੰਗ ਹੋਣ ਦੀ ਸਥਿਤੀ ਉਤਪੰਨ ਹੁੰਦੀ ਹੈ। ਉਹਨਾਂ ਕਿਹਾ ਕਿ ਪੁਰਾਣੀਆਂ ਹਾਰਵੈਸਟਰ ਕੰਬਾਇਨਾਂ ਝੋਨੇ ਦੀ ਕੁਆਲਿਟੀ ਨੂੰ ਬੁਰੀ ਤਰਾਂ ਪ੍ਰਭਾਵਿਤ ਕਰਦੀਆਂ ਹਨ, ਮਕੈਨੀਕਲ ਨੁਕਸ ਹੋਣ ਕਾਰਨ ਟੁੱਟੇ ਦਾਣਿਆਂ ਦੀ ਮਾਤਰਾ ਵੀ ਮਾਪਦੰਡਾਂ ਤੋਂ ਕਾਫੀ ਵੱਧ ਜਾਂਦੀ ਹੈ। ਜਿਸ ਕਾਰਨ ਖਰੀਦ ਏਜੰਸੀਆਂ ਝੋਨਾ ਖਰੀਦਣ ਤੋਂ ਹਿਚਕਚਾਉਂਦੀਆਂ ਹਨ। ਝੋਨੇ ਦੀ ਕਟਾਈ ਸਮੇਂ ਝੋਨੇ ਦੀ ਕੁਆਲਿਟੀ ਖਰਾਬ ਹੋਣ ਤੋਂ ਰੋਕਣ ਲਈ ਕੰਬਾਇਨਾਂ ਦੇ ਮਾਲਕ ਕਟਾਈ ਤੋਂ ਪਹਿਲਾਂ ਪੁਰਾਣੀਆਂ ਹਾਰਵੈਸਟਰ ਕੰਬਾਈਨਜ਼ ਦੀ ਨਿਰਮਾਤਾ ਕੰਪਨੀ ਅਤੇ ਖੇਤੀਬਾੜੀ ਵਿਭਾਗ ਮੁੱਖ ਖੇਤੀਬਾੜੀ ਅਫ਼ਸਰ ਤੋਂ ਇੰਸਪੈਕਸ਼ਨ ਕਰਵਾਉਣ ਅਤੇ ਕੋਈ ਵੀ ਕੰਬਾਇਨ ਹਾਰਵੈਸਟਰ ਸੁਪਰ ਐਸ.ਐਮ.ਐਸ ਲਗਾਏ ਬਗੈਰ ਨਾ ਵਰਤੀ ਜਾਵੇ । ਇਹ ਹੁਕਮ 15 ਨਵੰਬਰ 2026 ਤੱਕ ਲਾਗੂ ਰਹਿਣਗੇ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਦਾ ਸੱਦਾ

ਬਰਨਾਲਾ, 21 ਸਤੰਬਰ(ਅਵਤਾਰ ਸਿੰਘ ਫਰਵਾਹੀ) ਯੁਵਾ ਮਾਮਲੇ ਅਤੇ ਖੇਡ ਮੰਤਰਾਲਾ ਭਾਰਤ ਸਰਕਾਰ ਦੇ ਅਦਾਰੇ ਮਾਈ ਭਾਰਤ ਕੇਂਦਰ ਬਰਨਾਲਾ ਵਲੋਂ ਜ਼ਿਲ੍ਹਾ ਯੂਥ ਅਫਸਰ ਆਭਾ ਸੋਨੀ ਦੀ ਪ੍ਰਧਾਨਗੀ ਹੇਠ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਦੇ ਸਹਿਯੋਗ ਨਾਲ ÷ ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ - ਸੰਕਲਪ ਅਭਿਆਨ÷ ਤਹਿਤ ਪ੍ਰੋਗਰਾਮ ਕਰਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜ਼ਿਲ੍ਹਾ ਯੂਥ ਅਫਸਰ ਆਭਾ ਸੋਨੀ ਨੇ ਕਿਹਾ ਕਿ ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ ਨੌਜਵਾਨਾਂ ਵਲੋਂ ਚਲਾਈ ਜਾਂਦੀ ਇਕ ਰਾਸ਼ਟਰੀ ਪੱਧਰੀ ਮੁਹਿੰਮ ਹੈ, ਜਿਸ ਵਿਚ ਨੌਜਵਾਨਾਂ ਵਲੋਂ ਨਸ਼ਿਆਂ ਤੋਂ ਦੂਰ ਰਹਿਣ ਲਈ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ। ਇਸ ਮੁਹਿੰਮ ਵਿਚ ਨੌਜਵਾਨਾਂ ਵਲੋਂ ਸਿਹਤਮੰਦ, ਜ਼ਿੰਮੇਵਾਰ ਅਤੇ ਨਸ਼ਾ ਮੁਕਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਓਹਨਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਊਰਜਾ ਨੂੰ ਸਿੱਖਿਆ, ਖੇਡਾਂ, ਹੁਨਰ ਵਿਕਾਸ, ਰਚਨਾਤਮਕ ਗਤੀਵਿਧੀਆਂ ਅਤੇ ਸਮਾਜ ਸੇਵਾ ਵਰਗੀਆਂ ਸਕਾਰਾਤਮਕ ਗਤੀਵਿਧੀਆਂ ਵਿੱਚ ਲਗਾਉਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਨੇ ਨੌਜਵਾਨਾਂ ਨੂੰ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਅਤੇ ਆਪਣੇ ਪਰਿਵਾਰ, ਦੋਸਤਾਂ ਅਤੇ ਸਮਾਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਲੇਖਾ ਅਤੇ ਪ੍ਰੋਗਰਾਮ ਸਹਾਇਕ ਰਿਸ਼ਿਵ ਸਿੰਗਲਾ, ਪ੍ਰੋ. ਜੈਸਮੀ, ਪ੍ਰੋ. ਨੀਰੂ ਜੇਠੀ ਆਦਿ ਹਾਜ਼ਰ ਸਨ।

ਮੈਡਮ ਆਂਸੂ ਬੈਸਟ ਟੀਚਰ ਐਵਾਰਡ ਨਾਲ ਸਨਮਾਨਿਤ

ਸ੍ਰੀ ਅਨੰਦਪੁਰ ਸਾਹਿਬ 21 ਸਤੰਬਰ (ਦਮਨ ਅਰੋੜਾ) ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀ ਮੈਥ ਮਿਸਟ੍ਰੈਸ ਮੈਡਮ ਆਂਸੂ ਨੂੰ ਚੀਫ਼ ਖਾਲਸਾ ਦੀਵਾਨ ਵੱਲੋਂ ਅਧਿਆਪਕ ਦਿਵਸ ਦੇ ਸਬੰਧ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਕਰਵਾਏ ਸਮਾਗਮ ਵਿੱਚ ਬੈਸਟ ਟੀਚਰ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸੇ ਸਬੰਧ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਸਕੂਲ ਦੀ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਮੈਡਮ ਆਂਸੂ ਨੂੰ ਸਨਮਾਨਿਤ ਕੀਤਾ ਤੇ ਮੁਬਾਰਕਬਾਦ ਦਿੱਤੀ।ਉਹਨਾਂ ਕਿਹਾ ਕਿ ਮੈਡਮ ਆਂਸੂ ਇਸ ਸਕੂਲ ਦੇ ਵਿੱਚ ਪਿਛਲੇ ਲੰਬੇ ਸਮੇਂ ਤੋਂ ਇੱਕ ਮਿਹਨਤੀ ਅਤੇ ਇਮਾਨਦਾਰ ਅਧਿਆਪਕਾ ਵੱਜੋਂ ਸੇਵਾਵਾਂ ਨਿਭਾਅ ਰਹੇ ਹਨ । ਉਹਨਾਂ ਨੂੰ ਇਹ ਸਨਮਾਨ ਮਿਲਣਾ ਸਕੂਲ ਲਈ ਮਾਣ ਵਾਲੀ ਗੱਲ ਹੈ। ਜ਼ਿਕਰਯੋਗ ਹੈ ਕਿ ਮੈਡਮ ਆਂਸੂ ਦੇ ਪਤੀ ਸ੍ਰੀ ਗਗਨ ਕੁਮਾਰ ਵੀ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਤੌਰ ਅਧਿਆਪਕ ਸੇਵਾਵਾਂ ਨਿਭਾ ਰਹੇ ਹਨ।ਸਕੂਲ ਦੇ ਸਮੂਹ ਸਟਾਫ ਵੱਲੋਂ ਵੀ ਮੈਡਮ ਆਂਸੂ ਨੂੰ ਮੁਬਾਰਕਬਾਦ ਦਿੱਤੀ ਗਈ। ਮੈਡਮ ਆਂਸੂ ਨੇ ਇਸ ਸਨਮਾਨ ਦੇ ਲਈ ਚੀਫ ਖਾਲਸਾ ਦੀਵਾਨ, ਮੈਂਬਰ ਇੰਚਾਰਜ ਸਾਹਿਬਾਨ ਡਾ. ਪ੍ਰਭਜੋਤ ਕੌਰ ਅਤੇ ਸ. ਇੰਦਰਜੀਤ ਸਿੰਘ,ਡਾਇਰੈਕਟਰ ਐਜੂਕੇਸ਼ਨ ਸ. ਗੁਰਮਿੰਦਰ ਸਿੰਘ ਭੁੱਲਰ, ਪ੍ਰਿੰਸੀਪਲ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ।ਇਸ ਮੌਕੇ ਰਣਜੋਧ ਸਿੰਘ ਡੀਪੀਈ, ਮੁਕੇਸ਼ ਕੁਮਾਰ, ਨਰਿੰਦਰ ਕੌਰ, ਕੰਵਲਜੀਤ ਕੌਰ, ਸ਼ਾਂਤੀ ਦੇਵੀ, ਸਤਿੰਦਰ ਕੌਰ,ਜਸਪ੍ਰੀਤ ਕੌਰ, ਸਪਨਾ ਰਾਣੀ, ਰਜਿੰਦਰ ਕੌਰ, ਮਮਤਾ ਦੇਵੀ,ਭੋਜੀ,ਬਲਦੀਪ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ, ਮੋਨਿਕਾ ਆਦਿ ਹਾਜ਼ਰ ਸੀ।

ਰੋਟਰੀ ਕਲੱਬ ਵੱਲੋਂ ਡਾਕਟਰ ਰਣਬੀਰ ਸਿੰਘ ਦਾ ਮਨਾਇਆ ਜਨਮਦਿਨ

ਸ੍ਰੀ ਅਨੰਦਪੁਰ ਸਾਹਿਬ, 21 ਸਤੰਬਰ (ਦਮਨ ਅਰੋੜਾ) ਭਾਈ ਜੈਤਾ ਜੀ ਸਿਵਲ ਹਸਪਤਾਲ ਵਿਖੇ ਵਿਖੇ ਤੈਨਾਤ ਮੈਡੀਕਲ ਅਫਸਰ ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਡਾਕਟਰ ਰਣਬੀਰ ਸਿੰਘ ਬੈਂਸ ਦਾ ਸਥਾਨਕ ਰੋਟਰੀ ਕਲੱਬ ਵੱਲੋਂ ਜਨਮ ਦਿਨ ਮਨਾਇਆ ਗਿਆ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਰੋਟਰੀ ਕਲੱਬ ਦੇ ਪ੍ਰਧਾਨ ਸੀਏ ਗੁਰਜਿੰਦਰ ਸਿੰਘ ਨੇ ਦੱਸਿਆ ਕਿ ਕਲੱਬ ਦੇ ਸੀਨੀਅਰ ਮੈਂਬਰ ਸਮਾਜ ਸੇਵੀ ਡਾਕਟਰ ਰਣਬੀਰ ਸਿੰਘ ਬੈਂਸ ਦਾ ਅੱਜ ਕਿ ਕੱਟ ਕੇ ਕਲੱਬ ਮੈਂਬਰਾਂ ਵੱਲੋਂ ਉਹਨਾਂ ਦਾ ਜਨਮਦਿਨ ਮਨਾਇਆ ਤੇ ਉਹਨਾਂ ਨੂੰ ਵਧਾਈਆਂ ਦਿੱਤੀਆਂ ਗਈਆਂ ਇਸ ਮੌਕੇ ਡਾਕਟਰ ਰਣਬੀਰ ਸਿੰਘ ਵੱਲੋਂ ਬੂਟੇ ਵੀ ਲਗਾਏ ਗਏ ਅਤੇ ਚਾਹ ਪਾਰਟੀ ਵੀ ਕੀਤੀ ਗਈ ਇਸ ਮੌਕੇ ਕਲੱਬ ਦੇ ਸਾਬਕਾ ਪ੍ਰਧਾਨ ਉੱਘੇ ਸਰਜਨ ਡਾਕਟਰ ਪੀ ਜੇ ਐਸ ਕੰਗ,ਸੁਖਵਿੰਦਰ ਪਾਲ ਸਿੰਘ,ਮਹਿੰਦਰ ਸਿੰਘ ਰਾਣਾ,ਜਸਪ੍ਰੀਤ ਸਿੰਘ ਅਰੋੜਾ,ਸੁਖਦੀਪ ਸਿੰਘ ਗੋਲਡੀ ਸਮੇਤ ਕਲੱਬ ਮੈਂਬਰ ਹਾਜ਼ਰ ਸਨ ਉਕਤ ਤੋਂ ਇਲਾਵਾ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਿੰਦਰ ਸਿੰਘ ਆਸਰਾ ਫਾਊਂਡੇਸ਼ਨ ਦੇ ਪ੍ਰਧਾਨ ਜਗਦੀਪ ਸਿੰਘ ਧਾਰੀਵਾਲ ਕੌਂਸਲਰ ਮੈਡਮ ਅਰਸ਼ਵਿੰਦਰ ਕੌਰ, ਮੈਡਮ ਸੋਨੀਆ ਸ਼ਰਮਾ ਉੱਘੇ ਸਮਾਜਸੇਵੀ ਰਾਜ ਘਈ, ਤਖਤ ਸਾਹਿਬ ਦੇ ਸਾਬਕਾ ਮੈਨੇਜਰ ਕਰਮ ਸਿੰਘ ਆਦਿ ਹਾਜਰ ਸਨ।

ਡੀ.ਏ.ਵੀ ਕਾਲਜ ਬਠਿੰਡਾ ਨੇ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ

ਬਿਠੰਡਾ 21 ਸਤੰਬਰ (ਰਾਣਾ ਸ਼ਰਮਾ) 12 ਸਤੰਬਰ 2026 ਨੂੰ ਪੋਸਟ ਗ੍ਰੈਜੂਏਟ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਨੇ ਪਹਿਲੇ ਸਾਲ ਦੇ ਬੀਬੀਏ ਅਤੇ ਐਮ.ਕਾਮ ਦੇ ਵਿਦਿਆਰਥੀਆਂ ਲਈ ਇੱਕ ਇੰਡਕਸ਼ਨ ਪ੍ਰੋਗਰਾਮ ਆਯੋਜਿਤ ਕੀਤਾ, ਜਿਸ ਵਿੱਚ ਲਗਭਗ 70 ਨਵੇਂ ਵਿਦਿਆਰਥੀ ਸ਼ਾਮਲ ਹੋਏ। ਇਹ ਸੈਸ਼ਨ ਉਨ੍ਹਾਂ ਨੂੰ ਕਾਲਜ ਦੇ ਅਕਾਦਮਿਕ ਵਾਤਾਵਰਣ, ਫੈਕਲਟੀ ਮੈਂਬਰਾਂ ਅਤੇ ਉਪਲਬਧ ਸਹੂਲਤਾਂ ਨਾਲ ਜਾਣੂ ਕਰਵਾਉਣ ਲਈ ਤਿਆਰ ਕੀਤਾ ਗਿਆ ਸੀ। ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਸ਼ਰਮਾ ਨੇ ਅਕਾਦਮਿਕ ਉੱਤਮਤਾ ਅਤੇ ਸਹਿ-ਪਾਠਕ੍ਰਮ ਸ਼ਮੂਲੀਅਤ ਲਈ ਇੱਕ ਸੰਤੁਲਿਤ ਪਹੁੰਚ ਬਣਾਈ ਰੱਖਣ ਦੀ ਮਹੱਤਤਾ ;ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਡੇ ਕਾਲਜ ਦੇ ਵਿਦਿਆਰਥੀ ਸਮਾਜ ਵਿੱਚ ਡੀ.ਏ.ਵੀ ਰਾਜਦੂਤ ਵਜੋਂ ਸੇਵਾ ਕਰਦੇ ਹਨ, ਸੰਸਥਾ ਦੀ ਵਿਰਾਸਤ ਅਤੇ ਕਦਰਾਂ-ਕੀਮਤਾਂ ਨੂੰ ਅੱਗੇ ਵਧਾਉਂਦੇ ਹਨ। ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਵਿਭਾਗ ਦੇ ਮੁਖੀ ਪ੍ਰੋ. ਵਿਕਾਸ ਕਾਟੀਆ ਨੇ ਅਧਿਐਨ ਦੇ ਕੋਰਸ ਦੀ ਚੋਣ ਕਰਦੇ ਸਮੇਂ ਸਪੱਸ਼ਟ ਉਦੇਸ਼ਾਂ ਦੀ ਮਹੱਤਤਾ ;ਤੇ ਜ਼ੋਰ ਦਿੱਤਾ। ਉਨ੍ਹਾਂ ਬੀਬੀਏ ਅਤੇ ਐਮ.ਕਾਮ ਪ੍ਰੋਗਰਾਮਾਂ ਦੇ ਨਾਲ-ਨਾਲ ਉਪਲਬਧ ਕੈਰੀਅਰ ਦੇ ਮੌਕਿਆਂ ਦੀ ਰੂਪਰੇਖਾ ਦਿੱਤੀ, ਅਤੇ ਇਹ ਉਜਾਗਰ ਕੀਤਾ ਕਿ ਕਿਵੇਂ, ਇਹਨਾਂ ਕੋਰਸਾਂ ਨੂੰ ਪੂਰਾ ਕਰਨ ਤੋਂ ਬਾਅਦ, ਗ੍ਰੈਜੂਏਟ ਸਫ਼ਲ ਕਾਰੋਬਾਰ ਬਣਾ ਸਕਦੇ ਹਨ ਜਾਂ ਇੱਕ ਵੱਡੇ ਅਤੇ ਵਧ ਰਹੇ ਗਾਹਕ ਅਧਾਰ ਦੀ ਸੇਵਾ ਕਰਦੇ ਹਨ, ਬਸ਼ਰਤੇ ਉਹ ਰਚਨਾਤਮਕ ਰਹਿਣ ਅਤੇ ਆਪਣੇ ਗਿਆਨ ਅਤੇ ਹੁਨਰ ਨੂੰ ਅੱਪ ਟੂ ਡੇਟ ਰੱਖਣ। ਡਾ. ਕੁਸਮ ਗੁਪਤਾ ਨੇ ਵਿਭਾਗ ਦੀ ਜਾਣ-ਪਛਾਣ ਕਰਵਾਈ, ਇਸਦੇ ਸਰੋਤਾਂ ਅਤੇ ਫੈਕਲਟੀ ਮੈਂਬਰਾਂ ;ਤੇ ਚਾਨਣਾ ਪਾਇਆ, ਅਤੇ ਪਿਛਲੇ ਅਕਾਦਮਿਕ ਸੈਸ਼ਨ ਦੌਰਾਨ ਵਿਭਾਗ ਦੁਆਰਾ ਕੀਤੀਆਂ ਗਈਆਂ ਮੁੱਖ ਗਤੀਵਿਧੀਆਂ ਅਤੇ ਪਹਿਲਕਦਮੀਆਂ ਦੀ ਸੰਖੇਪ ਜਾਣਕਾਰੀ ਦਿੱਤੀ। ਕੁਸ਼ੀ (ਬੀ.ਬੀ.ਏ.) ਅਤੇ ਪ੍ਰੀਤੀ (ਐਮ.ਕਾਮ.) ਦੁਆਰਾ ਪੇਸ਼ ਕੀਤੇ ਗਏ ਮਨਮੋਹਕ ਨਾਚ ਪ੍ਰਦਰਸ਼ਨਾਂ ਨੇ ਪ੍ਰੋਗਰਾਮ ਨੂੰ ਜੀਵੰਤਤਾ ਪ੍ਰਦਾਨ ਕੀਤੀ। ਉਤਸ਼ਾਹ ਅਤੇ ਜਸ਼ਨ ਦਾ ਮਾਹੌਲ ਬਣਾਇਆ। ਨਵੇਂ ਸ਼ੁਰੂ ਕੀਤੇ ਗਏ ਈ.ਐਮ.ਸੀ. ਕੋਰਸ ;ਤੇ ਵਿਦਿਆਰਥੀਆਂ ਲਈ ਇੱਕ ਵਿਹਾਰਕ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰਜਿਸਟ੍ਰੇਸ਼ਨ ਅਤੇ ਅਰਜ਼ੀ ਪ੍ਰਕਿਰਿਆ ;ਤੇ ਵਿਹਾਰਕ ਮਾਰਗਦਰਸ਼ਨ ਦਿੱਤਾ ਗਿਆ। ਕਾਰਵਾਈ ਦਾ ਸੰਚਾਲਨ ਪ੍ਰੋ. ਮੋਨਿਕਾ ਭਾਟੀਆ ਦੁਆਰਾ ਸੁਚਾਰੂ ਢੰਗ

ਸਰਦਾਰ ਚੜ੍ਹਤ ਸਿੰਘ ਦੀ ਬਹਾਦਰੀ ਤੇ ਨਿਸ਼ਾਨੇਬਾਜ਼ੀ ਦੀ ਮਹਾਨ ਵਿਰਾਸਤ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ: ਅਜੇਪਾਲ ਸਿੰਘ ਬਰਾੜ

ਫਰੀਦਕੋਟ, 21 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਬਾਬਾ ਫਰੀਦ ਆਗਮ ਪੁਰਬ ਦੇ ਮੌਕੇ 'ਤੇ ਮਿਸਲ ਸਤਲੁਜ ਪਾਰਟੀ ਵੱਲੋਂ ਕਰਵਾਇਆ ਗਿਆ ਤੀਜਾ ਸਰਦਾਰ ਚੜ੍ਹਤ ਸਿੰਘ ਨਿਸ਼ਾਨੇਬਾਜ਼ੀ ਕੱਪ 18 ਤੋਂ 21 ਸਤੰਬਰ ਤੱਕ ਸ਼ੂਟਿੰਗ ਰੇਂਜ, ਨਹਿਰੂ ਸਟੇਡੀਅਮ, ਫਰੀਦਕੋਟ ਵਿਖੇ ਕਰਵਾਇਆ ਗਿਆ। ਇਸ ਨਿਸ਼ਾਨੇਬਾਜ਼ੀ ਕੱਪ ਦੇ ਦੂਜੇ ਦਿਨ ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨਿਸ਼ਾਨੇਬਾਜ਼ੀ ਕੱਪ ਵਿੱਚ ਭਾਗ ਲੈ ਰਹੇ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਅਤੇ ਉਨ੍ਹਾਂ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕਰਨ ਲਈ ਪੁਜੇ। ਸਰਦਾਰ ਅਜੇਪਾਲ ਸਿੰਘ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਹੈ ਨਿਸ਼ਾਨੇਬਾਜ਼ੀ ਖੇਡ ਪ੍ਰਤੀ ਖਿਡਾਰੀਆਂ ਦੇ ਵੱਧ ਰਹੇ ਉਤਸ਼ਾਹ ਅਤੇ ਭਰਵੇਂ ਹੁੰਗਾਰੇ ਕਾਰਨ ਇਸ ਕੱਪ ਦੀ ਹਰ ਸਾਲ ਹਰਮਨਪਿਆਰਤਾ ਵਿੱਚ ਵਾਧਾ ਹੋ ਰਿਹਾ ਹੈ। ਉਨ੍ਹਾਂ ਦਸਿਆ ਕਿ ਇਸ ਸਾਲ ਪੰਜਾਬ ਤੋਂ ਇਲਾਵਾ ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ, ਦਿੱਲੀ, ਉੱਤਰ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ ਤੋਂ ਵੀ ਨਿਸ਼ਾਨੇਬਾਜ਼ਾਂ ਨੇ ਉਤਸ਼ਾਹ ਨਾਲ ਭਾਗ ਲਿਆ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਖਿਡਾਰੀਆਂ ਦੀ ਸ਼ਮੂਲੀਅਤ ਨੇ ਇਸ ਨਿਸ਼ਾਨੇਬਾਜ਼ੀ ਕੱਪ ਨੂੰ ਵਿਆਪਕ ਪੱਧਰ ਪ੍ਰਦਾਨ ਕੀਤਾ ਅਤੇ ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਸਾਂਝਾ ਮੰਚ ਮੁਹੱਈਆ ਕਰਵਾਇਆ। ਇਸ ਮੌਕੇ ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਸਰਦਾਰ ਚੜ੍ਹਤ ਸਿੰਘ ਸ਼ੂਕਰਚੱਕੀਆ ਦਾ ਨਾਮ ਸਿੱਖ ਇਤਿਹਾਸ ਵਿੱਚ ਬਹਾਦਰੀ, ਦਲੇਰੀ, ਦੂਰਅੰਦੇਸ਼ੀ ਅਤੇ ਨਿਸ਼ਾਨੇਬਾਜ਼ੀ ਦੀ ਬੇਮਿਸਾਲ ਮੁਹਾਰਤ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਚੜ੍ਹਤ ਸਿੰਘ ਸਿਰਫ਼ ਇੱਕ ਮਹਾਨ ਯੋਧਾ ਹੀ ਨਹੀਂ ਸਨ, ਸਗੋਂ ਉਹ ਅਜਿਹੇ ਦੂਰਦਰਸ਼ੀ ਸਿੱਖ ਜਰਨੈਲ ਸਨ ਜਿਨ੍ਹਾਂ ਨੇ ਮੁਸ਼ਕਲ ਹਾਲਾਤਾਂ ਵਿੱਚ ਹਿੰਮਤ, ਸੂਝ-ਬੂਝ ਅਤੇ ਜੰਗੀ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਨਿਸ਼ਾਨੇਬਾਜ਼ੀ ਕੱਪ ਵਿੱਚ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿੱਤ ਅਤੇ ਹਾਰ ਖੇਡ ਦਾ ਹਿੱਸਾ ਹਨ, ਪਰ ਅਸਲ ਜਿੱਤ ਕੱਪ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਪੱਧਰ 'ਤੇ ਕਰਵਾਇਆ ਜਾਵੇਗਾ ਅਤੇ ਦੇਸ਼ ਭਰ ਦੇ ਹੋਰ ਉਭਰਦੇ ਨਿਸ਼ਾਨੇਬਾਜ਼ ਇਸ ਨਾਲ ਜੁੜ ਕੇ ਪੰਜਾਬ ਦੀ ਖੇਡ ਸੱਭਿਆਚਾਰ ਅਤੇ ਮਹਾਨ ਸਿੱਖ ਵਿਰਾਸਤ ਨੂੰ ਹੋਰ ਮਜ਼ਬੂਤ ਕਰਨਗੇ। ਇਸ ਮੌਕੇ ਅਮਰਿਦਰ ਸਿੰਘ ਤੁੜ ਕਨਵੀਨਰ , ਰਣਪਿੰਦਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਫਰੀਦਕੋਟ, ਹਰਦੇਵ ਸਿੰਘ ਘਣੀਏ ਵਾਲਾ ਸਕੱਤਰ ਕਿਸਾਨ ਸੈੱਲ , ਸੁਖਰਾਜ ਸਿੰਘ, ਗੁਰਮੀਤ ਸਿੰਘ ਸੁਲਹਾਨੀ ,ਤਜਿੰਦਰ ਸਿੰਘ ਕੌਸੇਆਣਾ, ਹਰਜਿੰਦਰ ਸਿੰਘ ਸਹੋਤਾ, ,ਕਾਰਜ ਸਿੰਘ, ਸੁਖਜਿੰਦਰ ਸਿੰਘ ਰਾਏ , ਗੁਰਪ੍ਰੇਮ ਸਿੰਘ ਸਰਾਂ, ਜਸਨੂਰ ਸਿੰਘ ਬਰਾੜ, ਜਸਪ੍ਰੀਤ ਸਿੰਘ ਮਿੰਟਾ , ਜਤਿੰਦਰ ਸਿੰਘ ਸਹੋਤਾ ,ਯਤਨਜੀਤ ਸਿੰਘ ,ਵਿੱਕੀ ਗਰੋਵਰ ,ਰਾਜਪਾਲ ਸਿੰਘ ਸੰਧੂ, ਮਿੰਟੂ ਦੀਪ ਸਿੰਘ ਵਾਲਾ ਅਤੇ ਗੈਰੀ ਸੰਧੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

ਪੰਜਾਬ ਦੇ ਏਡਿਡ ਸਕੂਲ ਕਰਮਚਾਰੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਮਰਜਰ ਕੀਤਾ ਜਾਵੇ : ਹਰਵਿੰਦਰ

ਪਟਿਆਲਾ, 21 ਸਤੰਬਰ (ਰਾਜਿੰਦਰ ਸਿੰਘ ਥਿੰਦ): ਪੰਜਾਬ ਦੇ ਸਿੱਖਿਆ ਵਿਭਾਗ ਦੀਆਂ ਏਡਿਡ ਸਕੂਲ ਮਾਰੂ ਨੀਤੀਆਂ ਤੋਂ ਤੰਗ ਆ ਕੇ ਸਮੇਂ ਤੋਂ ਪਹਿਲਾਂ ਰਿਟਾਇਰਮੈਂਟ ਲੈਣ ਲਈ ਮਜਬੂਰ ਹੋ ਰਹੇ ਹਨ ਏਡਿਡ ਸਕੂਲ ਕਰਮਚਾਰੀ, ਇਹ ਗੱਲ ਪੰਜਾਬ ਪ੍ਰਦੇਸ਼ ਦੇ ਨੇਤਾ ਅਤੇ ਪਟਿਆਲਾ ਜ਼ਿਲ੍ਹਾ ਦੇ ਪ੍ਰਧਾਨ ਅਸ਼ਵਨੀ ਮਦਾਨ ਅਤੇ ਜ਼ਿਲ੍ਹਾ ਇਕਾਈ ਦੇ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਪ੍ਰੈਸ ਨੂੰ ਦੱਸਦਿਆਂ ਆਖੀ ਕਿ ਜਦੋਂ ਨੌਂ-ਨੌਂ ਮਹੀਨੇ ਤੱਕ ਭਰਪੂਰ ਮਿਹਨਤ ਕਰਨ ਦੇ ਬਾਵਜੂਦ ਤਨਖ਼ਾਹ ਨਾ ਮਿਲੇ, ਬੱਚਿਆਂ ਨੂੰ ਦੋ ਵੇਲੇ ਦੀ ਰੋਟੀ ਖੁਆਉਣਾ ਵੀ ਔਖਾ ਹੋ ਜਾਵੇ ਤਾਂ ਸਮੇਂ ਤੋਂ ਪਹਿਲਾਂ ਰਿਟਾਇਰਮੈਂਟ ਲੈਣਾ ਹੀ ਇੱਕੋ-ਇੱਕ ਬਦਲ ਬਚ ਜਾਂਦਾ ਹੈ ਅਤੇ ਪੰਜਾਬ ਦੇ ਏਡਿਡ ਸਕੂਲਾਂ ਦੇ ਹੁਣ ਤੱਕ ਸੈਂਕੜੇ ਕਰਮਚਾਰੀ ਸਮੇਂ ਤੋਂ ਪਹਿਲਾਂ ਹੀ ਆਪਣੀ ਰਿਟਾਇਰਮੈਂਟ ਲੈ ਚੁੱਕੇ ਹਨ ਅਤੇ ਕਈ ਇਸ ਬਾਰੇ ਗੰਭੀਰਤਾ ਨਾਲ ਵਿਚਾਰ ਕਰ ਰਹੇ ਹਨ। ਏਡਿਡ ਸਕੂਲਾਂ ਦੇ ਇਤਿਹਾਸ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਸਾਲ 1967 ਵਿੱਚ ਪੰਜਾਬ ਵਿੱਚ ਸ਼ੁਰੂ ਹੋਈ 95 ਪ੍ਰਤੀਸ਼ਤ ਸਹਾਇਤਾ-ਗ੍ਰਾਂਟ (ਗ੍ਰਾਂਟ-ਇਨ-ਏਡ) ਪ੍ਰਣਾਲੀ ਨੇ ਦਹਾਕਿਆਂ ਤੱਕ ਰਾਜ ਵਿੱਚ ਸਿੱਖਿਆ ਦੀ ਅਲਖ ਜਗਾਈ ਅਤੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਦਾ ਨਿਰਮਾਣ ਕੀਤਾ। ਜਿਸ ਸਾਂਝੇਦਾਰੀ ਮਾਡਲ ਨੇ ਕਦੇ ਪੰਜਾਬ ਦੇ ਕੋਨੇ-ਕੋਨੇ ਵਿੱਚ ਸਿੱਖਿਆ ਦਾ ਪਸਾਰ ਕੀਤਾ ਸੀ, ਅੱਜ ਉਹੀ ਏਡਿਡ (ਸਰਕਾਰੀ ਸਹਾਇਤਾ ਪ੍ਰਾਪਤ) ਸਕੂਲ ਪ੍ਰਸ਼ਾਸਨਿਕ ਅਣਦੇਖੀ, ਅਨਿਸ਼ਚਿਤਤਾ ਅਤੇ ਡੂੰਘੇ ਵਿੱਤੀ ਸੰਕਟ ਨਾਲ ਜੂਝ ਰਹੇ ਹਨ। ਤਨਖ਼ਾਹ ਦਾ ਸੰਕਟ: ਰਾਜ ਦੇ ਵੱਖ-ਵੱਖ ਏਡਿਡ ਸਕੂਲਾਂ ਦੇ ਲਗਭਗ 1,400 ਅਧਿਆਪਕ ਅਤੇ ਨੌਨ-ਟੀਚਿੰਗ ਕਰਮਚਾਰੀ ਪਿਛਲੇ 9 ਤੋਂ 18 ਮਹੀਨਿਆਂ ਤੋਂ ਤਨਖ਼ਾਹ ਨਾ ਮਿਲਣ ਕਾਰਨ ਭਾਰੀ ਆਰਥਿਕ ਤੰਗੀ ਝੱਲ ਰਹੇ ਹਨ। ਬਿਨਾਂ ਤਨਖ਼ਾਹ ਦੇ ਪਰਿਵਾਰ ਚਲਾਉਣਾ, ਬੱਚਿਆਂ ਦੀ ਸਿੱਖਿਆ ਦਾ ਖ਼ਰਚਾ ਅਤੇ ਇਲਾਜ ਦੇ ਖ਼ਰਚੇ ਪੂਰੇ ਕਰਨਾ ਬੇਹੱਦ ਦੁਖਦਾਈ ਹੋ ਗਿਆ ਹੈ।ਪ੍ਰਸ਼ਾਸਨਿਕ ਸਰੋਤਾਂ ਦੀ ਬਚਤ ਅਤੇ ਸਹੀ ਵਰਤੋਂ: ਪੂਰੇ ਰਾਜ ਵਿੱਚ ਏਡਿਡ ਸਕੂਲਾਂ ਦੇ ਮਾਮਲਿਆਂ ਦੀ ਦੇਖਭਾਲ ਲਈ ਤਾਇਨਾਤ 150 ਤੋਂ ਵੱਧ ਸਰਕਾਰੀ ਅਧਿਕਾਰੀ ਅਤੇ ਕਰਮਚਾਰੀ ਇਸ ਕੰਮ ਤੋਂ ਮੁਕਤ ਹੋ ਜਾਣਗੇ। ਸਰਕਾਰ ਉਨ੍ਹਾਂ ਦੀਆਂ ਸੇਵਾਵਾਂ ਦੀ ਵਰਤੋਂ ਹੋਰ ਅਹਿਮ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਵਿੱਚ ਕਰ ਸਕੇਗੀ। ਇੱਕੋ-ਇੱਕ ਹੱਲ ਅਤੇ ਵਾਅਦੇ ਦੀ ਪੂਰਤੀ: ਜ਼ਿਲ੍ਹਾ ਇਕਾਈ ਦੇ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਅਤੇ ਸੱਤਾਧਾਰੀ ਪਾਰਟੀ ਨੇ ਆਪਣੇ ਚੋਣ ਮਨੋਰਥ ਪੱਤਰ ਵਿੱਚ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ 'ਤੇ ਏਡਿਡ ਸਕੂਲ ਕਰਮਚਾਰੀਆਂ ਨੂੰ ਸਰਕਾਰੀ ਕਰਮਚਾਰੀਆਂ ਦੇ ਸਮਾਨ ਸਾਰੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ। ਸਾਢੇ ਚਾਰ ਸਾਲ ਤੋਂ ਵੱਧ ਦਾ ਸਮਾਂ ਬੀਤ ਜਾਣ ਤੋਂ ਬਾਅਦ, ਹੁਣ ਸਰਕਾਰ ਨੂੰ ਆਪਣਾ ਵਾਅਦਾ ਪੂਰਾ ਕਰਨਾ ਚਾਹੀਦਾ ਹੈ। ਇਹਨਾਂ 1,400 ਕਰਮਚਾਰੀਆਂ ਦਾ ਸਰਕਾਰੀ ਸਕੂਲਾਂ ਵਿੱਚ ਵਿਲੈਅ (ਮਰਜਰ) ਕਰਨ ਨਾਲ ਰਾਜ ਸਰਕਾਰ ਦਾ ਚੋਣ ਵਾਅਦਾ ਵੀ ਪੂਰਾ ਹੋਵੇਗਾ ਅਤੇ ਏਡਿਡ ਸਕੂਲਾਂ ਦੀਆਂ ਵਿੱਤੀ, ਪ੍ਰਸ਼ਾਸਨਿਕ ਅਤੇ ਪੈਨਸ਼ਨ ਸੰਬੰਧੀ ਸਮੁੱਚੀਆਂ ਸਮੱਸਿਆਵਾਂ ਹਮੇਸ਼ਾ ਲਈ ਖ਼ਤਮ ਹੋ ਜਾਣਗੀਆਂ। ਸਰਕਾਰ ਨੂੰ ਬਿਨਾਂ ਕਿਸੇ ਦੇਰੀ ਦੇ ਇਸ ਫ਼ੈਸਲੇ ਦੀ ਨੋਟੀਫਿਕੇਸ਼ਨ ਜਾਰੀ ਕਰਨੀ ਚਾਹੀਦੀ ਹੈ

ਜ਼ਿਲ੍ਹੇ ਦੇ ਕਿਸਾਨ ਆਪਣੀ ਝੋਨੇ ਦੀ ਫਸਲ ਪੂਰੀ ਤਰ੍ਹਾਂ ਪਕਾ ਕੇ ਹੀ ਮੰਡੀ ਵਿਚ ਲੈ ਲਿਆਉਣ

ਫਾਜ਼ਿਲਕਾ, 21 ਸਤੰਬਰ (ਮਨੋਜ ਕੁਮਾਰ): ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਝੋਨੇ ਦੀ ਫਸਲ ਨੂੰ ਪੂਰੀ ਤਰ੍ਹਾਂ ਪਕਾ ਕੇ ਹੀ ਕਟਵਾਉਣ ਤੇ ਕੇਵਲ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਲਈ ਪੂਰੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਫਾਜ਼ਿਲਕਾ ਜ਼ਿਲ੍ਹੇ ਵਿੱਚ ਇਸ ਵਾਰ 100 ਮੰਡੀਆਂ ਝੋਨੇ ਦੀ ਖਰੀਦ ਲਈ ਨੋਟੀਫਾਈ ਕੀਤੀਆਂ ਗਈਆਂ ਹਨ। ਹਰ ਕੇਂਦਰ 'ਤੇ ਕਿਸਾਨਾਂ ਦੀ ਸਹੂਲਤ ਲਈ ਪੂਰੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਉਹਨਾਂ ਦੀ ਫਸਲ ਦੀ ਅਦਾਇਗੀ ਵੱਧ ਤੋਂ ਵੱਧ 48 ਘੰਟਿਆਂ ਅੰਦਰ ਕੀਤੀ ਜਾਵੇਗੀ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਖਰੀਦ ਦੇ ਸਮੇਂ ਝੋਨਾ ਫਸਲ ਵਿੱਚ ਨਮੀ ਦੀ ਮਾਤਰਾ ਸਰਕਾਰ ਵੱਲੋਂ ਨਿਰਧਾਰਤ ਮਿਆਰ ਅਨੁਸਾਰ 17 ਫੀਸਦੀ ਤੱਕ ਹੀ ਹੋਣੀ ਚਾਹੀਦੀ ਹੈ। ਇਸ ਲਈ ਕਿਸਾਨ ਆਪਣੀ ਫਸਲ ਪੂਰੀ ਤਰ੍ਹਾਂ ਸੁਕਾ ਕੇ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਹਨਾਂ ਨੂੰ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਕਿਹਾ ਕਿ ਜਦ ਜਿਆਦਾ ਨਮੀ ਵਾਲੀ ਫਸਲ ਮੰਡੀ ਵਿਚ ਆਉਂਦੀ ਹੈ ਤਾਂ ਇਸ ਨਾਲ ਖਰੀਦ ਪ੍ਰਕ੍ਰਿਆ ਵਿਚ ਦੇਰੀ ਹੁੰਦੀ ਹੈ ਕਿਸਾਨਾਂ ਨੂੰ ਵੀ ਮੁਸਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਜਰੂਰੀ ਹੈ ਕਿ ਫਸਲ ਦੀ ਕਟਾਈ ਹੀ ਫਸਲ ਦੇ ਪੂਰੀ ਤਰਾਂ ਪੱਕ ਜਾਣ ਤੇ ਕੀਤੀ ਜਾਵੇ ਅਤੇ ਮੰਡੀ ਵਿਚ ਸੁੱਕੀ ਫਸਲ ਹੀ ਲਿਆਂਦੀ ਜਾਵੇ।

ਖੇਤ 'ਚੋਂ ਤਿੰਨ ਸੋਲਰ ਮੋਟਰਾਂ ਚੋਰੀ, ਅਣਪਛਾਤੇ ਵਿਅਕਤੀ ਖ਼ਿਲਾਫ਼ ਕੇਸ ਦਰਜ

ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਆਦੇਸ਼): ਪਿੰਡ ਵੜਿੰਗ ਖੇੜਾ ਰੋਡ 'ਤੇ ਸਥਿਤ ਖੇਤ ਵਿੱਚੋਂ ਤਿੰਨ ਸੋਲਰ ਮੋਟਰਾਂ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਪੁਲਿਸ ਨੇ ਅਣਪਛਾਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੇ ਬਿਆਨ ਵਿੱਚ ਸ਼ਿਕਾਇਤਕਰਤਾ ਨੇ ਦੱਸਿਆ ਕਿ 18 ਸਤੰਬਰ 2026 ਨੂੰ ਉਹ ਆਪਣੇ ਖੇਤ ਵਿੱਚ ਗਿਆ ਤਾਂ ਦੇਖਿਆ ਕਿ ਖੇਤ ਵਿੱਚ ਲੱਗੀਆਂ ਤਿੰਨ ਸੋਲਰ ਮੋਟਰਾਂ ਵਿੱਚੋਂ ਤਿੰਨੋਂ ਮੋਟਰਾਂ ਕੋਈ ਅਣਪਛਾਤਾ ਵਿਅਕਤੀ ਚੋਰੀ ਕਰਕੇ ਲੈ ਗਿਆ ਸੀ। ਉਸ ਵੱਲੋਂ ਆਪਣੇ ਪੱਧਰ 'ਤੇ ਚੋਰੀ ਕਰਨ ਵਾਲੇ ਵਿਅਕਤੀ ਦੀ ਭਾਲ ਕੀਤੀ ਗਈ, ਪਰ ਉਸ ਬਾਰੇ ਕੋਈ ਪਤਾ ਨਹੀਂ ਲੱਗ ਸਕਿਆ। ਇਸ ਤੋਂ ਬਾਅਦ ਪੁਲਿਸ ਨੂੰ ਦਿੱਤੀ ਸ਼ਿਕਾਇਤ ਦੇ ਆਧਾਰ 'ਤੇ ਅਣਪਛਾਤੇ ਵਿਅਕਤੀ ਖ਼ਿਲਾਫ਼ ਬੀਐਨਐਸ ਦੀ ਧਾਰਾ 303 (2) ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਚੋਰੀ ਹੋਈਆਂ ਸੋਲਰ ਮੋਟਰਾਂ ਅਤੇ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ।

ਲੋੜਵੰਦ ਧੀ ਦੇ ਵਿਆਹ ਲਈ ਅੱਗੇ ਵਧੇ ਹੱਥ, ਸਾਧ ਸੰਗਤ ਨੇ ਦਿੱਤਾ ਘਰ-ਗ੍ਰਹਿਸਥੀ ਦਾ ਲੋੜੀਂਦਾ ਸਾਮਾਨ

ਨਾਭਾ, 21 ਸਤੰਬਰ (ਰਾਕੇਸ਼ ਜਿੰਦਲ): ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਦਾ ਮੌਕਾ ਜਿੱਥੇ ਖੁਸ਼ੀਆਂ ਲੈ ਕੇ ਆਉਂਦਾ ਹੈ, ਉੱਥੇ ਆਰਥਿਕ ਤੰਗੀ ਨਾਲ ਜੂਝ ਰਹੇ ਪਰਿਵਾਰ ਲਈ ਇਹ ਸਮਾਂ ਕਈ ਚਿੰਤਾਵਾਂ ਵੀ ਨਾਲ ਲਿਆਉਂਦਾ ਹੈ। ਅਜਿਹੇ ਵਿੱਚ ਜਦੋਂ ਕੋਈ ਪਰਿਵਾਰ ਦੀ ਧੀ ਨੂੰ ਆਪਣੀ ਧੀ ਸਮਝ ਕੇ ਉਸ ਦੀ ਖੁਸ਼ੀ ਵਿੱਚ ਸਹਿਯੋਗੀ ਬਣੇ ਤਾਂ ਇਹ ਸਹਾਇਤਾ ਸਿਰਫ਼ ਸਾਮਾਨ ਦੇਣ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਮੁਸ਼ਕਲ ਘੜੀ ਵਿੱਚ ਇੱਕ ਵੱਡਾ ਸਹਾਰਾ ਬਣ ਜਾਂਦੀ ਹੈ।ਨਾਭਾ ਵਿੱਚ ਅਜਿਹਾ ਹੀ ਮਨੁੱਖਤਾ ਭਰਿਆ ਉਪਰਾਲਾ ਬਲਾਕ ਨਾਭਾ ਦੇ ਡੇਰਾ ਸੱਚਾ ਸੌਦਾ ਸਰਸਾ ਦੀ ਸਾਧ ਸੰਗਤ ਵੱਲੋਂ ਕੀਤਾ ਗਿਆ। ਸਾਧ ਸੰਗਤ ਨੇ ਇੱਕ ਲੋੜਵੰਦ ਲੜਕੀ ਦੇ ਵਿਆਹ ਲਈ ਘਰ-ਗ੍ਰਹਿਸਥੀ ਦਾ ਲੋੜੀਂਦਾ ਸਾਮਾਨ ਮੁਹੱਈਆ ਕਰਵਾਉਂਦਿਆਂ ਪਰਿਵਾਰ ਦੀਆਂ ਕਈ ਜ਼ਰੂਰਤਾਂ ਦਾ ਬੋਝ ਹਲਕਾ ਕਰਨ ਦਾ ਯਤਨ ਕੀਤਾ। ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਇੰਸਾ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ ਕੀਤੇ ਗਏ ਇਸ ਉਪਰਾਲੇ ਤਹਿਤ ਲੜਕੀ ਨੂੰ ਆਪਣੀ ਧੀ ਸਮਝਦਿਆਂ ਵਿਆਹ ਲਈ ਵੱਡੀ ਗਿਣਤੀ ਵਿੱਚ ਘਰੇਲੂ ਸਾਮਾਨ ਦਿੱਤਾ ਗਿਆ। ਇਸ ਮੌਕੇ ਡੇਰਾ ਸੱਚਾ ਸੌਦਾ ਸਟੇਟ ਕਮੇਟੀ ਦੇ ਮੈਂਬਰ ਵਿਜੇ ਇੰਸਾ ਅਤੇ ਕੁਲਦੀਪ ਇੰਸਾ ਨੇ ਦੱਸਿਆ ਕਿ ਡੇਰਾ ਸੱਚਾ ਸੌਦਾ ਸਰਸਾ ਦੀ ਸਾਧ ਸੰਗਤ ਵੱਲੋਂ ਮਨੁੱਖਤਾ ਦੀ ਭਲਾਈ ਨਾਲ ਜੁੜੇ ਵੱਖ-ਵੱਖ ਸੇਵਾ ਕਾਰਜ ਕੀਤੇ ਜਾਂਦੇ ਹਨ। ਵਿਆਹ ਲਈ ਸਾਮਾਨ ਭੇਟ ਕਰਨ ਦੇ ਮੌਕੇ ਛੀਟਾਵਾਲਾ ਪੁਲਿਸ ਚੌਕੀ ਦੇ ਇੰਚਾਰਜ ਚਮਕੌਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਸਾਧ ਸੰਗਤ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿੱਚ ਜੇਕਰ ਹਰ ਵਿਅਕਤੀ ਆਪਣੀ ਸਮਰੱਥਾ ਅਨੁਸਾਰ ਲੋੜਵੰਦਾਂ ਦੀ ਮਦਦ ਲਈ ਅੱਗੇ ਆਵੇ ਤਾਂ ਕਈ ਪਰਿਵਾਰਾਂ ਦੀਆਂ ਮੁਸ਼ਕਲਾਂ ਘਟ ਸਕਦੀਆਂ ਹਨ। ਇਸ ਮੌਕੇ ਵਿਆਹ ਵਾਲੀ ਲੜਕੀ ਵੀ ਭਾਵੁਕ ਹੋ ਗਈ। ਉਸ ਨੇ ਸਾਧ ਸੰਗਤ ਅਤੇ ਪੂਜਨੀਕ ਗੁਰੂ ਜੀ ਦਾ ਧੰਨਵਾਦ ਕਰਦਿਆਂ ਕਿਹਾ, "ਤੁਸੀਂ ਮੇਰੇ ਵਿਆਹ ਦਾ ਸਾਮਾਨ ਦੇ ਕੇ ਆਪਣੇ ਪਿਤਾ ਹੋਣ ਦਾ ਫਰਜ਼